ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 2 ਮਈ 2024 (ਨਾਨਕਸ਼ਾਹੀ ਸੰਮਤ : ੫੫੬, ੨੦ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸਲਮਾਨ ਖਾਨ ਦੇ ਘਰ ਦੇ ਸਾਹਮਣੇ ਫਾਇਰਿੰਗ ਕਰਨ ਵਾਲੇ ਦੋਸ਼ੀ ਨੇ ਜੇਲ੍ਹ 'ਚ ਕੀਤੀ ਖ਼ੁਦਕੁਸ਼ੀ

**ਮੁੰਬਈ, 1 ਮਈ (ਆਵਾਜ਼ਿ ਕੌਮ ਬਿਊਰੋ)**-ਬਾਲੀਵੁੱਡ ਸਟਾਰ ਸਲਮਾਨ ਖਾਨ ਦੇ ਬਾਂਦਰਾ ਸਥਿਤ ਘਰ ਦੇ ਸਾਹਮਣੇ



ਫਾਇਰਿੰਗ ਕਰਨ ਵਾਲੇ ਇਕ ਦੋਸ਼ੀ ਨੇ ਮੁੰਬਈ ਪੁਲਸ ਦੀ ਅਪਰਾਧ ਸ਼ਾਖਾ ਦੀ ਜੇਲ੍ਹ 'ਚ ਬੁੱਧਵਾਰ ਨੂੰ ਖ਼ੁਦਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ ਅਤੇ ਹਸਪਤਾਲ ਲਿਜਾਂਦੇ ਸਮੇਂ ਉਸ ਦੀ ਮੌਤ ਹੋ ਗਈ। ਇਕ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀ ਨੇ ਦੱਸਿਆ ਕਿ ਦੋਸ਼ੀ 23 ਸਾਲਾ ਅਨੁਜ ਥਾਪਨ ਨੇ ਜੇਲ੍ਹ ਦੇ ਟਾਇਲਟ 'ਚ ਫਾਹਾ ਲੈ ਲਿਆ। ਥਾਪਨ ਨੂੰ ਸਰਕਾਰੀ ਜੀਟੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਇਲਾਜ ਦੌਰਾਨ ਉਸ ਨੂੰ ਮ੍ਰਿਤਕ ਐਲਾਨ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਮਾਮਲੇ 'ਚ ਦੱਖਣ ਮੁੰਬਈ ਦੇ ਆਜ਼ਾਦ ਮੈਦਾਨ 'ਚ ਹਾਦਸੇ ਨਾਲ ਮੌਤ ਦਾ ਮਾਮਲਾ ਦਰਜ ਕੀਤਾ ਗਿਆ ਹੈ। ਪੁਲਸ ਨੇ ਦੱਸਿਆ ਕਿ ਥਾਪਨ ਮੂਲ ਰੂਪ ਨਾਲ ਪੰਜਾਬ ਦਾ ਰਹਿਣ ਵਾਲਾ ਸੀ ਅਤੇ ਉਸ ਨੂੰ ਸੋਨੂੰ ਕੁਮਾਰ ਬਿਸ਼ਨੋਈ ਨਾਲ ਸ਼ੂਟਰ ਸਾਗਰ ਪਾਲ ਅਤੇ ਵਿੱਕੀ ਗੁਪਤਾ ਨੂੰ ਹਥਿਆਰਾਂ ਦੀ ਸਪਲਾਈ ਕਰਨ ਦੇ ਦੋਸ਼ 'ਚ ਗ੍ਰਿਫ਼ਤਾਰ ਕੀਤਾ ਗਿਆ ਸੀ। ਪਾਲ ਅਤੇ ਗੁਪਤਾ ਨੂੰ ਪਹਿਲੇ ਹੀ ਗ੍ਰਿਫ਼ਤਾਰ ਕੀਤਾ ਜਾ ਚੁੱਕਿਆ ਹੈ।

## ਅਮਰੀਕੀ ਮੀਡੀਆ ਦਾ ਦਾਅਵਾ

# ਗੈਂਗਸਟਰ ਗੋਲਡੀ ਬਰਾੜ ਦਾ ਗੋਲੀਆਂ ਮਾਰ ਕੇ ਕਤਲ ?

**ਵਾਸ਼ਿੰਗਟਨ, 1 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਕੇਸ ਦੇ ਮੁੱਖ ਮੁਲਜ਼ਮ ਗੈਂਗਸਟਰ ਗੋਲਡੀ ਬਰਾੜ ਦੀ ਮੌਤ ਬਾਰੇ ਚਰਚਾ ਚੱਲ ਰਹੀ ਹੈ। ਮੀਡੀਆ ਰਿਪੋਰਟਾਂ ਮੁਤਾਬਕ ਅਮਰੀਕਾ ਵਿੱਚ ਗੋਲਡੀ ਬਰਾੜ ਨੂੰ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਹੈ। ਇੱਕ ਅਮਰੀਕੀ ਨਿਊਜ਼



ਚੈਨਲ ਨੇ ਦਾਅਵਾ ਕੀਤਾ ਹੈ ਕਿ ਗੋਲਡੀ ਬਰਾੜ ਨੂੰ ਮੰਗਲਵਾਰ ਸ਼ਾਮ 5:25 ਵਜੇ ਅਮਰੀਕਾ ਦੇ ਫੇਅਰਮੌਂਟ ਤੇ ਹੋਲਟ ਐਵੇਨਿਊ ਵਿੱਚ ਗੋਲੀ ਮਾਰ ਦਿੱਤੀ ਗਈ। ਉਂਝ ਅਜੇ ਤੱਕ ਇਸ ਖਬਰ ਦੀ ਪੁਸ਼ਟੀ ਨਹੀਂ ਹੋ ਸਕੀ। ਮੀਡੀਆ ਰਿਪੋਰਟ ਮੁਤਾਬਕ ਗੋਲਡੀ ਬਰਾੜ ਆਪਣੇ ਇੱਕ ਦੋਸਤ ਨਾਲ ਘਰ ਦੇ ਬਾਹਰ ਗਲੀ ਵਿੱਚ ਖੜ੍ਹਾ ਸੀ। ਇਸ ਦੌਰਾਨ ਕੁਝ ਅਣਪਛਾਤੇ ਲੋਕ ਆਏ ਤੇ ਗੋਲੀਆਂ ਚਲਾ ਕੇ ਫਰਾਰ ਹੋ ਗਏ। ਅਮਰੀਕੀ ਚੈਨਲ ਨੇ ਪੁਲਿਸ ਅਧਿਕਾਰੀ ਲੈਸਲੇ ਵਿਲੀਅਮਜ਼ ਦੇ ਹਵਾਲੇ ਨਾਲ ਦਾਅਵਾ ਕੀਤਾ ਕਿ ਦੋ ਲੋਕਾਂ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ ਜਿਨ੍ਹਾਂ ਵਿੱਚੋਂ ਇੱਕ ਦੀ ਮੌਤ ਹੋ ਗਈ ਹੈ। ਇਹ ਵੀ ਚਰਚਾ ਹੈ ਕਿ ਗੋਲਡੀ ਬਰਾੜ ਦੇ ਵਿਰੋਧੀ ਗੈਂਗਸਟਰ ਅਰਸ਼ ਡੱਲਾ ਤੇ ਲਖਬੀਰ ਨੇ ਗੋਲਡੀ ਦੇ ਕਤਲ ਦੀ ਜ਼ਿੰਮੇਵਾਰੀ ਲਈ ਹੈ। ਦੋਵਾਂ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਨੇ ਦੁਸ਼ਮਣੀ ਕਾਰਨ ਗੋਲਡੀ 'ਤੇ ਗੋਲੀਆਂ ਚਲਾਈਆਂ। ਫਿਲਹਾਲ ਇਸ 'ਤੇ ਲਾਰੈਂਸ ਗੈਂਗ ਜਾਂ ਕਿਸੇ ਹੋਰ ਗੈਂਗਸਟਰ ਵੱਲੋਂ ਕੋਈ ਪ੍ਰਤੀਕਿਰਿਆ ਨਹੀਂ ਆਈ। ਦੱਸ ਦਈਏ ਕਿ ਗੋਲਡੀ ਬਰਾੜ ਪੰਜਾਬ ਦੇ ਸ੍ਰੀ ਮੁਕਤਸਰ ਸਾਹਿਬ ਦਾ ਵਸਨੀਕ ਹੈ। ਉਸ ਦਾ ਜਨਮ ਸਾਲ 1994 ਵਿੱਚ ਹੋਇਆ ਸੀ। ਮਾਪਿਆਂ ਨੇ ਉਸ ਦਾ ਨਾਂ ਸਤਵਿੰਦਰ ਸਿੰਘ ਰੱਖਿਆ ਸੀ। ਪਿਤਾ ਪੁਲਿਸ ਵਿੱਚ ਸਬ-ਇੰਸਪੈਕਟਰ ਸਨ। ਉਹ ਆਪਣੇ ਬੇਟੇ ਨੂੰ ਪੜ੍ਹਾ-ਲਿਖਾ ਕੇ ਕਾਬਲ ਬਣਾਉਣਾ ਚਾਹੁੰਦੇ ਸੀ ਪਰ ਸਤਵਿੰਦਰ ਉਰਫ ਗੋਲਡੀ ਨੇ ਜੁਰਮ ਦਾ ਰਾਹ ਚੁਣ ਲਿਆ। ਗੋਲਡੀ ਬਰਾੜ ਦੇ ਚਚੇਰੇ ਭਰਾ ਗੁਰਲਾਲ ਬਰਾੜ ਦਾ ਚੰਡੀਗੜ੍ਹ ਵਿੱਚ ਕਤਲ ਕਰ ਦਿੱਤਾ ਗਿਆ ਸੀ। ਗੁਰਲਾਲ ਨੂੰ 11 ਅਕਤੂਬਰ 2020 ਦੀ ਰਾਤ ਨੂੰ ਇੰਡਸਟਰੀਅਲ ਏਰੀਆ ਫੇਜ਼-1 ਸਥਿਤ ਕਲੱਬ ਦੇ ਬਾਹਰ ਗੋਲੀ ਮਾਰ ਦਿੱਤੀ ਗਈ ਸੀ। ਉਹ ਪੰਜਾਬ ਯੂਨੀਵਰਸਿਟੀ ਦਾ ਵਿਦਿਆਰਥੀ ਆਗੂ ਸੀ। ਗੁਰਲਾਲ ਬਰਾੜ ਲਾਰੈਂਸ ਬਿਸ਼ਨੋਈ ਦੇ ਸਭ ਤੋਂ ਕਰੀਬੀ ਸੀ। ਗੁਰਲਾਲ ਬਰਾੜ ਤੇ ਲਾਰੈਂਸ ਪੰਜਾਬ ਯੂਨੀਵਰਸਿਟੀ ਦੀ ਵਿਦਿਆਰਥੀ ਜਥੇਬੰਦੀ ਨਾਲ ਜੁੜੇ ਸੀ। ਗੁਰਲਾਲ ਬਰਾੜ ਦੇ ਕਤਲ ਤੋਂ ਬਾਅਦ ਲਾਰੈਂਸ ਗੈਂਗ ਨੇ ਸੋਸ਼ਲ ਮੀਡੀਆ 'ਤੇ ਲਿਖਿਆ ਸੀ ਕਿ ਹੁਣ ਨਵੀਂ ਜੰਗ ਸ਼ੁਰੂ ਹੋ ਗਈ ਹੈ, ਸੜਕਾਂ 'ਤੇ ਖੂਨ ਨਹੀਂ ਸੁੱਕੇਗਾ।

## ਦਲਵੀਰ ਗੋਲਡੀ 'ਆਪ' 'ਚ ਸ਼ਾਮਲ, ਕਿਹਾ: ਸੈਲਫ ਰਿਸਪੈਕਟ ਲਈ ਛੱਡੀ ਕਾਂਗਰਸ

**ਚੰਡੀਗੜ੍ਹ, 1 ਮਈ (ਆਵਾਜ਼ਿ ਕੌਮ ਬਿਊਰੋ)**-ਧੂਰੀ ਤੋਂ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਗਏ ਹਨ। ਮੁੱਖ ਮੰਤਰੀ ਭਗਵੰਤ ਮਾਨ ਨੇ ਖੁਦ ਗੋਲਡੀ ਨੂੰ ਆਮ ਆਦਮੀ ਪਾਰਟੀ ਵਿਚ ਸ਼ਾਮਲ ਕਰਵਾਇਆ ਹੈ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਪਰਿਵਾਰ ਵਿਚ ਬਹੁਤ ਨੌਜਵਾਨ, ਜੋਸ਼ੀਲਾ ਤੇ ਮਿਹਨਤ ਕਰਨ ਵਾਲਾ ਆਗੂ ਸ਼ਾਮਲ ਹੋਇਆ ਹੈ। ਪਰਿਵਾਰ ਸਮੇਤ ਪਾਰਟੀ ਵਿਚ ਸ਼ਾਮਲ ਹੋਏ ਦਲਵੀਰ ਗੋਲਡੀ ਦਾ ਉਹ ਸਵਾਗਤ ਕਰਦੇ ਹਨ। ਮਾਨ ਨੇ ਕਿਹਾ ਕਿ ਪੰਜਾਬ ਨੂੰ ਰੰਗਲਾ ਪੰਜਾਬ ਬਨਾਉਣ ਦਾ ਜਿਹੜਾ ਸੁਫਨਾ ਅਸੀਂ ਲਿਆ ਹੈ, ਉਸ ਲਈ ਬਹੁਤ ਸਾਰੇ ਇਮਾਨਦਾਰ ਤੇ ਪੰਜਾਬ ਨੂੰ ਪਿਆਰ ਕਰਨ ਵਾਲੇ ਲੋਕਾਂ ਦੀ ਲੋੜ ਹੈ। ਅਰਵਿੰਦ ਕੇਜਰੀਵਾਲ ਨੇ ਜਦੋਂ ਆਮ ਆਦਮੀ ਪਾਰਟੀ ਬਣਾਈ ਤਾਂ ਕਿਹਾ ਕਿ ਦੂਜੀਆਂ ਪਾਰਟੀਆਂ ਵਿਚ ਵੀ ਚੰਗੇ ਲੋਕ ਹਨ, ਜਿਨ੍ਹਾਂ ਦੀ ਜਾਂ ਤਾਂ ਸੁਣੀ ਨਹੀਂ ਜਾਂਦੀ ਜਾਂ ਉਨ੍ਹਾਂ ਨੂੰ ਖੂੰਝੇ ਲਗਾ ਦਿੱਤਾ ਜਾਂਦਾ ਹੈ, ਅਜਿਹੇ ਆਗੂ ਵੀ ਸਾਡੀ ਪਾਰਟੀ ਵਿਚ ਆ ਕੇ ਦੇਸ਼ ਜਾਂ ਪੰਜਾਬ ਪ੍ਰਤੀ ਲਏ ਆਪਣੇ ਸੁਫਨੇ ਪੂਰੇ ਕਰ ਸਕਦੇ ਹਨ। ਮਾਨ ਨੇ ਕਿਹਾ ਕਿ ਦਲਵੀਰ ਗੋਲਡੀ ਸਟੂਡੈਂਟ ਸਿਆਸਤ ਤੋਂ ਉਠੇ ਅਤੇ ਮਿਹਨਤ ਨਾਲ ਕਾਂਗਰਸ ਵਿਚ ਵੱਡੀ ਥਾਂ ਬਣਾਈ ਪਰ ਇਸ ਦੇ ਬਾਵਜੂਦ ਉਨ੍ਹਾਂ ਨੂੰ ਦਰਕਿਨਾਰ ਕੀਤਾ ਗਿਆ। ਗੋਲਡੀ ਛੋਟੇ ਜਿਹੇ ਘਰ ਤੋਂ ਉਠ ਕੇ ਵਿਧਾਇਕ ਬਣਿਆ ਅਤੇ ਮੁਸ਼ਕਲ ਨਾਲ ਕਾਂਗਰਸ ਵਿਚ ਆਪਣੀ ਜਗ੍ਹਾ ਬਣਾਈ, ਜਦੋਂ ਤੁਸੀਂ ਮਿਹਨਤ ਕਰਦੇ ਹੋਵੋ ਅਤੇ ਫਲ ਤੇ ਫੁਲ ਕੋਈ ਹੋਰ ਲੈ ਜਾਵੇ ਤਾਂ ਦਿਲ ਟੁੱਟ ਜਾਂਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਦਲਵੀਰ ਗੋਲਡੀ ਨੂੰ ਉਹ ਛੋਟੇ ਭਰਾ ਦੇ ਤੌਰ 'ਤੇ ਆਪਣੇ ਪਰਿਵਾਰ ਵਿਚ ਸ਼ਾਮਲ ਕਰ ਰਹੇ ਹਨ। ਸਾਡੀ ਪਾਰਟੀ ਵਿਚ ਹਾਈਕਮਾਂਡ ਜਾਂ ਬਾਸ ਕਲਚਰ ਨਹੀਂ, ਸਗੋਂ ਸਾਰੇ ਆਗੂ ਛੋਟੇ ਵੱਡੇ ਭਰਾ ਹਨ। ਮੀਤ ਹੇਅਰ ਛੋਟੀ ਉਮਰ ਵਿਚ ਤਿੰਨ ਵਾਰ ਬਰਨਾਲਾ ਜਿੱਤ ਚੁੱਕੇ ਹਨ। ਅੱਜ ਮੀਤ ਹੇਅਰ ਤੇ ਦਲਵੀਰ ਗੋਲਡੀ ਮੇਰੀਆਂ ਬਾਹਾਂ ਬਣੇ ਹਨ। ਮਾਨ ਨੇ ਕਿਹਾ ਕਿ ਖੁਸ਼ੀ ਹੈ ਕਿ ਗੋਲਡੀ ਦੇ ਰੂਪ ਵਿਚ ਅਜਿਹਾ ਨੌਜਵਾਨ ਮੁੰਡਾ ਮਿਲਿਆ ਜਿਸ ਨੂੰ ਬੋਲਣ ਦਾ ਸਲੀਕਾ ਹੈ ਅਤੇ ਲੋਕਾਂ ਨਾਲ ਰਾਬਤਾ ਕਾਇਮ ਕਰਨਾ ਆਉਂਦਾ ਹੈ। ਇਸ ਨਾਲ ਸਾਨੂੰ ਬਹੁਤ ਬਲ ਮਿਲੇਗਾ।

## ਪੰਜਾਬ 'ਚ ਲੋਕ ਸਭਾ ਚੋਣਾਂ 'ਚ ਰਹਿ ਗਿਆ ਮਹੀਨਾ ਪਰ ਨਾ ਝੰਡੇ ਦਿਸ ਰਹੇ ਨਾ ਪੋਸਟਰ ਅਤੇ ਬੈਨਰ

**ਜਲੰਧਰ, 1 ਮਈ (ਆਵਾਜ਼ਿ ਕੌਮ ਬਿਊਰੋ)**-ਦੇਸ਼ ਭਰ 'ਚ ਲੋਕ ਸਭਾ ਚੋਣਾਂ ਦੇ ਦੋ ਪੜਾਅ ਪੂਰੇ ਹੋ ਗਏ ਹਨ ਅਤੇ ਤੀਜੇ ਪੜਾਅ ਦੀਆਂ ਤਿਆਰੀਆਂ ਚੱਲ ਰਹੀਆਂ ਹਨ, ਆਖਰੀ ਪੜਾਅ 1 ਜੂਨ ਨੂੰ ਹੋਵੇਗਾ, ਜਿਸ 'ਚ ਪੰਜਾਬ 'ਚ ਵੀ ਚੋਣਾਂ ਹੋਣਗੀਆਂ।



ਕੁੱਲ ਮਿਲਾ ਕੇ ਪੰਜਾਬ 'ਚ ਲੋਕ ਸਭਾ ਚੋਣਾਂ ਲਈ ਹੁਣ ਇਕ ਮਹੀਨਾ ਬਾਕੀ ਰਹਿ ਗਿਆ ਹੈ ਪਰ ਜਿਸ ਤਰ੍ਹਾਂ ਦੀ ਚਹਿਲ-ਪਹਿਲ ਪਹਿਲਾਂ ਚੋਣਾਂ 'ਚ ਦੇਖੀ ਜਾਂਦੀ ਰਹੀ ਹੈ, ਉਹ ਇਸ ਵਾਰ ਨਹੀਂ ਹੈ। ਸਿਆਸੀ ਪਾਰਟੀਆਂ ਵੱਲੋਂ ਮੈਦਾਨ 'ਚ ਉਤਾਰੇ ਗਏ ਉਮੀਦਵਾਰਾਂ ਵਿਚ ਵੀ ਉਸ ਤਰ੍ਹਾਂ ਦੀ ਭੱਜ-ਨੱਠ ਨਹੀਂ ਦੇਖੀ ਜਾ ਰਹੀ ਜੋ ਅਕਸਰ ਪਿਛਲੀਆਂ ਚੋਣਾਂ 'ਚ ਕਈ ਵਾਰ ਦੇਖੀ ਜਾ ਚੁੱਕੀ ਹੈ। ਜੇਕਰ ਉਮੀਦਵਾਰ ਸੁਸਤ ਹਨ ਤਾਂ ਵੋਟਰ ਵੀ ਸੁਸਤ ਦਿਸ ਰਹੇ ਹਨ, ਜਿਸ ਦੇ ਕਾਰਨ ਪੰਜਾਬ ਅਤੇ ਆਸ-ਪਾਸ ਦੇ ਇਲਾਕਿਆਂ ਵਿਚ ਚੋਣਾਂ ਦੀ ਰੌਣਕ ਦਾ ਉਤਸ਼ਾਹ ਨਾ ਦੇ ਬਰਾਬਰ ਹੈ। ਸਿਆਸੀ ਪਾਰਟੀਆਂ ਵੱਲੋਂ ਪੰਜਾਬ ਦੀਆਂ ਸਾਰੀਆਂ 13 ਸੀਟਾਂ 'ਤੇ ਆਪਣੇ ਉਮੀਦਵਾਰਾਂ ਦਾ ਲਗਭਗ ਐਲਾਨ ਕੀਤਾ ਜਾ ਚੁੱਕਾ ਹੈ। ਕਿਸੇ ਪਾਰਟੀ ਦੀ ਇਕ ਅੱਧੀ ਸੀਟ ਹੋ ਸਕਦੀ ਹੈ, ਜਿੱਥੇ ਉਮੀਦਵਾਰ ਦਾ ਐਲਾਨ ਹੋਣਾ ਬਾਕੀ ਹੈ ਪਰ ਉਮੀਦਵਾਰਾਂ ਦੇ ਵਾਰ ਰੂਮ ਅਜੇ ਤੱਕ ਠੰਡੇ ਪਏ ਹਨ। ਉਮੀਦਵਾਰਾਂ ਦੇ ਘਰਾਂ 'ਤੇ ਸਮਰਥਕ ਤਾਂ ਇਕੱਠੇ ਹੋ ਰਹੇ ਹਨ ਪਰ ਗਹਿਮਾ-ਗਹਿਮੀ ਅਤੇ ਰੌਣਕ ਮੇਲਾ ਗਾਇਬ ਹੈ। ਜਿਸ ਤਰ੍ਹਾਂ ਗੁਪਤ ਮੀਟਿੰਗਾਂ ਆਮ ਤੌਰ 'ਤੇ ਉਮੀਦਵਾਰਾਂ ਦੇ ਘਰ ਦੇਖਣ ਨੂੰ ਮਿਲਦੀਆਂ ਹਨ, ਉਹ ਵੀ ਇਸ ਵਾਰ ਨਹੀਂ ਹਨ। ਉਪਰੋਂ ਆਏ ਹੁਕਮਾਂ ਅਨੁਸਾਰ ਹੀ ਵਧੇਰੇ ਉਮੀਦਵਾਰ ਆਪਣੀ ਰਣਨੀਤੀ ਬਣਾ ਰਹੇ ਹਨ। ਪੰਜਾਬ 'ਚ ਵਿਧਾਨ ਸਭਾ ਚੋਣਾਂ ਹੋਣ ਜਾਂ ਲੋਕ ਸਭਾ ਦੀਆਂ ਚੋਣਾਂ। ਅਕਸਰ ਲੋਕਾਂ ਵਿਚ ਉਤਸੁਕਤਾ ਰਹਿੰਦੀ ਹੈ। ਲੋਕ ਅਕਸਰ ਹੀ ਚੋਣਾਂ 'ਚ ਵੱਧ-ਚੜ੍ਹ ਕੇ ਹਿੱਸਾ ਲੈਂਦੇ ਹਨ ਪਰ ਇਸ ਵਾਰ ਲੋਕ ਇਸ ਮਾਮਲੇ 'ਚ ਚੁੱਪ ਵੱਟ ਰਹੇ ਹਨ। ਜਿੱਥੋਂ ਤੱਕ ਉਮੀਦਵਾਰਾਂ ਦੇ ਸਮਰਥਕਾਂ ਦਾ ਸਵਾਲ ਹੈ, ਉਹ ਪਹਿਲਾਂ ਵਾਂਗ ਉਮੀਦਵਾਰਾਂ ਨੂੰ ਸਮਾਂ ਨਹੀਂ ਦੇ ਪਾ ਰਹੇ ਹਨ। ਜਦੋਂ ਕਿ ਵੋਟਰ ਆਪਣੇ ਕੰਮ 'ਚ ਰੁੱਝੇ ਹੋਣ ਕਾਰਨ ਜ਼ਿਆਦਾ ਸਮਾਂ ਨਹੀਂ ਦੇ ਰਹੇ। ਜਿਥੋਂ ਤੱਕ ਦਿਹਾਤੀ ਵੋਟਰਾਂ ਦਾ ਸਬੰਧ ਹੈ, ਉੱਥੇ ਕਣਕ ਦੀ ਵਾਢੀ ਦਾ ਸੀਜ਼ਨ ਚੱਲ ਰਿਹਾ ਹੈ, ਜਿਸ ਕਾਰਨ ਉਹ ਇਸੇ ਕੰਮ ਵਿਚ ਰੁੱਝੇ ਹੋਏ ਹਨ। ਪੰਜਾਬ 'ਚ ਸ਼ਾਇਦ ਇਹ ਪਹਿਲੀ ਚੋਣ ਹੋਵੇਗੀ ਜਦੋਂ ਉਮੀਦਵਾਰਾਂ ਵੱਲੋਂ ਚੋਣ ਪ੍ਰਚਾਰ 'ਤੇ ਲੱਗਣ ਵਾਲਾ ਪੈਸਾ ਸਭ ਤੋਂ ਘੱਟ ਖਰਚਿਆ ਜਾਵੇਗਾ। ਘਰਾਂ ਤੋਂ ਲੈ ਕੇ ਸ਼ਹਿਰ ਦੀਆਂ ਗਲੀਆਂ ਤੱਕ ਕਿਤੇ ਵੀ ਪੋਸਟਰ ਜਾਂ ਝੰਡੇ ਨਜ਼ਰ ਨਹੀਂ ਆਉਂਦੇ ਅਤੇ ਨਾ ਹੀ ਉਮੀਦਵਾਰਾਂ ਦੇ ਸਮਰਥਕਾਂ ਦੇ ਕੋਲ ਬੈਚ ਜਾਂ ਪ੍ਰਚਾਰ ਨਾਲ ਸਬੰਧਤ ਹੋਰ ਕਿਸੇ ਕਿਸਮ ਦਾ ਸਾਮਾਨ ਦਿਖਾਈ ਦਿੰਦਾ ਹੈ। ਕਿਸੇ ਵੀ ਸਿਆਸੀ ਪਾਰਟੀ ਵੱਲੋਂ ਰੋਡ ਸ਼ੋਅ ਜਾਂ ਰੈਲੀ ਦੌਰਾਨ ਕਿਸੇ ਨਿਰਧਾਰਤ ਇਲਾਕੇ ਵਿਚ ਹੀ ਝੰਡੇ ਵਿੱਚ ਲਗਾਏ ਜਾਂਦੇ ਹਨ ਪਰ ਰੈਲੀ ਖਤਮ ਹੁੰਦੇ ਹੀ ਉਨ੍ਹਾਂ ਨੂੰ ਉਤਾਰ ਦਿੱਤਾ ਜਾਂਦਾ ਹੈ। ਪੰਜਾਬ 'ਚ ਪ੍ਰਚਾਰ ਸਮੱਗਰੀ ਦਾ ਕੰਮ ਕਰਨ ਵਾਲੇ ਬਹੁਤੇ ਦੁਕਾਨਦਾਰਾਂ ਦੇ ਚਿਹਰੇ ਵੀ ਲਟਕੇ ਹੋਏ ਹਨ। 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ 2024 ਦੀਆਂ ਲੋਕ ਸਭਾ ਚੋਣਾਂ ਤੋਂ ਉਨ੍ਹਾਂ ਨੂੰ ਵੱਡੀ ਆਸ ਸੀ ਪਰ ਹੁਣ ਉਸ ਆਸ 'ਤੇ ਵੀ ਪਾਣੀ ਫਿਰਦਾ ਦਿਸ ਰਿਹਾ ਹੈ।

## ਦਮਦਮੀ ਟਕਸਾਲ ਦੇ 13ਵੇਂ ਮੁਖੀ ਸੰਤ ਭਿੰਡਰਾਂਵਾਲਿਆਂ ਦੇ ਭਤੀਜੇ ਦਾ ਕਤਲ

**ਸ੍ਰੀ ਹਰਗੋਬਿੰਦਪੁਰ ਸਾਹਿਬ, 1 ਮਈ (ਕੁਲਜੀਤ ਸਿੰਘ ਖੋਖਰ)**-ਜ਼ਿਲ੍ਹਾ ਗੁਰਦਾਸਪੁਰ ਦੇ ਕਸਬਾ ਘੁਮਾਣ ਦੇ ਨਜ਼ਦੀਕ ਘੁਮਾਣ ਤੋਂ ਮਹਿਤਾ ਰੋਡ 'ਤੇ ਸਥਿਤ ਗੁਰਦੁਆਰਾ ਗੁਰੂ ਅਮਰਦਾਸ ਸਾਹਿਬ ਜੀ ਅਠਵਾਲ ਪੁੱਲ ਵਿਖੇ ਪਿਛਲੇ ਲੰਮੇ ਸਮੇਂ ਤੋਂ ਮੁੱਖ ਸੇਵਾਦਾਰ ਦੇ ਤੌਰ 'ਤੇ ਸੇਵਾਵਾਂ ਨਿਭਾ ਰਹੇ ਸੰਤ ਗਿਆਨੀ ਕਰਤਾਰ ਸਿੰਘ ਖ਼ਾਲਸਾ ਭਿੰਡਰਾਂ ਵਾਲਿਆਂ ਦੇ ਭਤੀਜੇ, ਜਨਰਲ ਸਕੱਤਰ ਸੰਤ ਸਮਾਜ ਮੁੱਖ ਬੁਲਾਰਾ ਦਮਦਮੀ ਟਕਸਾਲ ਅਤੇ ਚਾਚੇਰੇ ਭਰਾਤਾ ਸ਼ਹੀਦ ਭਾਈ ਅਮਰੀਕ ਸਿੰਘ

ਆਵਾਜ਼ਿ ਕੌਮ
AWAZE QAUM
International Newspaper & WEB TV

ਪ੍ਰਧਾਨ ਸਿੱਖ ਸਟੂਡੈਂਟ ਫੈਡਰੇਸ਼ਨ ਬਾਬਾ ਬਲਵਿੰਦਰ ਸਿੰਘ ਖਾਲਸਾ ਦਾ ਉਨ੍ਹਾਂ ਦੇ ਹੀ ਰਿਹਾਇਸ਼ ਵਿਖੇ ਕਤਲ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਬਾਬਾ ਬਲਵਿੰਦਰ ਸਿੰਘ ਦਮਦਮੀ ਟਕਸਾਲ ਭਾਈ ਰਾਮ ਸਿੰਘ ਸੰਗਰਾਵਾਂ ਵਾਲਿਆਂ ਦੀ ਰਹਿਨੁਮਾਈ ਹੇਠ ਪਿਛਲੇ ਕੋਈ ਦੱਸ ਸਾਲ ਦੇ ਕਰੀਬ ਗੁਰਦੁਆਰਾ ਗੁਰੂ ਅਮਰਦਾਸ ਸਾਹਿਬ ਜੀ ਵਿਖੇ ਸੇਵਾ ਨਿਭਾਅ ਰਹੇ ਸਨ। ਉਹ ਗੁਰਦੁਆਰਾ ਸਾਹਿਬ ਜੀ ਦੇ ਪਿਛਲੇ ਪਾਸੇ ਬਣੀ ਰਿਹਾਇਸ਼ ਵਿਚ ਰਹਿੰਦੇ ਸਨ, ਜਿਸ ਵਿਚ ਦੋ ਸੇਵਾਦਾਰ ਉਨ੍ਹਾਂ ਦੇ ਨਾਲ ਸਨ, ਜਿਨ੍ਹਾਂ ਵਿਚੋਂ ਇਕ ਸੇਵਾਦਾਰ , ਰਮਨਜੀਤ ਸਿੰਘ ਰਾਤ ਕਰੀਬ 10 ਵਜੇ ਕਿਸੇ ਤੇਜ਼ਧਾਰ ਹਥਿਆਰ ਨਾਲ ਬਾਬਾ ਬਲਵਿੰਦਰ ਸਿੰਘ 'ਤੇ ਅਨੇਕਾਂ ਵਾਰ ਕੀਤੇ ਤੇ ਫਰਾਰ ਹੋ ਗਿਆ। ਜਿਸ ਨਾਲ ਉਨਾਂ ਦੀ ਮੌਕੇ ਤੇ ਮੌਤ ਹੋ ਗਈ।ਕਤਲ ਕਰਨ ਤੋਂ ਬਾਅਦ ਉਸ ਦੇ ਭੱਜਦਿਆਂ ਦੀ ਸੀ. ਸੀ. ਟੀ. ਵੀ. ਫੁਟੇਜ ਵੀ ਸਾਹਮਣੇ ਆਈ ਹੈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਸੰਤ ਕਰਤਾਰ ਸਿੰਘ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਮਨਜੀਤ ਸਿੰਘ ਨੇ ਇਸ ਘਟਨਾ ਦੀ ਨਿੰਦਾ ਕਰਦਿਆਂ ਕਿਹਾ ਕਿ ਇਹ ਕਤਲ ਸੋਚੀ ਸਮਝੀ ਸਾਜ਼ਿਸ਼ ਤਹਿਤ ਹੋਇਆ ਹੈ ਇਸ ਮੌਕੇ ਘਟਨਾ ਸਥਾਨ ਤੇ ਪਹੁੰਚੇ ਡੀ ਆਈ ਜੀ ਬਾਰਡਰ ਅੰਮ੍ਰਿਤਸਰ ਰਕੇਸ਼ ਕੌਂਸਲ , ਐਸ ਪੀ ਬਟਾਲਾ ਇੰਨਵੈਸਟੀਗੇਸਨ ਰਮਿੰਦਰ ਸਿੰਘ ਦਿਉਲ, ਡੀ ਐਸ ਪੀ ਸ੍ਰੀ ਹਰਗੋਬਿੰਦਪੁਰ ਸਾਹਿਬ ਰਾਜੇਸ਼ ਕੱਕੜ ਅਤੇ ਥਾਣਾ ਘੁਮਾਣ ਦੇ ਮੁਖੀ ਬਿਕਰਮਜੀਤ ਸਿੰਘ ਸਮੇਤ ਹੋਰ ਅਧਿਕਾਰੀ ਪਹੁੰਚੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ ਆਈ ਜੀ ਬਾਰਡਰ ਰਕੇਸ਼ ਕੌਂਸਲ ਨੇ ਦੱਸਿਆ ਕਿ ਇਸ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਬਲਵਿੰਦਰ ਸਿੰਘ ਦਾ ਕਤਲ ਹੋਣਾ ਬਹੁਤ ਹੀ ਮੰਦਭਾਗੀ ਖ਼ਬਰ ਹੈ। ਉਨਾਂ ਅੱਗੇ ਦੱਸਿਆ ਕਿ ਇਸ ਕਤਲ ਦਾ ਮੁੱਖ ਦੋਸ਼ੀ ਰਮਨਜੀਤ ਸਿੰਘ ਹੈ ਜ਼ੋ ਕਿ ਪਿੰਡ ਸਲਾਹਪੁਰ ਦਾ ਰਹਿਣ ਵਾਲਾ ਹੈ। ਅਤੇ ਜ਼ੋ ਕਿ ਬਾਬਾ ਜੀ ਦਾ ਸੇਵਾਦਾਰ ਸੀ। ਉਨਾਂ ਕਿਹਾ ਕਿ ਤਫਦੀਸ਼ ਦੋਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਉਹ ਪਹਿਲਾਂ ਤੋਂ ਬਾਬਾ ਜੀ ਦੀ ਸੇਵਾ ਕਰ ਰਿਹਾ ਸੀ ਅਤੇ ਇਸੇ ਦੋਰਾਨ ਹੀ ਉਸ ਨੇ ਬਾਬਾ ਜੀ ਦਾ ਕਤਲ ਕਰ ਦਿੱਤਾ। ਉਨਾਂ ਕਿਹਾ ਕਿ ਸੀ ਸੀ ਟੀਵੀ ਕੈਮਰੇ ਦੇ ਵਿਚ ਰਮਨਜੀਤ ਸਿੰਘ ਕਤਲ ਕਰਨ ਤੋਂ ਬਾਅਦ ਭੱਜਦਾ ਦਿਖਾਈ ਦਿੰਦਾ ਹੈ। ਉਨਾਂ ਕਿਹਾ ਕਿ ਕਤਲ ਦੇ ਕਾਰਨਾਂ ਦਾ ਅਜੇ ਕੁਝ ਪਤਾ ਨਹੀਂ ਲੱਗਾ ਹੈ ਉਨਾਂ ਅੱਗੇ ਕਿਹਾ ਕਿ ਰਮਨਜੀਤ ਸਿੰਘ ਦੇ ਖਿਲਾਫ ਵੱਖ-ਵੱਖ ਧਰਾਵਾਂ ਤਹਿਤ ਮੁਕਦਮਾ ਦਰਜ ਕਰ ਲਿਆ ਗਿਆ ਹੈ ਅਤੇ ਉਸ ਨੂੰ ਫੜ੍ਹਨ ਲਈ ਪੁਲਿਸ ਵੱਲੋਂ ਵੱਖ ਵੱਖ ਥਾਵਾਂ ਛਾਪੇਮਾਰੀ ਕੀਤੀ ਜਾ ਰਹੀ ਹੈ। ਅਤੇ ਜਲਦ ਹੀ ਉਸਨੂੰ ਕਾਬੂ ਕਰ ਲਿਆ ਜਾਵੇਗਾ।








ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ AWAZE QAUM
International Newspaper & WEB TV
2 ਜੂਨ ਨੂੰ ਰੋੜੇ ਪੁੱਜੋ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜ਼ਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ ਾ ਕੰਨਾ ਿ ਸਿਹਾਰੀ ੀ ਬਿਹਾਰੀ
ੁ ਔਂਕੜ ੂ ਦੁਲੈਂਕੜ ੇ ਲਾਂ ੈ ਦੁਲਾਵਾਂ
ੋ ਹੋੜਾ ੌ ਕਨੌੜਾ ੰ ਟਿੱਪੀ ਾਂ ਕੰਨਾ-ਬਿੰਦੀ
www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੇਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
❖ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
ੳ A अ
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH



ਸ੍ਰੀ ਅਕਾਲ ਜੀ ਸਹਾਇ
ਦੇਗ ਤੇਗ ਫਤਿਹ
ਪੰਥ ਕੀ ਜੀਤ
ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ
ਸ਼ਬਦ ਕੀਰਤਨ ਅਤੇ
ਕਥਾ ਸਮਾਗਮ
1 ਮਈ ਤੋਂ 31 ਮਈ 2024 ਤੱਕ
ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।
1 ਮਈ ਬੁੱਧਵਾਰ ਜਬੋਵਾਲ ਸ਼ਾਮ 6 ਤੋਂ 8 ਵਜੇ ਤੱਕ
2 ਮਈ ਵੀਰਵਾਰ ਜੱਫਰਵਾਲ ਸ਼ਾਮ 6 ਤੋਂ 8 ਵਜੇ ਤੱਕ
3 ਮਈ ਸ਼ੁੱਕਰਵਾਰ ਸਹਾਇਪੁਰ ਸ਼ਾਮ 6 ਤੋਂ 8 ਵਜੇ ਤੱਕ
4 ਮਈ ਸ਼ਨੀਵਾਰ ਮੁਰਾਦਪੁਰ ਸ਼ਾਮ 6 ਤੋਂ 8 ਵਜੇ ਤੱਕ
5 ਮਈ ਐਤਵਾਰ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਸ਼ਾਮ 5 ਤੋਂ 7 ਵਜੇ ਤੱਕ
6 ਮਈ ਸੋਮਵਾਰ ਕਾਹਲਵਾ ਸ਼ਾਮ 6 ਤੋਂ 8 ਵਜੇ ਤੱਕ
7 ਮਈ ਮੰਗਲਵਾਰ ਉੱਦੋ ਨੰਗਲ ਸ਼ਾਮ 6 ਤੋਂ 8 ਵਜੇ ਤੱਕ
8 ਮਈ ਬੁੱਧਵਾਰ ਬਾਬੋਵਾਲ ਸ਼ਾਮ 6 ਤੋਂ 8 ਵਜੇ ਤੱਕ
9 ਮਈ ਵੀਰਵਾਰ ਧਰਦਿਉ ਸ਼ਾਮ 6 ਤੋਂ 8 ਵਜੇ ਤੱਕ
10 ਮਈ ਸ਼ੁੱਕਰਵਾਰ ਧਿਆਨਪੁਰ ਸ਼ਾਮ 6 ਤੋਂ 8 ਵਜੇ ਤੱਕ
11 ਮਈ ਸ਼ਨੀਵਾਰ ਗੁ: ਬਾਬਾ ਪੱਲਾ ਜੀ ਬੁਤਾਲਾ ਸ਼ਾਮ 6 ਤੋਂ 8 ਵਜੇ ਤੱਕ
12 ਮਈ ਐਤਵਾਰ ਸਦਾਰੰਗ ਸ਼ਾਮ 6 ਤੋਂ 8 ਵਜੇ ਤੱਕ
13 ਮਈ ਸੋਮਵਾਰ ਸੂਸਾ ਸ਼ਾਮ 6 ਤੋਂ 8 ਵਜੇ ਤੱਕ
14 ਮਈ ਮੰਗਲਵਾਰ ਗੁ: ਬਾਬਾ ਮਤ੍ਰ ਜੀ ਮੀਕੇ ਸ਼ਾਮ 6 ਤੋਂ 8 ਵਜੇ ਤੱਕ
15 ਮਈ ਬੁੱਧਵਾਰ ਭਾਮ ਸ਼ਾਮ 6 ਤੋਂ 8 ਵਜੇ ਤੱਕ
16 ਮਈ ਵੀਰਵਾਰ ਭਲਾਈਪੁਰ ਪੁਰਬਾ ਸ਼ਾਮ 6 ਤੋਂ 8 ਵਜੇ ਤੱਕ
17 ਮਈ ਸ਼ੁੱਕਰਵਾਰ ਨਿੱਕੇ ਘੁੰਮਣ ਸ਼ਾਮ 6 ਤੋਂ 8 ਵਜੇ ਤੱਕ
18 ਮਈ ਸ਼ਨੀਵਾਰ ਗੁ: ਕੰਧ ਸਾਹਿਬ (ਬਟਾਲਾ) ਸ਼ਾਮ 6 ਤੋਂ 8 ਵਜੇ ਤੱਕ
19 ਮਈ ਐਤਵਾਰ ਗੁ: ਬਾਬਾ ਬਕਾਲਾ ਸਾਹਿਬ ਸਵੇਰੇ 10 ਤੋਂ 12 ਵਜੇ ਤੱਕ ਸਿਆਲਕਾ
20 ਮਈ ਸੋਮਵਾਰ ਲੀਲ ਕਲਾਂ ਸ਼ਾਮ 6 ਤੋਂ 8 ਵਜੇ ਤੱਕ
21 ਮਈ ਮੰਗਲਵਾਰ ਚੌਧਰੀਵਾਲ ਸ਼ਾਮ 6 ਤੋਂ 8 ਵਜੇ ਤੱਕ
22 ਮਈ ਬੁੱਧਵਾਰ ਤਰਸਿੱਕਾ ਭਗਤਾਂ ਦਾ ਡੇਰਾ ਸ਼ਾਮ 6 ਤੋਂ 8 ਵਜੇ ਤੱਕ
23 ਮਈ ਵੀਰਵਾਰ ਤਾਹਰਪੁਰ ਸ਼ਾਮ 6 ਤੋਂ 8 ਵਜੇ ਤੱਕ
24 ਮਈ ਸ਼ੁੱਕਰਵਾਰ ਬਾਸਰਪੁਰ ਰਾਤ 8 ਤੋਂ 10 ਵਜੇ ਤੱਕ
25 ਮਈ ਸ਼ਨੀਵਾਰ ਖੱਬੇ ਰਾਜਪੂਤਾਂ ਸ਼ਾਮ 6 ਤੋਂ 8 ਵਜੇ ਤੱਕ
26 ਮਈ ਐਤਵਾਰ ਭੀਲੋਵਾਲ ਸ਼ਾਮ 6 ਤੋਂ 8 ਵਜੇ ਤੱਕ
27 ਮਈ ਸੋਮਵਾਰ ਜੇਠੂਵਾਲ ਸ਼ਾਮ 6 ਤੋਂ 8 ਵਜੇ ਤੱਕ
28 ਮਈ ਮੰਗਲਵਾਰ ਗੁ: ਟਾਹਲਾ ਸਾਹਿਬ ਮਨੋਸ਼ ਸ਼ਾਮ 6 ਤੋਂ 8 ਵਜੇ ਤੱਕ
29 ਮਈ ਬੁੱਧਵਾਰ ਮੌਹਣੀਆ ਕੁਹਾਰਾ ਸ਼ਾਮ 6 ਤੋਂ 8 ਵਜੇ ਤੱਕ
30 ਮਈ ਵੀਰਵਾਰ ਜਲਾਲ ਉਸਮਾ ਸ਼ਾਮ 6 ਤੋਂ 8 ਵਜੇ ਤੱਕ
31 ਮਈ ਸ਼ੁੱਕਰਵਾਰ ਮਹਿਤਾ ਚੌਂਕ ਸ਼ਾਮ 6 ਤੋਂ 8 ਵਜੇ ਤੱਕ
1-2-3-4-5 ਜੂਨ 2024 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2024, ਵੀਰਵਾਰ ਨੂੰ
ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ
ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ
ਜਾਰੀ ਕਰਤਾ:
ਖਾਲਸਾ ਅਕੈਡਮੀ
ਖਾਲਸਾ
I.C.S.E. Board
Pre-Nur to 8th
ਖਾਲਸਾ ਹੋਸਟਲ
Fully A.C.
ਖਾਲਸਾ
ਦਾਖ਼ਲਾ ਸ਼ੁਰੂ
99155-85685
ਸੰਪਰਕ: 99158-00904, 97793-10040, 98158-14158, 84376-91626

# ਸੰਮਤ ਪਪਣ ਨਾਨਕਸ਼ਾਹੀ ਕੈਲੰਡਰ




**ਚੇਤ** (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਵੈਸਾਖ** (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਜੇਠ** (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਹਾੜ** (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਸਾਵਣ** (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਭਾਦੋਂ** (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਅੱਸੂ** (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

**ਕੱਤਕ** (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਮੱਘਰ** (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਪੋਹ** (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

**ਮਾਘ** (ਜਨਵਰੀ-25 – ਫਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

**ਫੱਗਣ** (ਫਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

● ਸੰਗਰਾਂਦ ● ਮੱਸਿਆ ● ਪੂਰਨਮਾਸ਼ੀ | ਗੁਰਪੁਰਬ | ਇਤਿਹਾਸਕ ਦਿਹਾੜੇ | ਸਰਕਾਰੀ ਛੁੱਟੀਆਂ | ਭਗਤ ਸਾਹਿਬਾਨ ਦੇ ਦਿਹਾੜੇ

[illegible]

## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਨੂੰ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜ਼ ਤੱਕ ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

☛ ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com


Call+393475711755 / 3208124778

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਮਹਾਨ ਅਵਤਾਰ ਪੁਰਬ

ਅਵਤਾਰ ਪੁਰਬ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਅਵਤਾਰ ਪੁਰਬ ਧੰਨ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਅਤੇ ਸ਼ਹੀਦੀ ਜੋੜ ਮੇਲਾ ਚਾਲੀ ਮੁਕਤੇ ਸ਼੍ਰੀ ਮੁਕਤਸਰ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ



ਭਾਰਤ ਦੀ ਕਾਂਗਰਸ ਸਰਕਾਰ ਨੇ ਜੂਨ 1984 ਘੱਲੂਘਾਰੇ 'ਤੇ ਕੀਤੇ ਸ਼ਹੀਦ ਸਿੰਘ ਸਿੰਘਣੀਆਂ ਭੁਝੰਗੀਆਂ ਦੀ ਸ਼ਹੀਦੀ ਨੂੰ ਸਮਰਪਿਤ 40 ਦਿਨ ਹਰ ਰੋਜ ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮ ਨੂੰ 7 ਤੋਂ 8 ਵਜੇ ਤੱਕ ਵਾਹਿਗੁਰੂ ਦਾ ਅਭਿਆਸ ਸਿਮਰਨ ਹੋਵੇਗਾ।

ਸ਼ਨਿੱਚਰਵਾਰ 4 ਮਈ ਸ਼ਾਮ 5 ਤੋਂ 6 ਵਜੇ ਤੱਕ ਵਾਹਿਗੁਰੂ ਸਿਮਰਨ 6 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 5 ਮਈ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ। ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਭਾਈ ਮਨਜੀਤ ਸਿੰਘ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਸਿੱਖ ਫੈਡਰੇਸ਼ਨ ਦੇ ਸਿਰਕੱਢ ਆਗੂ ਡਾਕਟਰ ਕਾਰਜ ਸਿੰਘ ਧਰਮਸਿੰਘ ਵਾਲਾ ਨੂੰ

# ਸ਼੍ਰੋਮਣੀ ਅਕਾਲੀ ਦਲ ਨੇ ਆਪਣਾ ਸਲਾਹਕਾਰ ਬਣਾਇਆ



**ਕੋਟ ਈਸੇ ਖਾਂ, 1 ਮਈ ( ਨਿਰਮਲ ਸਿੰਘ ਕਾਲੜਾ )-** ਅੱਜ ਸ਼੍ਰੋਮਣੀ ਅਕਾਲੀ ਦਲ ਨੇ ਪਾਰਟੀ ਹੈਡਕੁਆਰਟਰ ਤੋ ਹੋਈਆ ਨਿਯੁਕਤੀਆਂ ਵਿੱਚ ਪਾਰਟੀ ਪ੍ਰਧਾਨ ਸ ਸੁਖਬੀਰ ਸਿੰਘ ਬਾਦਲ ਨੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਜਰਨਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਦੇ ਨਿਕਟਵਰਤੀ ਸਾਥੀ ਡਾਕਟਰ ਕਾਰਜ ਸਿੰਘ ਧਰਮਸਿੰਘ ਵਾਲਾ ਨੂੰ ਸਲਾਹਕਾਰ ਨਿਯੁਕਤ ਕੀਤਾ ਹੈ । ਪਿਛਲੇ ਦੋ ਦਹਾਕਿਆ ਤੋ ਵੱਧ ਸਮੇ ਦੌਰਾਨ ਫੈਡਰੇਸ਼ਨ ਦੀਆ ਮੌਹਰਲੀਆ ਸਫਾਂ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲਾ ਟਕਸਾਲੀ ਅਕਾਲੀ ਪ੍ਰੀਵਾਰਾ ਨਾਲ ਸਬੰਧਿਤ ਇਹਨਾਂ ਨੌਜਵਾਨਾਂ ਤੇ ਸ੍ਰ ਬਾਦਲ ਨੇ ਭਰੋਸਾ ਜਤਾਇਆ ਹੈ ।ਇਹਨਾਂ ਦੋ ਨਿਯੁਕਤੀਆਂ ਨਾਲ ਹਲਕਾ ਜੀਰਾ ਸਮੇਤ ਪੰਜਾਬ ਦੇਸ ਦੁਨੀਆ ਵਿੱਚ ਵੱਡੀ ਖੁਸੀ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ ਤੇ ਹੁਣ ਇਹ ਵੀ ਮਹਿਸੂਸ ਕੀਤਾ ਜਾ ਰਿਹਾ ਹੈ ਕਿ ਆਉਣ ਵਾਲੇ ਸਮੇ ਵਿੱਚ ਆਮ ਘਰਾ ਦੇ ਅਕਾਲੀ ਫੈਡਰੇਸ਼ਨ ਵਰਕਰਾਂ ਨੂੰ ਹੋਰ ਜਿੰਮੇਵਾਰੀਆ ਵੀ ਮਿਲਣਗੀਆਂ । ਇਸੇ ਦੌਰਾਨ ਡਾਕਟਰ ਕਾਰਜ ਸਿੰਘ ਧਰਮਸਿੰਘ ਵਾਲਾ , ਸ੍ਰ ਗੁਰਮੁੱਖ ਸਿੰਘ ਸੰਧੂ ਅਤੇ ਸ੍ਰ ਗੁਰਬਖਸ਼ ਸਿੰਘ ਸੇਖੋ ਨੇ ਪਾਰਟੀ ਪ੍ਰਧਾਨ ਸ ਸੁਖਬੀਰ ਸਿੰਘ ਬਾਦਲ, ਪਾਰਟੀ ਦੇ ਸੀਨੀਅਰ ਆਗੂਆਂ ਸ੍ਰ ਬਲਵਿੰਦਰ ਸਿੰਘ ਭੂੰਦੜ, ਸ੍ਰ ਬਿਕਰਮ ਸਿੰਘ ਮਜੀਠੀਆਂ, ਡਾਕਟਰ ਦਲਜੀਤ ਸਿੰਘ ਚੀਮਾ , ਸ੍ਰ ਚਰਨਜੀਤ ਸਿੰਘ ਬਰਾੜ , ਸ੍ਰ ਰਾਜਵਿੰਦਰ ਸਿੰਘ ਉਮੀਦਵਾਰ ਹਲਕਾ ਫਰੀਦਕੋਟ , ਸ੍ਰ ਗੁਰਚਰਨ ਸਿੰਘ ਗਰੇਵਾਲ, ਸ੍ਰ ਕਰਨੈਲ ਸਿੰਘ ਪੀਰਮੁਹੰਮਦ , ਦਾ ਜੋਰਦਾਰ ਧੰਨਵਾਦ ਕਰਦਿਆ ਹਲਕਾ ਧਰਮਕੋਟ ਦੇ ਇੰਚਾਰਜ ਬਰਜਿੰਦਰ ਸਿੰਘ ਬਰਾੜ ਅਤੇ ਸਮੁੱਚੀ ਅਕਾਲੀ ਲੀਡਰਸ਼ਿਪ ਨੂੰ ਪੂਰਨ ਭਰੋਸਾ ਦਿੱਤਾ ਹੈ ਕਿ ਉਹ ਪਾਰਟੀ ਲਈ ਤਨ,ਮਨ, ਧੰਨ ਨਾਲ ਦਿਨ ਰਾਤ ਸੇਵਾ ਕਰਨਗੇ।

**ਡਾਕਟਰ ਕਾਰਜ ਸਿੰਘ ਧਰਮਸਿੰਘ ਵਾਲਾ, ਗੁਰਮੁੱਖ ਸਿੰਘ ਸੰਧੂ ਅਤੇ ਗੁਰਬਖਸ਼ ਸਿੰਘ ਪੀਰਮੁਹੰਮਦ ਦੇ ਨਿਕਟਵਰਤੀ ਸਾਥੀ**

### ਅਕਾਲੀ ਲੀਡਰਸ਼ਿਪ ਦਾ ਭਾਜਪਾ ਅਤੇ ਪੀ ਐਮ ਨਰਿੰਦਰ ਮੋਦੀ ਪ੍ਰਤੀ ਦੋਹਰੇ ਮਾਪਦੰਡ ?

# ਅਕਾਲੀ ਲੀਡਰਸ਼ਿਪ ਤੇ ਸ਼੍ਰੋਮਣੀ ਕਮੇਟੀ ਨੇ ਖ਼ੁਦ ਕਿਹਾ ਮੋਦੀ ਨੂੰ 'ਮਸੀਹਾ' - ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 1 ਮਈ(ਆਵਾਜ਼ਿ ਕੌਮ ਬਿਊਰੋ)-**ਭਾਜਪਾ ਦੇ ਸੂਬਾਈ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵੱਲੋਂ ਭਾਜਪਾ 'ਤੇ ਕੀਤੀਆਂ ਗਈਆਂ ਟਿੱਪਣੀਆਂ ਨੂੰ ਮੰਦਭਾਗਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਹਤਾਸ਼ ਦੀ ਸਥਿਤੀ 'ਚ ਭਾਜਪਾ ਖ਼ਿਲਾਫ਼ ਝੂਠਾ ਬਿਰਤਾਂਤ ਬਿਠਾਉਣ ਦੀ ਕੋਸ਼ਿਸ਼ ਕਰਕੇ ਆਪਣੀਆਂ ਨਾਕਾਮੀਆਂ ਤੋਂ ਨਿਕਲਣਾ ਚਾਹੁੰਦਾ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਇੱਕੋ ਧਾਰਾ ਦੇ ਹੀ ਦੋ ਅੰਗ ਹਨ , ਤਾਂ ਫਿਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਦੇ ਹਵਾਲੇ ਨਾਲ ਭਾਜਪਾ ਪ੍ਰਤੀ ਅਕਾਲੀ ਖ਼ੈਮੇ ਵੱਲੋਂ ਕੀਤੀਆਂ ਜਾ ਰਹੀਆਂ ਟਿੱਪਣੀਆਂ ਪੂਰੀ ਤਰਾਂ ਰਾਜਨੀਤੀ ਤੋਂ ਪ੍ਰੇਰਿਤ ਅਤੇ ਗੁਮਰਾਹਕੁਨ ਹਨ।ਉਨ੍ਹਾਂ ਸਵਾਲ ਉਠਾਉਂਦਿਆਂ ਕਿਹਾ ਕਿ ਕੀ ਜਿਸ ਭਾਜਪਾ 'ਤੇ ਸਿੱਖ ਵਿਰੋਧੀ ਹੋਣ ਦੇ ਬੇਬੁਨਿਆਦ ਬਿਆਨਾਂ ਰਾਹੀਂ ਸਿੱਖ ਸੰਗਤ ਨੂੰ ਗੁਮਰਾਹ ਕਰਨ ਦੀ ਅਕਾਲੀ ਲੀਡਰਸ਼ਿਪ ਕੋਸ਼ਿਸ਼ ਕਰ ਰਹੀ ਹੈ, ਉਸੇ ਪਾਰਟੀ ਦੀ ਸਰਕਾਰ ਜਿਸ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸਿੱਖ ਮਸਲਿਆਂ ਨੂੰ ਲੈ ਕੇ ਕੀਤੀਆਂ ਗਈਆਂ ਪਹਿਲ ਕਦਮੀਆਂ ਦੇ ਲਈ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਪੰਥਕ ਸਟੇਜ ਤੋਂ ਨਰਿੰਦਰ ਮੋਦੀ ਦੀ 'ਮਸੀਹਾ' ਕਹਿ ਕੇ ਕੀਤੀ ਗਈ ਵਡਿਆਈ ਕੀ ਮਹਿਜ਼ ਇਕ ਡਰਾਮ ਸੀ ?ਉਹ ਇਕ ਡਰਾਮਾ ਸੀ ਤਾਂ ਪੰਥਕ ਸਟੇਜ ਦੀ ਕਿਸੇ ਡਰਾਮੇਬਾਜ਼ੀ ਲਈ ਦੁਰਵਰਤੋਂ ਨਾ ਬਖ਼ਸ਼ੇਜਾਣਯੋਗ 'ਗੁਨਾਹ' ਹੈ। ਉਨ੍ਹਾਂ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਲੀਡਰਸ਼ਿਪ ਨੂੰ ਯਾਦ ਦਿਵਾਉਂਦਿਆਂ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਲੰਘੇ ਦੀ ਸਿੱਖ ਕੌਮ ਵੱਲੋਂ 70 ਸਾਲਾਂ ਤੋਂ ਕੀਤੀ ਜਾ ਰਹੀ ਮੰਗ ਪੂਰੀ ਕਰਨ 'ਤੇ 2019 ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਕੌਮੀ ਸੇਵਾ ਅਵਾਰਡ ਨਾਲ ਸਨਮਾਨਿਤ ਕਰਨ ਸਮੇਂ ਸ਼੍ਰੋਮਣੀ ਕਮੇਟੀ ਨੇ ਲਿਖਤੀ ਸਨਮਾਨ ਪੱਤਰ 'ਚ ਖ਼ੁਦ ਲਿਖਿਆ ਕਿ "ਸਤਿਗੁਰੂ ਸੱਚੇ ਪਾਤਿਸ਼ਾਹ ਜੀ ਦੇ 550 ਵੇਂ ਪ੍ਰਕਾਸ਼ ਪੁਰਬ 'ਤੇ ਸਿੱਖ ਸੰਗਤ ਨੂੰ ਇਸ ਤੋਂ ਵੱਡੀ ਰੱਬੀ ਦਾਤ ਕੀ ਮਿਲ ਸਕਦੀ ਸੀ ਕਿ ਦੇਸ਼ ਦਾ ਕੋਈ ਮੁਖੀਆ 'ਮਸੀਹਾ' ਬਣਕੇ ਸਿੱਖ ਜਗਤ ਦੀ ਇਸ ਸੱਧਰ ਦੀ ਪੂਰਤੀ ਲਈ ਸਿਆਸੀ, ਪ੍ਰਸ਼ਾਸਨਿਕ ਅਤੇ ਕੂਟਨੀਤਕ ਦਲੇਰੀ ਦਾ ਮੁਜ਼ਾਹਰਾ ਕਰੇ।" ਮੈਂ ਇਹ ਪੁੱਛਣਾ ਚਾਹੁੰਦਾ ਹਾਂ ਕਿ ਕੀ ਭਾਜਪਾ ਦਾ ਇਹੀ ਸਿੱਖ ਵਿਰੋਧੀ ਏਜੰਡਾ ਹੈ ਕਿ ਪ੍ਰਧਾਨ ਮੰਤਰੀ ਮੋਦੀ ਨੇ ਗੁਰੂ ਸਾਹਿਬਾਨ ਦਾ ਹਮੇਸ਼ਾਂ ਦਿਲੋਂ ਸਤਿਕਾਰ ਕੀਤਾ। ਜਿਸ ਲਾਲ ਕਿਲ੍ਹੇ ਤੋਂ ਗੁਰੂ ਤੇਗ. ਬਹਾਦਰ ਸਾਹਿਬ ਜੀ ਲਈ ਸ਼ਹੀਦੀ ਦਾ ਫ਼ਰਮਾਨ ਜਾਰੀ ਹੋਇਆ, ਭਾਜਪਾ ਸਰਕਾਰ ਵੱਲੋਂ ਉਸੇ ਲਾਲ ਕਿਲ੍ਹੇ 'ਤੇ ਗੁਰੂ ਸਾਹਿਬ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ। ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਿੱਜਦਾ ਕਰਨ ਲਈ ਹਰ ਸਾਲ ਵੀਰ ਬਾਲ ਦਿਵਸ ਮਨਾਇਆ ਜਾਂਦਾ ਹੈ। ਕੀ ਇਹ ਗ.ਲਤ ਹੈ ਕਿ ਪ੍ਰਧਾਨ ਮੰਤਰੀ ਮੋਦੀ ਨੇ ਸਿੱਖ ਜਜ਼ਬਾਤਾਂ ਦੀ ਤਰਜਮਾਨੀ ਕਰਦਿਆਂ ਪਾਰਲੀਮੈਂਟ 'ਚ ਜੂਨ '84 'ਚ ਸ੍ਰੀ ਦਰਬਾਰ ਸਾਹਿਬ 'ਤੇ ਕਾਂਗਰਸ ਵੱਲੋਂ ਕਰਾਏ ਗਏ ਹਥਿਆਰਬੰਦ ਹਮਲੇ ਨੂੰ 'ਹਮਲਾ' ਕਰਾਰ ਦਿੱਤਾ। ਨਵੰਬਰ '84ਦੇ ਸਿੱਖ ਕਤਲੇਆਮ ਨੂੰ 'ਭਿਆਨਕ ਨਰਸੰਹਾਰ' ਕਰਾਰ ਦਿੱਤਾ। ਸਿੱਖ ਕਤਲੇਆਮ ਦੇ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਕੀਤੀ, ਜਦੋਂ ਕਿ ਕਾਂਗਰਸ ਨੇ 35 ਸਾਲਾਂ ਤਕ ਦੋਸ਼ੀਆਂ ਨੂੰ ਬਚਾਈ ਰੱਖਿਆ ਸੀ। ਕਤਲੇਆਮ ਪੀੜਤਾਂ ਨੂੰ ਮਾਲੀ ਮਦਦ ਅਤੇ ਜੋਧਪੁਰ ਨਜ਼ਰਬੰਦਾਂ ਨੂੰ ਮੁਆਵਜ਼ਾ ਦੇਣ ਦੀ ਪਹਿਲ ਕਦਮੀ ਕੀਤੀ। ਕਾਲੀ ਸੂਚੀ ਦਾ ਖ਼ਾਤਮਾ ਕੀਤਾ। ਅਫ਼ਗ.ਾਨਿਸਤਾਨ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਤਿੰਨ ਪਾਵਨ ਸਰੂਪ ਅਤੇ ਅਨੇਕਾਂ ਸਿੱਖਾਂ ਨੂੰ ਸੁਰੱਖਿਅਤ ਲਿਆਂਦੇ ਗਏ। ਸਿੱਖ ਸ਼ਰਨਾਰਥੀਆਂ ਲਈ ਨਾਗਰਿਕਤਾ ਸੋਧ ਕਾਨੂੰਨ ਦਾ ਲਾਭ ਦਿੱਤਾ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਅਤੇ ਭਾਜਪਾ ਸਰਕਾਰ ਨੇ ਸਿੱਖਾਂ ਲਈ ਅਨੇਕਾਂ ਪਹਿਲ ਕਦਮੀਆਂ ਕੀਤੀਆਂ ਹਨ। ਕੁਝ ਮਾਮਲੇ ਲੰਬਿਤ ਹਨ ਉਹ ਵੀ ਜਲਦ ਹੱਲ ਕਰ ਲਏ ਜਾਣਗੇ। ਪ੍ਰੋ. ਸਰਚਾਂਦ ਸਿੰਘ ਨੇ ਅੱਗੇ ਕਿਹਾ ਕਿ ਪੰਥਕ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੀ ਜ਼ਿੰਮੇਵਾਰੀ ਖ਼ੁਦ ਅਕਾਲੀ ਲੀਡਰਸ਼ਿਪ ਨੂੰ ਲੈਣੀ ਚਾਹੀਦੀ ਹੈ, ਪ੍ਰਤੱਖ ਨੂੰ ਪ੍ਰਮਾਣ ਦੀ ਲੋੜ ਨਹੀਂ, ਅਕਾਲੀ ਦਲ ਦਾ ਜੋ ਹੁਣ ਹਸ਼ਰ ਬਣ ਚੁੱਕਾ ਹੈ ਉਹ ਸਿੱਖ ਪੰਥ ਨੂੰ ਪਿੱਠ ਦਿਖਾਉਣ ਕਰਕੇ ਹੀ ਸਿੱਖ ਸੰਗਤ ਵੱਲੋਂ ਦਿੱਤੇ ਗਏ ਮੋਹ ਤੋੜ ਜਵਾਬ ਦਾ ਨਤੀਜਾ ਹੈ। ਭਾਜਪਾ ਆਗੂ ਨੇ ਨੈਤਿਕ ਪਤਨ ਲਈ ਅਕਾਲੀ ਲੀਡਰਸ਼ਿਪ ਨੂੰ ਸਵੈ ਪੜਚੋਲ -ਅੰਤਰ ਝਾਤ ਮਾਰਨ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਡੇਰਾ ਸਾਧ ਨੂੰ ਬਿਨਾ ਮੰਗਿਆ ਮੁਆਫ਼ੀ ਦੇਣ ਵਾਲੇ ਕੌਣ ਹਨ ? ਸਲਾਮਤ ਪੁਰਾ ਡੇਰੇ 'ਚ ਅਮ੍ਰਿਤਛਕਾਉਣ ਅਤੇ ਗੁਰੂ ਦਸਮੇਸ਼ ਪਿਤਾ ਦਾ ਸਵਾਂਗ ਰਚਣ ਲਈ ਪੁਸ਼ਾਕ ਕਿਸ ਨੇ ਉਪਲਬਧ ਕਰਾਇਆ ?ਅਕਾਲੀ ਲੀਡਰਸ਼ਿਪ ਦੇ ਦਬਾਅ ਅਧੀਨ ਮੁਆਫ਼ੀ ਨਾਮਾ ਨੂੰ ਦਰੁਸਤ ਠਹਿਰਾਉਣ ਲਈ ਸ਼੍ਰੋਮਣੀ ਕਮੇਟੀ ਰਾਹੀਂ ਗੁਰੂ ਕੇ ਖ਼ਜ਼ਾਨੇ ਵਿਚੋਂ 80- 90 ਲੱਖ ਦੇ ਇਸ਼ਤਿਹਾਰ ਕਿਸ ਨੇ ਜਾਰੀ ਕਰਵਾਏ ਹਨ ? ਉਨ੍ਹਾਂ ਕਿਹਾ ਕਿ ਸਿੱਖ ਕੌਮ ਜਾਗਰੂਕ ਹੋ ਚੁੱਕੀ ਹੈ, ਅਕਾਲੀ ਲੀਡਰਸ਼ਿਪ ਦੀ ਸਿੱਖ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਭੜਕਾਉਣ ਦੀ ਕੋਸ਼ਿਸ਼ ਦਾ ਹੁਣ ਕੋਈ ਅਸਰ ਨਹੀਂ ਹੋਵੇਗਾ। ਉਨ੍ਹਾਂ ਅਕਾਲੀ ਦਲ 'ਤੇ ਨਿਸ਼ਾਨਾ ਵਿੰਨ੍ਹਦਿਆਂ ਕਿਹਾ ਕਿ ਇਹ ਕਿਹੋ ਜਿਹੀ ਸਿੱਖ ਹਿਤੈਸ਼ੀ ਪਾਰਟੀ ਹੈ ਕਿ ਸਿੱਖਾਂ ਦੀ ਧਾਰਮਿਕ ਰਾਜਧਾਨੀ ਦੀ ਪ੍ਰਤੀਨਿਧਤਾ ਲਈ ਵੀ ਜਿਸ ਕੋਲ ਕੋਈ ਸਿੱਖ ਉਮੀਦਵਾਰ ਨਹੀਂ ?

**☛ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਦਾ ਭਾਜਪਾ ਪ੍ਰਤੀ ਟਿੱਪਣੀਆਂ ਪੂਰੀ ਤਰਾਂ ਰਾਜਨੀਤੀ ਤੋਂ ਪ੍ਰੇਰਿਤ ਅਤੇ ਗੁਮਰਾਹਕੁਨ ☛ ਇਹ ਕਿਹੋ ਜਿਹੀ ਸਿੱਖ ਹਿਤੈਸ਼ੀ ਪਾਰਟੀ ਹੈ ਕਿ ਸਿੱਖਾਂ ਦੀ ਧਾਰਮਿਕ ਰਾਜਧਾਨੀ ਦੀ ਪ੍ਰਤੀਨਿਧਤਾ ਲਈ ਵੀ ਜਿਸ ਕੋਲ ਕੋਈ ਸਿੱਖ ਉਮੀਦਵਾਰ ਨਹੀਂ ?**

# ਬੀਬੀ ਨਿਰਮਲ ਕੌਰ ਸੇਖੋਂ ਸ਼੍ਰੋਮਣੀ ਅਕਾਲੀ ਦਲ ਦੀ ਰਾਜਸੀ ਮਾਮਲਿਆਂ ਬਾਰੇ ਕਮੇਟੀ ਦੇ ਮੈਂਬਰ ਨਿਯੁਕਤ



**ਚੰਡੀਗੜ੍ਹ, 1 ਮਈ (ਆਵਾਜ਼ਿ ਕੌਮ ਬਿਊਰੋ)-**ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਬੀਬੀ ਨਿਰਮਲ ਕੌਰ ਸੇਖੋਂ ਨੂੰ ਪਾਰਟੀ ਦਾ ਪੀ ਏ ਸੀ ਮੈਂਬਰ ਨਿਯੁਕਤ ਕੀਤਾ ਗਿਆ ਹੈ। ਬੀਬੀ ਨਿਰਮਲ ਕੌਰ. ਸੇਖੋਂ ਪਿਛਲੇ ਡੇਢ ਦਹਾਕੇ ਤੋਂ ਪਾਰਟੀ ਦੀ ਸੇਵਾ ਕਰ ਰਹੇ ਹਨ ਅਤੇ ਇਸ ਦੌਰਾਨ ਉਹ ਵੱਖ ਵੱਖ ਅਹੁਦਿਆਂ ਤੇ ਕੰਮ ਕਰ ਚੁੱਕੇ ਹਨ। ਬੀਬੀ ਸੇਖੋਂ ਨੂੰ 2013 ਵਿੱਚ ਉਹਨਾਂ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਮੁੱਖ ਰੱਖਦਿਆਂ ਇਸਤਰੀ ਅਕਾਲੀ ਦਲ ਚੰਡੀਗੜ੍ਹ ਦੇ ਜਥੇਬੰਦਕ ਸਕੱਤਰ ਦੀ ਜਿੰਮੇਵਾਰੀ ਦਿੱਤੀ ਗਈ ਸੀ ਅਤੇ 2015 ਵਿੱਚ ਉਹਨਾਂ ਨੂੰ ਇਸਤਰੀ ਅਕਾਲੀ ਦਲ ਚੰਡੀਗੜ੍ਹ ਦਾ ਪ੍ਰਧਾਨ ਬਣਾਇਆ ਗਿਆ।2017 ਵਿੱਚ ਉਹਨਾਂ ਨੂੰ ਮੁੜ ਇਸਤਰੀ ਅਕਾਲੀ ਦਲ ਚੰਡੀਗੜ੍ਹ ਦਾ ਪ੍ਰਧਾਨ ਬਣਾਇਆ ਗਿਆ ਅਤੇ 2019 ਵਿੱਚ ਇਸਤਰੀ ਅਕਾਲੀ ਦਲ ਦੇ ਜਨਰਲ ਸਕੱਤਰ ਦੀ ਜਿਮੇਵਾਰੀ ਦਿੱਤੀ ਗਈ ਜਿਸਤੋਂ ਬਾਅਦ ਹੁਣ ਪਾਰਟੀ ਵਲੋਂ ਉਹਨਾਂ ਨੂੰ ਅਹਿਮ ਜਿੰਮੇਵਾਰੀ ਦਿੰਦਿਆ ਪਾਰਟੀ ਦੀ ਰਾਜਸੀ ਮਾਮਲਿਆਂ ਬਾਰੇ ਕਮੇਟੀ ਦਾ ਮੈਂਬਰ ਬਣਾਇਆ ਗਿਆ ਹੈ। ਅੱਜ ਪਾਰਟੀ ਦੇ ਹੈਡਕੁਆਰਟਰ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਕੌਰ ਕਮੇਟੀ ਦੇ ਮੈਬਰ ਅਤੇ ਸਾਬਕਾ ਕੈਬਨਿਟ ਮੰਤਰੀ ਜਥੇਦਾਰ ਹੀਰਾ ਸਿੰਘ ਗਾਬੜੀਆ, ਪਾਰਟੀ ਦੇ ਜਨਰਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ , ਨੇ ਉਹਨਾਂ ਨੂੰ ਨਿਯੁਕਤੀ ਪੱਤਰ ਸੋਪਿਆਂ ਇਸ ਮੌਕੇ ਉਹਨਾਂ ਦੇ ਨਾਲ ਜਰਨਲ ਸਕੱਤਰ ਸ੍ਰ ਗੁਰਜੀਤ ਸਿੰਘ ਤਲਵੰਡੀ , ਮੀਤ ਪ੍ਰਧਾਨ ਅਤੇ ਬੁਲਾਰਾ ਹਰਜੀਤ ਸਿੰਘ ਭੁੱਲਰ , ਜਿਲਾ ਪ੍ਰਧਾਨ ਐਸ ਸੀ ਵਿੰਗ ਸੁਰਜੀਤ ਸਿੰਘ ਰਾਜਾ ਮੈਬਰ ਪੀ ਏ ਸੀ ਜਗਰੂਪ ਸਿੰਘ ਚੀਮਾ ਮੈਬਰ ਪੀ ਏ ਸੀ ਬਲਦੇਵ ਸਿੰਘ ਢਿੱਲੋ ਸਲਾਹਕਾਰ ਗੁਰਮੁੱਖ ਸਿੰਘ ਸੰਧੂ , ਗੁਰਬਖਸ਼ ਸਿੰਘ ਸੇਖੋ , ਡਾਕਟਰ ਕਾਰਜ ਸਿੰਘ ਧਰਮ ਸਿੰਘ ਵਾਲਾ ਜਰਨਲ ਕੌਸਲ ਮੈਬਰ ਗਗਨਦੀਪ ਸਿੰਘ ਰਿਆੜ , ਜਰਨਲ ਕੌਸਲ ਮੈਬਰ ਬਲਬੀਰ ਸਿੰਘ ਕੁਠਾਲਾ ਵਿਸੇਸ ਤੌਰ ਤੇ ਹਾਜਰ ਸਨ ਬੀਬੀ ਸੇਖੋ ਨੇ ਕਿਹਾ ਕਿ ਪਾਰਟੀ ਵਲੋਂ ਦਿੱਤੀ ਗਈ ਜਿੰਮੇਵਾਰੀ ਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਬੀਬੀ ਨਿਰਮਲ ਕੌਰ ਸੇਖੋਂ ਨੇ ਕਿਹਾ ਕਿ ਪਾਰਟੀ ਵਲੋਂ ਉਹਨਾਂ ਨੂੰ ਜਿਹੜੀ ਜਿੰਮੇਵਾਰੀ ਦਿੱਤੀ ਗਈ ਹੈ ਉਸਨੂੰ ਉਹ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਦੀ ਮਜਬੂਤੀ ਲਈ ਕੰਮ ਕਰਨਗੇ। ਇਸ ਮੌਕੇ ਸਮੂਹ ਇਸਤਰੀ ਸਤਸੰਗ ਚੰਡੀਗੜ੍ਹ ਦੀਆਂ ਬੀਬੀਆਂ, ਬੀਬੀ ਹਰਦਿਆਲ ਕੌਰ ਗਰੇਵਾਲ ਪ੍ਰਧਾਨ, ਬੀਬੀ ਮਨਮੋਹਨ ਕੌਰ, ਬੀਬੀ ਅਰਵਿੰਦਰ ਕੌਰ, ਬੀਬੀ ਰਵਿੰਦਰ ਕੌਰ, ਬੀਬੀ ਸਤਵਿੰਦਰ ਕੌਰ ਅਤੇ ਲੋਕ ਭਲਾਈ ਜਥੇ ਦੇ ਚੇਅਰਮੈਨ ਬਾਬਾ ਬਲਵਿੰਦਰ ਸਿੰਘ ਹਾਜਰ ਸਨ।

# ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਗੁਰਦੁਆਰਾ ਸ੍ਰੀ ਚੋਲਾ ਸਾਹਿਬ ਵਿਖੇ ਮੱਥਾ ਟੇਕਿਆ

## ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅੰਗ ਵਸਤਰ ਸ੍ਰੀ ਚੋਲਾ ਸਾਹਿਬ ਦੇ ਦਰਸ਼ਨ ਕੀਤੇ




**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 1 ਮਈ (ਕੁਲਜੀਤ ਸਿੰਘ ਖੋਖਰ)-** ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਅੱਜ ਡੇਰਾ ਬਾਬਾ ਨਾਨਕ ਵਿਖੇ ਗੁਰਦੁਆਰਾ ਸ੍ਰੀ ਚੋਲਾ ਸਾਹਿਬ ਵਿਖੇ ਮੱਥਾ ਟੇਕ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਗੁਰਦੁਆਰਾ ਸ੍ਰੀ ਚੋਲਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅੰਗ ਵਸਤਰ ਦੇ ਦਰਸ਼ਨ ਕੀਤੇ।ਇਸ ਦੌਰਾਨ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਉਨ੍ਹਾਂ ਨੂੰ ਡੇਰਾ ਬਾਬਾ ਨਾਨਕ ਅਤੇ ਸ੍ਰੀ ਚੋਲਾ ਸਾਹਿਬ ਦੇ ਇਤਿਹਾਸ ਬਾਰੇ ਜਾਣਕਾਰੀ ਦੇਣ ਦੇ ਨਾਲ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਅਤੇ ਜਰਨੈਲ ਸਰਦਾਰ ਹਰੀ ਸਿੰਘ ਨਲਵਾ ਵੱਲੋਂ ਚੜਾਏ ਗਏ ਰੁਮਾਲਿਆਂ ਦੇ ਦਰਸ਼ਨ ਵੀ ਕਰਵਾਏ ਗਏ। ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਗੁਰਦੁਆਰਾ ਸ੍ਰੀ ਚੋਲਾ ਸਾਹਿਬ ਵਿਖੇ ਨਤਮਸਤਕ ਹੋ ਕੇ ਅਤੇ ਗੁਰੂ ਸਾਹਿਬ ਦੇ ਪਾਵਨ ਅੰਗ ਵਸਤਰ ਸ੍ਰੀ ਚੋਲਾ ਸਾਹਿਬ ਦੇ ਦਰਸ਼ਨ ਕਰਕੇ ਉਨ੍ਹਾਂ ਨੂੰ ਬਹੁਤ ਸਕੂਨ ਮਿਲਿਆ ਹੈ। ਉਨ੍ਹਾਂ ਕਿਹਾ ਕਿ ਡੇਰਾ ਬਾਬਾ ਨਾਨਕ ਨਗਰ ਸ੍ਰੀ ਗੁਰੂ ਨਾਨਕ ਸਾਹਿਬ ਦੀ ਪਾਵਨ ਚਰਨਛੋਹ ਪ੍ਰਾਪਤ ਧਰਤੀ ਹੈ ਅਤੇ ਗੁਰੂ ਸਾਹਿਬ ਨੇ ਏਥੋਂ ਕੁੱਲ ਲੋਕਾਈ ਨੂੰ ਕਿਰਤ ਕਰੋ, ਨਾਮ ਜੱਪੋ ਅਤੇ ਵੰਡ ਛਕੋ ਦਾ ਉਪਦੇਸ਼ ਦਿੱਤਾ ਸੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਬਖਸ਼ਿਸ਼ ਸਦਕਾ ਡੇਰਾ ਬਾਬਾ ਨਾਨਕ ਪੂਰੀ ਦੁਨੀਆਂ ਵਿੱਚ ਸਤਿਕਾਰਤ ਹੈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਸ੍ਰੀ ਹਰਦੀਪ ਸਿੰਘ, ਤਹਿਸੀਲਦਾਰ ਸ. ਲਖਵਿੰਦਰ ਸਿੰਘ, ਨਾਇਬ ਤਹਿਸੀਲਦਾਰ ਸ੍ਰੀ ਅਰਮਾਨਦੀਪ ਸਿੰਘ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 6 ਮਈ ਨੂੰ ਰਣਜੀਤ ਢਿੱਲੋਂ ਦੀ ਜਗਰਾਉਂ ਫੇਰੀ ’ਤੇ

# ਸਰਕਲ ਗਿੱਦੜਵਿੰਡੀ ਦੇ ਪਿੰਡਾਂ ਵਿੱਚ ਹੋਣਗੇ ਵੱਡੇ ਇਕੱਠ : ਐੱਸ ਆਰ ਕਲੇਰ





ਆਵਾਜ਼ਿ ਕੌਮ AWAZE QAUM International Newspaper & WEB TV

ਜਗਰਾਉਂ (ਵਰਿਆਮ ਹਠੂਰ) ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਸ.ਰਣਜੀਤ ਸਿੰਘ ਢਿੱਲੋਂ ਦਾ 6 ਮਈ ਨੂੰ ਸਰਕਲ ਗਿੱਦੜਵਿੰਡੀ ਦੇ ਵੱਖ-ਵੱਖ ਪਿੰਡਾ ਵਿੱਚ ਚੋਣ ਪ੍ਰਚਾਰ ਸਬੰਧੀ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸ਼੍ਰੀ ਐੱਸ.ਆਰ.ਕਲੇਰ ਨੇ ਸਰਕਲ ਗਿੱਦੜਵਿੰਡੀ ਦੇ ਪਿੰਡ ਲੀਲਾ ਅਤੇ ਪਿੰਡ ਅੱਬੂਪੁਰਾ ਵਿਖੇ ਆਗੂਆਂ, ਵਰਕਰਾਂ ਅਤੇ ਬੀਬੀਆਂ ਭੈਣਾਂ ਨਾਲ ਖਾਸ ਮੀਟਿੰਗ ਕੀਤੀ। ਇਸ ਮੌਕੇ ਹਲਕਾ ਇੰਚਾਰਜ ਸ਼੍ਰੀ ਐੱਸ ਆਰ ਕਲੇਰ ਨੂੰ ਦੋਵੇਂ ਪਿੰਡਾਂ ਦੇ ਵਰਕਰਾਂ ਨੇ ਮੋਢੇ ਨਾਲ ਮੋਢਾ ਲਾਉਣ ਦਾ ਭਰੋਸਾ ਦਵਾਇਆ, ਤੇ ਕਿਹਾ ਕਿ ਉਮੀਦਵਾਰ ਸ: ਰਣਜੀਤ ਸਿੰਘ ਢਿੱਲੋਂ ਦੀ ਆਮਦ ਤੇ ਹਲਕੇ ਵਿੱਚ ਭਰਵੇਂ ਇਕੱਠ ਕੀਤੇ ਜਾਣਗੇ, ਗੱਲਬਾਤ ਕਰਦਿਆਂ ਹਲਕਾ ਇੰਚਾਰਜ ਸ਼੍ਰੀ ਐੱਸ ਆਰ ਕਲੇਰ ਨੇ ਕਿਹਾ ਕਿ ਉਮੀਦਵਾਰ ਸ: ਰਣਜੀਤ ਸਿੰਘ ਢਿੱਲੋਂ ਦੇ ਹਲਕੇ ਵਿੱਚ ਆਉਣ ਦੀ ਗੱਲ ਸੁਣਕੇ ਹਲਕੇ ਗਿੱਦੜਵਿੰਡੀ ਦੇ ਪਿੰਡਾਂ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਤੇ ਖ਼ਾਸਕਰ ਨੌਜਵਾਨ ਪੱਬਾਂ ਭਾਰ ਹੋਏ ਪਏ ਹਨ। ਹਲਕਾ ਇੰਚਾਰਜ ਸ਼੍ਰੀ ਐੱਸ ਆਰ ਕਲੇਰ ਨੇ ਕਿਹਾ ਕਿ ਲੋਕ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਦੇ ਕੀਤੇ ਹੋਏ ਵਿਕਾਸ ਕਾਰਜਾਂ ਤੋਂ ਬਹੁਤ ਪ੍ਰਭਾਵਿਤ ਹਨ। ਤੇ ਆਉਣ ਵਾਲੇ ਸਮੇਂ ਵਿੱਚ ਮੁੜ ਤੋਂ ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਵੇਖਣਾ ਚਾਹੁੰਦੇ ਹਨ। ਕਿਉਂਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਮੌਕੇ ਹੀ ਵੱਡੀ ਪੱਧਰ ਤੇ ਵਿਕਾਸ ਕਾਰਜ ਹੋਏ ਹਨ। ਅੰਤ ਵਿੱਚ ਕਲੇਰ ਨੇ ਕਿਹਾ ਕਿ ਜਗਰਾਉਂ ਤੋਂ ਸ: ਰਣਜੀਤ ਸਿੰਘ ਢਿੱਲੋਂ ਨੂੰ ਵੱਡੀ ਲੀਡ ਨਾਲ ਜਿਤਾ ਕੇ ਭੇਜਾਂਗੇ ਤੇ ਸੀਟ ਸ਼੍ਰੋਮਣੀ ਅਕਾਲੀ ਦਲ ਦੀ ਝੋਲੀ ਪਵੇਗੀ, ਬੀਬੀ ਕੁਲਵਿੰਦਰ ਕੌਰ ਅੱਬੂਪੁਰਾ ਨੇ ਕਿਹਾ ਕਿ ਉਮੀਦਵਾਰ ਸ: ਰਣਜੀਤ ਸਿੰਘ ਢਿੱਲੋਂ ਦੀ ਆਮਦ ਤੇ ਬੀਬੀਆਂ ਭੈਣਾਂ ਦਾ ਵੱਡਾ ਇਕੱਠ ਕਰਕੇ ਸ਼੍ਰੋਮਣੀ ਅਕਾਲੀ ਦਲ ਦੇ ਕੀਤੇ ਕੰਮਾਂ ਪ੍ਰਤੀ ਜਾਗਰੂਕ ਕੀਤਾ ਜਾਵੇਗਾ, ਇਸ ਮੌਕੇ ਪਿੰਡ ਲੀਲਾ ਵਿਖੇ ਸਰਕਲ ਪ੍ਰਧਾਨ ਸੁਖਦੇਵ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਤੇਜਿੰਦਰ ਸਿੰਘ ਕੰਨੀਆ, ਭਾਵਖੰਡਨ ਸਿੰਘ ਗਿੱਦੜਵਿੰਡੀ, ਸਾਬਕਾ ਸਰਪੰਚ ਜਸਦੇਵ ਸਿੰਘ ਲੀਲਾ, ਬਲਰਾਜ ਸਿੰਘ ਗਰੇਵਾਲ, ਸਰਪੰਚ ਬੁੱਧ ਸਿੰਘ, ਬਲਾਕ ਸੰਮਤੀ ਮੈਂਬਰ ਅਜਮੇਰ ਸਿੰਘ, ਬਹਾਦਰ ਸਿੰਘ, ਰੁਪਿੰਦਰ ਸਿੰਘ, ਪ੍ਰਧਾਨ ਜਸਵਿੰਦਰ ਸਿੰਘ, ਪੂਰਨ ਸਿੰਘ, ਜਗਰਾਜ ਸਿੰਘ, ਪੰਚ ਦਵਿੰਦਰ ਸਿੰਘ, ਜਗਦੇਵ ਸਿੰਘ, ਕੁਲਦੀਪ ਸਿੰਘ, ਜੁਗਿੰਦਰ ਸਿੰਘ, ਜਗਦੇਵ ਸੇਖੋਂ, ਹਰਚਰਨ ਸਿੰਘ, ਕੁਲਵਿੰਦਰ ਸਿੰਘ, ਕਾਕੂ, ਸੰਦੀਪ ਸਿੰਘ ਤੋਂ ਇਲਾਵਾ ਪਿੰਡ ਅੱਬੂਪੁਰਾ ਵਿਖੇ ਬੀਬੀ ਕੁਲਵਿੰਦਰ ਕੌਰ ਦੇ ਗ੍ਰਹਿ ਵਿਖੇ ਮੀਟਿੰਗ ਵਿੱਚ ਸ਼੍ਰੀ ਮਤੀ ਰਾਜ ਕੌਰ, ਭਜਨ ਕੌਰ, ਪਰਮਜੀਤ ਕੌਰ, ਮਨਪ੍ਰੀਤ ਕੌਰ, ਬਲਵੀਰ ਕੌਰ, ਮਲਕੀਤ ਕੌਰ, ਸੰਦੀਪ ਕੌਰ, ਗੁਰਵਿੰਦਰ ਕੌਰ , ਰਾਜਵਿੰਦਰ ਕੌਰ ਤੇ ਹੋਰ ਬੀਬੀਆਂ ਭੈਣਾਂ ਅਤੇ ਵੀਰ ਹਾਜ਼ਰ ਸਨ।

**ਵੱਡੀ ਗਿਣਤੀ ਵਿੱਚ ਬੀਬੀਆਂ ਭੈਣਾਂ ਇਕੱਠਾਂ ਵਿੱਚ ਕਰਨਗੀਆਂ ਸ਼ਮੂਲੀਅਤ : ਬੀਬੀ ਕੁਲਵਿੰਦਰ ਕੌਰ ਅੱਬੂਪੁਰਾ**

### ਸਿਕਲੀਗਰ ਪਰਿਵਾਰਾਂ ਦੇ

# ਬੱਚਿਆਂ ਦੀ ਪੜ੍ਹਾਈ ਦਾ ਖਰਚਾ ਰਾਜੌਰੀ ਗਾਰਡਨ ਦੀ ਸੰਗਤ ਕਰੇਗੀ : ਹਰਮਨਜੀਤ ਸਿੰਘ



ਆਵਾਜ਼ਿ ਕੌਮ AWAZE QAUM International Newspaper & WEB TV

ਨਵੀਂ ਦਿੱਲੀ, 1 ਮਈ (ਮਨਪ੍ਰੀਤ ਸਿੰਘ ਖਾਲਸਾ): ਸਿਕਲੀਗਰ ਪਰਿਵਾਰਾਂ ਦੇ ਬੱਚਿਆਂ ਦੀ ਮਦਦ ਲਈ ਰਾਜੌਰੀ ਗਾਰਡਨ ਦੀ ਸੰਗਤ ਅੱਗੇ ਆਈ ਹੈ। ਰਾਜੌਰੀ ਗਾਰਡਨ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹਰਮਨਜੀਤ ਸਿੰਘ, ਜਨਰਲ ਸਕੱਤਰ ਮਨਜੀਤ ਸਿੰਘ ਖੰਨਾ, ਬਲਦੀਪ ਸਿੰਘ ਰਾਜਾ ਦੀ ਅਪੀਲ ’ਤੇ ਰਾਜੌਰੀ ਗਾਰਡਨ ਦੀ ਸੰਗਤ ਨੇ ਬੱਚਿਆਂ ਦੀ ਪੜ੍ਹਾਈ ਦਾ ਖਰਚਾ ਉਠਾਉਣ ਦਾ ਐਲਾਨ ਕੀਤਾ ਹੈ। ਇਸ ਦੌਰਾਨ ਰਾਜੌਰੀ ਗਾਰਡਨ ਗੁਰਦੁਆਰਾ ਸਾਹਿਬ ਵਿਖੇ ਬੱਚਿਆਂ ਨੂੰ ਸਨਮਾਨਤ ਵੀ ਕੀਤਾ ਗਿਆ। ਸ: ਹਰਮਨਜੀਤ ਸਿੰਘ ਨੇ ਦੱਸਿਆ ਕਿ ਮੱਧ ਪ੍ਰਦੇਸ਼ ਦੇ ਬਹਰਾਨਪੁਰ ਤੋਂ ਸਿਕਲੀਗਰ ਪਰਿਵਾਰਾਂ ਦੇ ਸੈਂਕੜੇ ਬੱਚੇ ਦਿੱਲੀ ਦੇ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਆਏ ਹੋਏ ਸਨ, ਜਿਨ੍ਹਾਂ ਦੀ ਰਿਹਾਇਸ਼, ਲੰਗਰ ਆਦਿ ਲਈ ਪ੍ਰਬੰਧ ਰਾਜੌਰੀ ਗਾਰਡਨ ਗੁਰਦੁਆਰਾ ਸਾਹਿਬ ਵਿਖੇ ਕੀਤੇ ਗਏ ਸਨ। ਕਮੇਟੀ ਨੇ ਇਹ ਵੀ ਕਿਹਾ ਹੈ ਕਿ ਉਹ ਲਗਭਗ 400 ਬੱਚਿਆਂ ਦੀ ਪੜ੍ਹਾਈ ਦਾ ਖਰਚਾ ਚੁੱਕੇਗੀ ਅਤੇ ਬੱਚਿਆਂ ਨੂੰ ਸਕੂਲ ਬੈਗ, ਸਟੇਸ਼ਨਰੀ, ਵਰਦੀਆਂ ਵੀ ਮੁਹੱਈਆ ਕਰਵਾਏਗੀ। ਰਾਜੌਰੀ ਗਾਰਡਨ ਦੀ ਸੰਗਤ ਦੇ ਸਹਿਯੋਗ ਨਾਲ ਸਿੱਖ ਪਰਿਵਾਰਾਂ ਦੇ ਬੱਚਿਆਂ ਲਈ ਬਹਰਾਨਪੁਰ ਵਿੱਚ ਸਕੂਲ ਬਣਾਉਣ ਵਾਲੀ ਸੰਸਥਾ ਸਿੱਖ ਏਡ ਸਕਾਟਲੈਂਡ ਨੂੰ ਵੀ 4 ਲੱਖ ਰੁਪਏ ਦੀ ਰਾਸ਼ੀ ਭੇਟ ਕੀਤੀ ਗਈ ਹੈ। ਹਰਮਨਜੀਤ ਸਿੰਘ ਨੇ ਕਿਹਾ ਕਿ ਹਰ ਵਿਅਕਤੀ ਨੂੰ ਸਿੱਖਿਆ ਅਤੇ ਦਵਾਈ ਦੀ ਬੁਨਿਆਦੀ ਜ਼ਰੂਰਤ ਸਮੇਂ ਸਿਰ ਮਿਲਣੀ ਚਾਹੀਦੀ ਹੈ, ਜਿਸ ਵਾਸਤੇ ਲਗਾਤਾਰ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ, ਸਾਨੂੰ ਖ਼ੁਸ਼ੀ ਹੈ ਕਿ ਰਾਜੌਰੀ ਗਾਰਡਨ ਗੁਰਦੁਆਰਾ ਸਾਹਿਬ ਦੀ ਸਮੁੱਚੀ ਟੀਮ ਅਤੇ ਸੰਗਤ ਇਹ ਦੋਵੇਂ ਕਾਰਜ ਪੂਰੀ ਜ਼ਿੰਮੇਵਾਰੀ ਨਾਲ ਨਿਭਾ ਰਹੀ ਹੈ। ਉਨ੍ਹਾਂ ਨੇ ਕਹਾਣੀਕਾਰ ਡਾ: ਮਨਪ੍ਰੀਤ ਸਿੰਘ ਦਾ ਵਿਸ਼ੇਸ਼ ਤੌਰ ’ਤੇ ਧੰਨਵਾਦ ਕੀਤਾ, ਜਿਨ੍ਹਾਂ ਦੇ ਵਿਸ਼ੇਸ਼ ਯਤਨਾਂ ਸਦਕਾ ਇਹ ਬੱਚੇ ਇੱਥੇ ਪਹੁੰਚੇ ਸਨ।

# ਜ਼ਿਲ੍ਹਾ ਅੰਮ੍ਰਿਤਸਰ ਨੂੰ ਕੀਤਾ ਜਾਵੇਗਾ ਤੰਬਾਕੂ ਮੁਕਤ: ਡਾ ਜਗਨਜੋਤ ਕੌਰ




**ਚੌਕ ਮਹਿਤਾ 1ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਡਿਪਟੀ ਡਾਇਰੈਕਟਰ(ਡੈਂਟਲ) ਕਮ ਡੀ.ਡੀ.ਐਚ.ਓ. ਡਾ ਜਗਨਜੋਤ ਕੌਰ ਵਲੋਂ ਨੈਸ਼ਨਲ ਤੰਬਾਕੂ ਕੰਟਰੋਲ ਪ੍ਰੋਗਰਾਮ ਸੰਬਧੀ ਡੀ.ਐਲ.ਸੀ.ਸੀ.(ਡਿਸਟ੍ਰਿਕਟ ਲੈਵਲ ਕੋਆਰਡੀਨੇਸ਼ਨ ਕਮੇਟੀ) ਦੀ ਮੀਟਿੰਗ ਕਰਵਾਈ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਏ.ਡੀ.ਸੀ. ਮੈਡਮ ਜਯੋਤੀ ਬਾਲਾ ਮੱਟੂ ਜੀ ਵਲੋਂ ਕੀਤੀ ਗਈ। ਇਸ ਮੀਟਿੰਗ ਵਿਚ ਪੰਜਾਬ ਪੁਲਿਸ ਵਿਭਾਗ, ਸਿਖਿਆ ਵਿਭਾਗ, ਪ੍ਰਈਵੇਟ ਕਾਲਜਾਂ ਦੇ ਨੁਮਾਇੰਦੇ, ਰੂਰਲ ਡਿਵੈਪਮੈਂਟ ਵਿਭਾਗ, ਮੁਨੀਂਸੀਪਲ ਕਾਰਪੋਰੇਸ਼ਨ ਦੇ ਨੁਮਾਇੰਦੇ ਅਤੇ ਐਨ.ਜੀ.ਓ. ਵਲੋਂ ਜਨਰੇਸ਼ਨ ਸੇਵੀਅਰ ਐਸੋਸੀਏਸ਼ਨ(ਚੰਡੀਗੜ੍ਹ) ਦੇ ਨੁਮਾਇੰਦੇ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਇਸ ਅਵਸਰ ਤੇ ਸੰਬੋਧਨ ਕਰਦਿਆਂ ਡਿਪਟੀ ਡਾਇਰੈਕਟਰ(ਡੈਂਟਲ) ਕਮ ਡੀ.ਡੀ.ਐਚ.ਓ. ਡਾ ਜਗਨਜੋਤ ਕੌਰ ਨੇ ਕਿਹਾ ਕਿ ਜਿਲ੍ਹਾ ਅੰਮ੍ਰਿਤਸਰ ਨੂੰ ਜਲਦ ਹੀ ਤੰਬਾਕੂ ਮੁਕਤ ਕੀਤਾ ਜਾਵੇਗਾ ਅਤੇ ਇਸ ਮਕਸਦ ਨੂੰ ਪੂਰਾ ਕਰਨ ਲਈ ਸਾਰੇ ਵਿਭਾਗਾਂ ਨੂੰ ਰਲ-ਮਿਲ ਕੇ ਕਦਮ ਚੁੱਕਣ ਦੀ ਲੋੜ ਹੈ। ਜਿਲ੍ਹਾ ਅੰਮ੍ਰਿਤਸਰ ਵਿਚ ਬਹੁਤ ਸਾਰੇ ਪਿੰਡ ਤੰਬਾਕੂ ਮੁਕਤ ਹੋ ਚੁੱਕੇ ਹਨ, ਪਰ ਅਜੇ ਵੀ ਸ਼ਹਿਰੀ ਖੇਤਰਾਂ ਵਿਚ ਬਹੁਤ ਸਾਰਾ ਕੰਮ ਕੀਤਾ ਜਾਣਾਂ ਬਾਕੀ ਹੈ ।ਸਿਹਤ ਵਿਭਾਗ ਵਲੋਂ ਲਗਾਤਾਰ ਚਲਾਣ ਕੱਟੇ ਜਾ ਰਹੇ ਹਨ ਅਤੇ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਪ੍ਰਤੀ ਸੁਚੇਤ ਕੀਤਾ ਜਾ ਰਿਹਾ ਹੈ ਉਹਨਾਂ ਸਾਰੇ ਵਿਭਾਗਾਂ ਨੂੰ ਅਪੀਲ ਕੀਤੀ ਕਿ ਸਾਰੇ ਵਿਭਾਗ ਆਪਣੇ ਅਧਿਕਾਰ ਖੇਤਰ ਅੰਦਰ ਕੋਟਪਾ ਐਕਟ ਦੀ ਪਾਲਣਾਂ ਨੂੰ ਯਕੀਨੀ ਬਣਾਉਣ ਅਤੇ ਤੰਬਾਕੂ ਮੁਕਤ ਪੰਜਾਬ ਵਿਚ ਆਪਣਾਂ ਯੋਗਦਾਨ ਪਾਉਣ। ਇਸ ਮੌਕੇ ਜਨਰੇਸ਼ਨ ਸੇਵੀਅਰ ਐਸੋਸੀਏਸ਼ਨ(ਚੰਡੀਗੜ੍ਹ) ਵਲੋਂ ਡਾ ਆਸਥਾ, ਐਡਵੋਕੇਟ ਗੁਰਪ੍ਰੀਤ ਸਿੰਘ, ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਡਾ ਲਖਵਿੰਦਰ ਸਿੰਘ, ਡਾ ਜਸਪ੍ਰੀਤ ਕੌਰ, ਡਾ ਤਰਨਦੀਪ ਕੌਰ, ਡਾ ਗੁਰਸੇਵਕ ਸਿੰਘ, ਡਾ ਸ਼ਬਨਮ, ਡਾ ਸਿਮਰਨਜੀਤ ਸਿੰਘ, ਡਾ ਪਲੱਵੀ ਅਤੇ ਸਮੂਹ ਸਟਾਫ ਹਾਜਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਕਿਸਾਨ ਮਜ਼ਦੂਰ ਪਸ਼ੂ ਪਾਲਣ ਭਲਾਈ ਫਰੰਟ ਪੰਜਾਬ ਦਾ ਹੋਇਆ ਪਹਿਲਾ ਇਜਲਾਸ



**ਤਲਵੰਡੀ ਸਾਬੋ, 01 ਮਈ,(ਗੁਰਜੰਟ ਸਿੰਘ ਨਥੇਹਾ)**-ਅੱਜ ਵੈਟਰਨਰੀ ਇੰਸਪੈਕਟਰ ਜਗਸੀਰ ਸਿੰਘ ਖਿਆਲਾ ਦੇ ਸੱਦੇ ’ਤੇ ਕਿਸਾਨ ਮਜ਼ਦੂਰ ਪਸ਼ੂ ਪਾਲਣ ਭਲਾਈ ਫਰੰਟ ਪੰਜਾਬ ਦੀ ਸਥਾਪਨਾ ਕੀਤੀ ਗਈ ਅਤੇ ਪਹਿਲਾ ਇਜਲਾਸ ਦਸਮੇਸ਼ ਕਾਲਜ ਮਲਕਪੁਰ ਖਿਆਲਾ ਵਿਖੇ ਬੁਲਾਇਆ ਗਿਆ ਜਿਸ ਵਿੱਚ ਵੈਟਰਨਰੀ ਸਾਥੀਆਂ, ਕਿਸਾਨ ਮਜ਼ਦੂਰ ਪਸ਼ੂ ਪਾਲਕ ਭਾਰੀ ਗਿਣਤੀ ਵਿੱਚ ਹਾਜ਼ਰ ਹੋਏ। ਇਸ ਮੌਕੇ ਕਿਸਾਨ ਮਜ਼ਦੂਰ ਪਸ਼ੂ ਪਾਲਕਾਂ ਨੂੰ ਪਸ਼ੂ ਪਾਲਣ ਸਬੰਧੀ ਆ ਰਹੀਆਂ ਦਿੱਕਤਾਂ ਬਾਰੇ ਵਿਚਾਰ ਚਰਚਾ ਕੀਤੀ ਗਈ। ਵੈਟਰਨਰੀ ਸਾਥੀਆਂ ਦੀਆਂ ਸਮੱਸਿਆਂਵਾਂ ਅਤੇ ਮੰਗਾਂ ਸਬੰਧੀ ਯੋਜਨਾ ਉਲੀਕੀ ਗਈ। ਫ਼ਰੰਟ ਵਲੋਂ ਕਿਸਾਨ ਮਜ਼ਦੂਰ ਪਸ਼ੂ ਪਾਲਣ ਭਲਾਈ ਲਈ ਵੱਧ ਤੋਂ ਵੱਧ ਸੇਵਾ ਕਰਨ ਦੀ ਵਚਨਬੱਧਤਾ ਸਬੰਧੀ ਪ੍ਰਣ ਲਿਆ ਗਿਆ। ਇਸ ਮੌਕੇ ਜਗਸੀਰ ਸਿੰਘ ਖਿਆਲਾ ਨੇ ਕਿਸਾਨ ਮਜ਼ਦੂਰ ਪਸ਼ੂ ਪਾਲਣ ਭਲਾਈ ਫਰੰਟ ਪੰਜਾਬ ਦੀ ਮੈਂਬਰਸ਼ਿਪ ਦੀ ਰਸਮੀ ਸ਼ੁਰੂਆਤ ਕੀਤੀ ਗਈ ਅਤੇ ਦੱਸਿਆ ਗਿਆ ਕਿ ਆਉਣ ਵਾਲੇ ਸਮੇਂ ਵਿੱਚ ਇਸ ਫਰੰਟ ਵਲੋਂ ਪਸ਼ੂ ਪਾਲਣ ਦੇ ਕਿੱਤੇ ਨੂੰ ਉਤਸ਼ਾਹਿਤ ਕਰਨ ਸਬੰਧੀ ਹਰ ਸੰਭਵ ਕੋਸ਼ਿਸ਼ਾਂ ਕੀਤੀਆਂ ਜਾਣਗੀਆਂ। ਇਸ ਮੌਕੇ ਬੋਲਦਿਆਂ ਜੋਗਿੰਦਰ ਪਾਲ ਸਿੰਘ ਨੇ ਕਿਹਾ ਕਿ ਫ਼ਰੰਟ ਵਲੋਂ ਪਸ਼ੂ ਪਾਲਣ ਦੇ ਕਿੱਤੇ ਸਬੰਧੀ ਆ ਰਹੀਆਂ ਸਮੱਸਿਆਵਾਂ ਦੇ ਹੱਲ ਕਰਨ ਲਈ ਦਿਨ ਰਾਤ ਸਹਿਯੋਗ ਦਿੱਤਾ ਜਾਵੇਗਾ। ਸੁਖਜਿੰਦਰ ਸਿੰਘ ਨੇ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਕਿ ਪਸ਼ੂ ਪਾਲਣ ਵਿਭਾਗ ਵਲੋਂ ਪਸ਼ੂ ਧਨ ਨੂੰ ਬਿਮਾਰੀਆਂ ਤੋਂ ਬਚਾਉਣ ਸਮੇਂ ਸਮੇਂ ਕੀਤੀ ਜਾਂਦੀ ਵੈਕਸੀਨੇਸ਼ਨ ਕਰਵਾਉਣ ਲਈ ਅਪੀਲ ਕੀਤੀ ਗਈ। ਕਿਸਾਨ ਅਤੇ ਮਜ਼ਦੂਰ ਪਸ਼ੂ ਪਾਲਕ ਆਗੂਆਂ ਵਲੋਂ ਫਰੰਟ ਨੂੰ ਇਸ ਨੇਕ ਕਾਰਜ ਸ਼ੁਰੂ ਕਰਨ ਲਈ ਧੰਨਵਾਦ ਕੀਤਾ ਗਿਆ। ਇਸ ਮੌਕੇ ਵੈਟਰਨਰੀ ਇੰਸਪੈਕਟਰ ਜਗਸੀਰ ਸਿੰਘ ਖਿਆਲਾ, ਜੋਗਿੰਦਰ ਪਾਲ ਸਿੰਘ, ਇਕਬਾਲ ਸਿੰਘ, ਸੁਖਜਿੰਦਰ ਸਿੰਘ, ਕੁਲਵਿੰਦਰ ਸਿੰਘ, ਕਰਮਜੀਤ ਸਿੰਘ, ਲਵ ਸਿੰਗਲਾ, ਹੈਰੀ ਸਿੰਗਲਾ, ਸਤਨਾਮ ਬਰਨਾਲਾ, ਜਗਸੀਰ ਭੀਖੀ, ਮਨਦੀਪ ਸਿੰਘ ਅਤੇ ਕਿਸਾਨ ਮਜ਼ਦੂਰ ਆਗੂ ਮਲਕੀਤ ਸਿੰਘ ਜੌੜਕੀਆਂ, ਚਮਕੌਰ ਸਿੰਘ ਖਿਆਲਾ, ਜਗਤਾਰ ਸਰਾਂ, ਸੁਰਜੀਤ ਸਿੰਘ ਨਥੇਹਾ, ਮਨਜਿੰਦਰ ਭਵਾਨੀਗੜ੍ਹ ਸਮੇਤ ਭਾਰੀ ਗਿਣਤੀ ਵਿੱਚ ਪਸ਼ੂ ਪਾਲਕਾਂ ਨੇ ਸ਼ਮੂਲੀਅਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਦੀ ਬਾਰ੍ਹਵੀਂ ਜਮਾਤ ਦਾ ਨਤੀਜਾ ਰਿਹਾ ਸੌ ਫ਼ੀਸਦੀ



ਤਲਵੰਡੀ ਸਾਬੋ, 01 ਮਈ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬਾਰ੍ਹਵੀਂ ਜਮਾਤ ਦੇ ਐਲਾਨੇ ਗਏ ਨਤੀਜੇ ਵਿਚੋਂ ਨਜ਼ਦੀਕੀ ਪਿੰਡ ਲਹਿਰੀ ਦੇ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਸ੍ਰ. ਲਖਵਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਬਾਰ੍ਹਵੀਂ ਜਮਾਤ ਦੇ 50 ਵਿਦਿਆਰਥੀਆਂ ਨੇ ਇਮਤਿਹਾਨ ਦਿੱਤਾ ਸੀ ਜਿਹਨਾਂ ਵਿੱਚੋਂ ਸਾਰੇ ਵਿਦਿਆਰਥੀ ਫਸਟ ਡਵੀਜ਼ਨ ਨਾਲ ਪਾਸ ਹੋਏ ਹਨ। ਜਿਹਨਾਂ ਵਿੱਚੋਂ ਜਸਪ੍ਰੀਤ ਕੌਰ ਪੁੱਤਰੀ ਬਲਕਰਨ ਸਿੰਘ ਪਿੰਡ ਸੂਰਤੀਆ ਅਤੇ ਖੁਸ਼ਦੀਪ ਕੌਰ ਪੁੱਤਰੀ ਜਗਦੇਵ ਸਿੰਘ, ਪਿੰਡ ਬਹਿਮਣ ਕੌਰ ਸਿੰਘ ਨੇ 476/500, 95.2 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ ਜਦੋਂਕਿ ਮਹਿਕਦੀਪ ਕੌਰ ਪੁੱਤਰੀ ਭਗਵਾਨ ਸਿੰਘ, ਪਿੰਡ ਸੂਰਤੀਆ ਨੇ 500 ਵਿਚੋਂ 473 ਅੰਕ ਹਾਸਲ ਕਰਕੇ 94.6 ਪ੍ਰਤੀਸ਼ਤ ਨਾਲ ਦੂਸਰਾ ਸਥਾਨ ਗ੍ਰਹਿਣ ਕੀਤਾ। ਇਸਤੋਂ ਇਲਾਵਾ ਵਿਦਿਆਰਥਣ ਕਿਰਨਦੀਪ ਕੌਰ ਪੁੱਤਰੀ ਗੁਰਪਿਆਰ ਸਿੰਘ, ਪਿੰਡ ਲਹਿਰੀ ਨੇ 500 ਵਿਚੋਂ 470 ਅੰਕ ਪ੍ਰਾਪਤ ਕਰਕੇ 94 ਪ੍ਰਤੀਸ਼ਤ ਨਾਲ ਤੀਸਰਾ ਸਥਾਨ ਹਾਸਲ ਕੀਤਾ। ਸ੍ਰ. ਸਿੱਧੂ ਨੇ ਦੱਸਿਆ ਕਿ 90 ਤੋਂ 100 ਪ੍ਰਤੀਸ਼ਤ ਤੱਕ 10 ਵਿਦਿਆਰਥੀ, 80 ਤੋਂ 90 ਫੀਸਦੀ ਤੱਕ 19 ਵਿਦਿਆਰਥੀ ਅਤੇ 70 ਤੋਂ 80 ਫੀਸਦੀ ਤੱਕ 18 ਵਿਦਿਆਰਥੀਆਂ ਨੇ ਪਹਿਲੇ ਦਰਜੇ ਨਾਲ ਜਮਾਤ ਪਾਸ ਕੀਤੀ ਹੈ। ਇਸ ਮੌਕੇ ਸਕੂਲ ਪ੍ਰਬੰਧਕੀ ਕਮੇਟੀ ਪ੍ਰਧਾਨ ਸ੍ਰੀਮਤੀ ਜਸਵਿੰਦਰ ਕੌਰ ਸਿੱਧੂ ਅਤੇ ਸਕੱਤਰ ਸ਼੍ਰੀਮਤੀ ਪਰਮਜੀਤ ਕੌਰ ਨੇ ਸਮੂਹ ਸਟਾਫ ਅਤੇ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

### ਪਿੰਡ ਝੋਰੜਾਂ ਦੀ ਦਾਣਾ ਮੰਡੀ ਵਿੱਚ ਮਜ਼ਦੂਰਾਂ ਅਤੇ

# ਕਿਸਾਨ ਯੂਨੀਅਨ ਨੇ ਮਨਾਇਆ ਮਜ਼ਦੂਰ ਦਿਵਸ






ਆਵਾਜ਼ਿ ਕੌਮ AWAZE QAUM International Newspaper & WEB TV

ਰਾਏਕੋਟ – (ਵਰਿਆਮ ਹਠੂਰ) ਜ਼ਿਲ੍ਹਾ ਲੁਧਿਆਣਾ ਦੇ ਪਿੰਡ ਝੋਰੜਾਂ ਦੀ ਦਾਣਾ ਮੰਡੀ ਵਿੱਚ ਮਜ਼ਦੂਰਾਂ, ਆੜਤੀਆਂ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਆਗੂਆਂ ਵੱਲੋਂ ਇਕੱਤਰ ਹੋ ਕੇ ਮਨਾਇਆ ਮਜ਼ਦੂਰ ਦਿਵਸ ਸਭ ਤੋਂ ਪਹਿਲਾਂ ਇਕੱਤਰ ਹੋਏ ਮਜ਼ਦੂਰਾਂ ਅਤੇ ਕਿਸਾਨ ਯੂਨੀਅਨ ਦੇ ਆਗੂਆਂ ਅਤੇ ਹੋਰਨਾਂ ਨੇ ਦੋ ਮਿੰਟ ਦਾ ਮੋਨ ਰੱਖ ਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਮਜ਼ਦੂਰ ਏਕਤਾ ਜਿੰਦਾਬਾਦ ਦੇ ਨਾਅਰੇ ਲਗਾਏ ਅਤੇ ਸ਼ਿਕਾਗੋ ਦੇ ਸਮੂਹ ਸ਼ਹੀਦਾਂ ਨੂੰ ਲਾਲ ਸਲਾਮ ਦੇ ਨਾਅਰੇ ਵੀ ਗੂੰਜੇ, ਤੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ, ਇਸ ਮੌਕੇ ਬੋਲਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਝੋਰੜਾਂ, ਅਤੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਸਾਧੂ ਸਿੰਘ ਅੱਚਰਵਾਲ ਨੇ ਕਿਹਾ ਕਿ ਮਜ਼ਦੂਰਾਂ ਦੇ ਹੱਕਾਂ ਖਾਤਰ ਆਪਣੀਆਂ ਕੀਮਤੀ ਜਾਨਾਂ ਕੁਰਬਾਨ ਕਰਨ ਵਾਲੇ ਸ਼ਿਕਾਗੋ ਦੇ ਸਮੂਹ ਸ਼ਹੀਦਾਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ। ਜਿੰਨ੍ਹਾਂ ਨੇ ਮਜ਼ਦੂਰਾਂ ਦੇ ਹੱਕਾਂ ਖਾਤਰ ਅਵਾਜ਼ ਬਲੰਦ ਕੀਤੀ ਤੇ ਸ਼ਹੀਦੀਆਂ ਪ੍ਰਾਪਤ ਕੀਤੀਆਂ, ਅੱਜ ਵੀ ਮਜ਼ਦੂਰਾਂ ਨੂੰ ਆਪਣੇ ਹੱਕਾਂ ਖਾਤਰ ਸੰਘਰਸ਼ ਕਰਨਾ ਪੈ ਰਿਹਾ ਹੈ। ਕਿਉਂਕਿ ਮਜ਼ਦੂਰ ਜਮਾਤ ਹਮੇਸ਼ਾ ਸਖ਼ਤ ਮਿਹਨਤ ਕਰਦੀ ਹੈ। ਤੇ ਸਰਕਾਰਾਂ ਨੂੰ ਵੀ ਚਾਹੀਦਾ ਹੈ ਕਿ ਉਹ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਨੂੰ ਅੱਖੋਂ ਪਰੋਖੇ ਨਾਂ ਕਰਨ, ਜੋ ਮਜ਼ਦੂਰਾਂ ਦੇ ਬਣਦੇ ਹੱਕ ਹਨ। ਉਨ੍ਹਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ, ਇਸ ਮੌਕੇ ਗੱਲਬਾਤ ਕਰਦਿਆਂ ਚੌਧਰੀ ਗੁਰਜੰਟ ਸਿੰਘ ਹਠੂਰ ਨੇ ਕਿਹਾ ਕਿ ਮਜ਼ਦੂਰਾਂ ਦੇ ਹੱਕਾਂ ਲਈ ਕੁਰਬਾਨੀਆਂ ਕਰਨ ਵਾਲੇ ਸਮੂਹ ਸ਼ਿਕਾਗੋ ਦੇ ਸ਼ਹੀਦਾਂ ਨੂੰ ਸਿਜਦਾ ਕਰਦੇ ਹਾਂ, ਜਿੰਨ੍ਹਾਂ ਦੀ ਯਾਦ ਵਿੱਚ ਅੱਜ ਵਿਸ਼ਵ ਪੱਧਰ ਤੇ ਮਜ਼ਦੂਰ ਦਿਵਸ ਮਨਾਇਆ ਜਾ ਰਿਹਾ ਹੈ। ਜੇ ਅੱਜ ਵੀ ਕਿਰਤੀ ਕਾਮਿਆਂ ਦੀ ਗੱਲ ਕੀਤੀ ਜਾਵੇ ਤਾਂ ਅੱਜ ਵੀ ਮਜ਼ਦੂਰ ਜਮਾਤ ਆਪਣੇ ਹੱਕਾਂ ਲਈ ਲੜ ਰਹੀ ਹੈ। ਜੇ ਲੇਬਰ ਡੇਅ ਤੇ ਮਜ਼ਦੂਰ ਦੀ ਹਲਾਤਾਂ ਦੀ ਗੱਲ ਕਰੀਏ ਤਾਂ ਬੇਸ਼ੱਕ ਅੱਜ ਦਫ਼ਤਰਾਂ ਵਿੱਚ ਤਾਂ ਛੁੱਟੀ ਹੈ। ਪਰ ਮਜ਼ਦੂਰਾਂ ਦੇ ਕਿਸੇ ਕਿੱਤੇ ਵੱਲ ਵੀ ਨਜ਼ਰ ਮਾਰੀਏ ਤਾਂ ਮਜ਼ਦੂਰ ਨੂੰ ਕਿਤੇ ਵੀ ਛੁੱਟੀ ਨਜ਼ਰ ਨਹੀਂ ਆਉਂਦੀ ਤੇ ਮਜ਼ਦੂਰ ਆਪਣਾ ਢਿੱਡ ਪਾਲਣ ਲਈ ਲਗਾਤਾਰ ਕੰਮ ਕਰ ਰਿਹਾ ਹੈ। ਸਰਕਾਰਾਂ ਨੂੰ ਅਤੇ ਹੋਰਨਾਂ ਪੂੰਜੀਵਾਦੀਆਂ ਨੂੰ ਚਾਹੀਦਾ ਹੈ। ਕਿ ਮਜ਼ਦੂਰਾਂ ਨੂੰ ਜਿੱਥੇ ਬਣਦੀ ਇੱਜ਼ਤ ਮਿਲਣੀ ਚਾਹੀਦੀ ਹੈ। ਉੱਥੇ ਮਜ਼ਦੂਰਾਂ ਦੇ ਹੱਕਾਂ ਵੱਲ ਧਿਆਨ ਦੇਣਾ ਚਾਹੀਦਾ ਹੈ। ਚੌਧਰੀ ਗੁਰਜੰਟ ਸਿੰਘ ਹਠੂਰ ਨੇ ਅੱਗੇ ਕਿਹਾ ਕਿ ਮਜ਼ਦੂਰਾਂ ਨਾਲ ਹੁੰਦੀ ਵਿਤਕਰੇਬਾਜ਼ੀ ਬੰਦ ਹੋਣੀ ਚਾਹੀਦੀ ਹੈ। ਕਿਉਂਕਿ ਜੇ ਨਜ਼ਰ ਮਾਰੀਏ ਤਾਂ ਕੋਈ ਵੀ ਕੰਮ ਐਸਾ ਨਹੀਂ ਜੋ ਮਜ਼ਦੂਰ ਤੋਂ ਬਿਨਾਂ ਸਿਰੇ ਚੜ੍ਹਾਇਆ ਜਾ ਸਕੇ। ਹਰ ਪਾਸੇ ਮਜ਼ਦੂਰ ਦੀ ਜ਼ਰੂਰਤ ਪੈਂਦੀ ਹੈ। ਪਰ ਅੰਤਾਂ ਦੀ ਮਹਿੰਗਾਈ ਅਤੇ ਵਿਤਕਰੇਬਾਜ਼ੀ ਦੀ ਚੱਕੀ ਵਿੱਚ ਮਜ਼ਦੂਰ ਹਰ ਰੋਜ਼ ਕਿਤੇ ਨਾ ਕਿਤੇ ਪਿਸਦਾ ਜ਼ਰੂਰ ਹੈ। ਇਸ ਲਈ ਸਮੇਂ ਦੀਆਂ ਸਰਕਾਰਾਂ ਵੀ ਮਜ਼ਦੂਰਾਂ ਦੇ ਬਣਦੇ ਹੱਕਾਂ ਵੱਲ ਧਿਆਨ ਦੇਣ। ਅੰਤ ਵਿੱਚ ਉਨ੍ਹਾਂ ਮਜ਼ਦੂਰ ਏਕਤਾ ਜਿੰਦਾਬਾਦ ਦੇ ਨਾਅਰੇ ਵੀ ਲਗਾਏ, ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਝੋਰੜਾਂ, ਸਕੱਤਰ ਸਾਧੂ ਸਿੰਘ ਅੱਚਰਵਾਲ, ਪ੍ਰਧਾਨ ਦਰਸ਼ਨ ਸਿੰਘ ਅੱਚਰਵਾਲ, ਜਗਰੂਪ ਸਿੰਘ ਝੋਰੜਾਂ ਆਗੂ, ਦਰਸ਼ਨ ਸਿੰਘ ਕਮੇਟੀ ਮੈਂਬਰ, ਮਾਰਕਿਟ ਕਮੇਟੀ ਹਠੂਰ ਦੇ ਸਾਬਕਾ ਚੇਅਰਮੈਨ ਤਰਲੋਚਨ ਸਿੰਘ ਝੋਰੜਾਂ, ਆੜਤੀਆਂ ਗੁਰਪ੍ਰੀਤ ਸਿੰਘ ਝੋਰੜਾਂ, ਸੁਖਵਿੰਦਰ ਸਿੰਘ ਨਿੱਕਾ ਆੜਤੀਆ, ਚੌਧਰੀ ਹਰਬੰਸ ਸਿੰਘ ਹਠੂਰ, ਚੌਧਰੀ ਗੁਰਜੰਟ ਸਿੰਘ ਹਠੂਰ, ਚੌਧਰੀ ਜਰਨੈਲ ਸਿੰਘ ਚੱਕ ਭਾਈ ਕਾ, ਗੱਗੂ ਚੌਧਰੀ, ਲੱਕੀ ਚੌਧਰੀ, ਮੁਨੀਮ ਨਿਰਮਲ ਸਿੰਘ, ਹਰਜਿੰਦਰ ਸਿੰਘ ਚੂਹੜਚੱਕ, ਜਸਵੀਰ ਸਿੰਘ ਮੁਨੀਮ, ਸਮੇਤ ਅਨੇਕਾਂ ਮਜ਼ਦੂਰ ਭਾਈਚਾਰਾ ਹਾਜ਼ਰ ਸੀ।

**ਦੋ ਮਿੰਟ ਦਾ ਮੋਨ ਰੱਖ ਕੇ ਮਜ਼ਦੂਰ ਏਕਤਾ ਜਿੰਦਾਬਾਦ ਦੇ ਲਗਾਏ ਨਾਅਰੇ, ਤੇ ਝੰਡੇ ਦੀ ਰਸਮ ਅਦਾ ਕੀਤੀ**

### ਗੁਰਮੀਤ ਸਿੰਘ ਖੁੱਡੀਆਂ ਦੇ ਹੱਕ ਵਿੱਚ

# ਜਥੇਦਾਰ ਦਰਸ਼ਨ ਸਿੰਘ ਜਗਾ ਨੇ ਕੀਤੀ ਭਰਵੀਂ ਇਕੱਤਰਤਾ

ਤਲਵੰਡੀ ਸਾਬੋ, 01 ਮਈ (ਗੁਰਜੰਟ ਸਿੰਘ ਨਥੇਹਾ)– ਲੋਕ ਸਭਾ ਹਲਕਾ ਬਠਿੰਡਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਖੇਤੀਬਾੜੀ ਮੰਤਰੀ ਦੀ ਹਿਮਾਇਤ ਵਿੱਚ ਅੱਜ ਪੰਥਕ ਹਲਕਿਆਂ ਚ ਵਿਸ਼ੇਸ ਨਾਂ ਰੱਖਦੇ ਅਤੇ ਹਲਕੇ ਦੀ 'ਆਪ' ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਦੇ ਪਿਤਾ ਜਥੇਦਾਰ ਦਰਸ਼ਨ ਸਿੰਘ ਵੱਲੋਂ ਆਪਣੀ ਰਿਹਾਇਸ਼ ਪਿੰਡ ਜਗਾ ਰਾਮ ਤੀਰਥ ਵਿਖੇ ਇੱਕ ਭਰਵੀਂ ਇਕੱਤਰਤਾ ਕਰ ਖੁੱਡੀਆਂ ਦੀ ਜਿੱਤ ਲਈ ਦਿਨ ਰਾਤ ਇੱਕ ਕਰਨ ਦਾ ਭਰੋਸਾ ਦਿੱਤਾ ਗਿਆ। ਇਕੱਤਰਤਾ ਨੂੰ ਸੰਬੋਧਨ ਦੌਰਾਨ ਜਥੇਦਾਰ ਦਰਸ਼ਨ ਸਿੰਘ ਨੇ ਕਿਹਾ ਕਿ ਗੁਰਮੀਤ ਸਿੰਘ ਖੁੱਡੀਆਂ ਨੇ ਸਿਆਸਤ ਦੀ ਗੁੜਤੀ ਆਪਣੇ ਪਿਤਾ ਅਤੇ ਦਰਵੇਸ਼ ਸਿਆਸਤਾਨ ਮਰਹੂਮ ਜਥੇਦਾਰ ਜਗਦੇਵ ਸਿੰਘ ਖੁੱਡੀਆਂ ਤੋਂ ਨਾ ਕੇਵਲ ਲਈ ਸਗੋਂ ਉਸਤੇ ਪੂਰਾ ਉੱਤਰਦਿਆਂ ਬੇਦਾਗ ਸਿਆਸਤ ਨੂੰ ਅੱਗੇ ਵਧਾਇਆ।ਉਨਾਂ ਨੇ ਹਾਜ਼ਰ ਵੱਡੀ ਗਿਣਤੀ ਲੋਕਾਂ ਅਤੇ ਆਪਣੇ ਸਮਰਥਕਾਂ ਨੂੰ ਅਪੀਲ ਕੀਤੀ ਕਿ ਉਹ ਲੋਕ ਸਭਾ ਦੀ ਵੋਟ ਪਾਉਣ ਵੇਲੇ ਧਿਆਨ ਚ ਰੱਖਣ ਕਿ ਇੱਕ ਪਾਸੇ ਰਜਵਾੜੇ ਲੋਕ ਹਨ ਜਦੋਂਕਿ ਇੱਕ ਪਾਸੇ ਖੁੱਡੀਆਂ ਵਰਗਾ ਇਮਾਨਦਾਰ ਸਿਆਸਤਦਾਨ ਹੈ। ਇਸ ਮੌਕੇ ਜਥੇਦਾਰ ਦਰਸ਼ਨ ਸਿੰਘ ਅਤੇ ਸਮੁੱਚੇ ਪਰਿਵਾਰ ਦਾ ਧੰਨਵਾਦ ਕਰਦਿਆਂ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਉਹ ਸਭ ਤੋਂ ਵੱਧ ਇਸ ਗੱਲੋਂ ਖੁਸ਼ ਹੈ ਕਿ ਅੱਜ ਦੇ ਇਕੱਠ ਵਿੱਚ ਅਜਿਹੇ ਆਗੂਆਂ ਨੂੰ ਮਿਲਣ ਦਾ ਸੁਭਾਗ ਵੀ ਮਿਲਿਆ ਜੋ ਉਨਾਂ ਦੇ ਪਿਤਾ ਜੀ ਦੇ ਵੇਲੇ ਤੋਂ ਪੰਥਕ ਰਾਜਨੀਤੀ 'ਚ ਯੋਗਦਾਨ ਪਾ ਰਹੇ ਹਨ। ਉਨਾਂ ਨੇ ਕਿਹਾ ਕਿ ਜਥੇਦਾਰ ਦਰਸ਼ਨ ਸਿੰਘ ਤੋਂ ਜਿੰਦਗੀ 'ਚ ਵਿਚਰਦਿਆਂ ਬੜਾ ਕੁਝ ਸਿੱਖਣ ਨੂੰ ਮਿਲਿਆ ਅਤੇ ਅੱਜ ਵੀ ਉਨਾਂ ਵੱਲੋਂ ਜੋ ਵਿਸ਼ਾਲ ਇਕੱਤਰਤਾ ਕੀਤੀ ਗਈ ਹੈ ਇਸ ਨਾਲ ਉਨਾਂ ਦੀ ਚੋਣ ਮੁਹਿੰਮ ਨੂੰ ਵੱਡਾ ਬਲ ਮਿਲੇਗਾ। ਇਸ ਮੌਕੇ ਜਥੇਦਾਰ ਦਰਸ਼ਨ ਸਿੰਘ ਦੀ ਮਾਤਾ ਅਤੇ ਪੰਥਕ ਹਲਕਿਆਂ 'ਚ ਸਤਿਕਾਰਿਤ ਮਾਤਾ ਮਲਕੀਤ ਕੌਰ ਨੇ ਜਥੇਦਾਰ ਖੁੱਡੀਆਂ ਨੂੰ ਸਨਮਾਨਿਤ ਕੀਤਾ ਜਦੋਂਕਿ ਇਕੱਤਰਤਾ 'ਚ ਜਥੇਦਾਰ ਦਰਸ਼ਨ ਸਿੰਘ ਦੇ ਸਪੁੱਤਰ ਐਡਵੋਕੇਟ ਉਦੈਵੀਰ ਸਿੰਘ ਦੀ ਅਗਵਾਈ 'ਚ ਵੱਡੀ ਗਿਣਤੀ ਨੌਜਵਾਨਾਂ ਨੇ ਵੀ ਸ਼ਮੂਲੀਅਤ ਕੀਤੀ। ਇਸ ਮੌਕੇ ਰਾਕੇਸ਼ਪੁਰੀ ਚੇਅਰਮੈਨ ਜੰਗਲਾਤ, ਜਤਿੰਦਰ ਸਿੰਘ ਭੱਲਾ ਜਿਲ੍ਹਾ ਪ੍ਰਧਾਨ ਬਠਿੰਡਾ, ਰੁਪਿੰਦਰ ਕੌਰ ਗਿੱਲ ਜਿਲ੍ਹਾ ਪ੍ਰਧਾਨ ਮਹਿਲਾ ਵਿੰਗ, ਐਡਵੋਕੇਟ ਗੁਰਪ੍ਰੀਤ ਸਿੰਘ ਇੰਚਾਰਜ ਲੀਗਲ ਸੈੱਲ, ਬੀਬੀ ਗੁਰਪ੍ਰੀਤ ਕੌਰ ਚੇਅਰਪਰਸਨ ਮਾਰਕਿਟ ਕਮੇਟੀ ਰਾਮਾਂ, ਅਲਬੇਲ ਸਿੰਘ ਪ੍ਰਧਾਨ ਨਗਰ ਕੌਂਸਲ ਰਾਮਾਂ, ਸੀ.ਆਗੂ ਗੁਰਤੇਜ ਸਿੰਘ ਜੋਗੇਵਾਲਾ, ਅਵਤਾਰ ਸਿੰਘ ਤਾਰ ਭਾਊ ਪ੍ਰਧਾਨ ਟਰੱਕ ਯੂਨੀਅਨ, ਤੇਲੂ ਰਾਮ ਲਹਿਰੀ ਕੌਂਸਲਰ ਰਾਮਾਂ, ਤਰਸੇਮ ਸਿੰਗਲਾ, ਨਛੱਤਰ ਸਿੰਘ ਸਰਪੰਚ ਦਾਨ ਸਿੰਘ ਵਾਲਾ, ਗੁਰਾ ਸਿੰਘ ਪੰਚ, ਅੰਮ੍ਰਿਤਪਾਲ ਕਾਕਾ ਸੀਮੈਂਟ ਵਾਲਾ ਆਦਿ ਆਗੂ ਮੌਜੂਦ ਰਹੇ।



ਆਵਾਜ਼ਿ ਕੌਮ AWAZE QAUM International Newspaper & WEB TV

# 1984 ਸਿੱਖ ਕਤਲੇਆਮ ਦੇ 33 ਪੀੜਤਾਂ ਦੀ ਸੂਚੀ ਡਾਲਟਨਗੰਜ ਵਿਖੇ ਸਤਨਾਮ ਸਿੰਘ ਗੰਭੀਰ ਨੂੰ ਸੌਂਪੀ ਗਈ



ਨਵੀਂ ਦਿੱਲੀ 1 ਮਈ (ਮਨਪ੍ਰੀਤ ਸਿੰਘ ਖਾਲਸਾ):–ਝਾਰਖੰਡ ਹਾਈ ਕੋਰਟ ਨੇ ਪਟੀਸ਼ਨਰ ਸਤਨਾਮ ਸਿੰਘ ਗੰਭੀਰ ਨੂੰ ਹਦਾਇਤ ਕੀਤੀ ਸੀ ਕਿ ਉਹ ਜ਼ਿਲ੍ਹੇ ਦੇ ਹਿਸਾਬ ਨਾਲ ਦੱਸਣ ਕਿ ਕਿੰਨੇ ਪੀੜਤਾਂ ਨੂੰ ਮੁਆਵਜ਼ਾ ਨਹੀਂ ਮਿਲਿਆ ਹੈ। ਅਦਾਲਤ ਨੇ ਬਿਨੈਕਾਰ ਸਤਨਾਮ ਸਿੰਘ ਗੰਭੀਰ ਨੂੰ ਮੁਆਵਜ਼ਾ ਨਾ ਮਿਲਣ ਵਾਲੇ ਪੀੜਤਾਂ ਦੀ ਸੂਚੀ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਸਨ। ਹਾਈਕੋਰਟ ਦੀਆਂ ਹਦਾਇਤਾਂ 'ਤੇ ਸਤਨਾਮ ਸਿੰਘ ਗੰਭੀਰ ਮੰਗਲਵਾਰ ਨੂੰ ਡਾਲਟਨਗੰਜ ਦੇ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸਾਹਿਬ ਪੁੱਜੇ ਤਾਂ ਡਾਲਟਨਗੰਜ ਦੇ ਸਿੱਖ ਕਤਲੇਆਮ ਪੀੜਤਾਂ ਦੀ ਅਗਵਾਈ ਕਰ ਰਹੇ ਇੰਦਰਜੀਤ ਸਿੰਘ ਡਿੰਪਲ ਅਤੇ ਚੰਨਪ੍ਰੀਤ ਸਿੰਘ ਜੌਨੀ ਨੇ ਸਾਥੀਆਂ ਸਮੇਤ ਉਨ੍ਹਾਂ ਦਾ ਸਵਾਗਤ ਕੀਤਾ । ਜਮਸ਼ੇਦਪੁਰ ਤੋਂ ਭਾਈ ਚਰਨਪ੍ਰੀਤ ਸਿੰਘ ਵਲੋਂ ਭੇਜੀ ਗਈ ਰਿਪੋਰਟ ਮੁਤਾਬਿਕ ਇਸ ਦੌਰਾਨ ਵੱਡੀ ਗਿਣਤੀ ਵਿੱਚ ਪੀੜਤ ਪਰਿਵਾਰ ਸ੍ਰੀ ਗੁਰੂ ਸਿੰਘ ਸਭਾ ਦੇ ਗੁਰਦੁਆਰਾ ਸਾਹਿਬ ਵਿਖੇ ਪੁੱਜੇ ਹੋਏ ਸਨ। ਇੰਦਰਜੀਤ ਸਿੰਘ ਡਿੰਪਲ ਅਤੇ ਚੰਨਪ੍ਰੀਤ ਸਿੰਘ ਜੌਨੀ ਨੇ ਸਾਂਝੇ ਤੌਰ 'ਤੇ 1984 ਦੇ ਸਿੱਖ ਕਤਲੇਆਮ ਦੇ 33 ਪੀੜਤਾਂ ਦੀ ਸੂਚੀ, ਜਿਨ੍ਹਾਂ ਨੂੰ ਅਜੇ ਤੱਕ ਮੁਆਵਜ਼ਾ ਨਹੀਂ ਮਿਲਿਆ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਈਸਟ ਇੰਡੀਆ ਦੇ ਪ੍ਰਧਾਨ ਸਤਨਾਮ ਸਿੰਘ ਗੰਭੀਰ ਨੂੰ ਸੌਂਪੀ। ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਈਸਟ ਇੰਡੀਆ ਪ੍ਰਧਾਨ ਸਤਨਾਮ ਸਿੰਘ ਗੰਭੀਰ ਨੇ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਰਹੇਗੀ ਕਿ ਇਕ ਵੀ ਪੀੜਤ ਪਰਿਵਾਰ ਮੁਆਵਜ਼ੇ ਤੋਂ ਵਾਂਝਾ ਨਾ ਰਹੇ। ਦੱਸ ਦੇਈਏ ਕਿ ਸਤਨਾਮ ਸਿੰਘ ਗੰਭੀਰ ਸਿੱਖ ਪੀੜਤਾਂ ਨੂੰ ਇਨਸਾਫ ਦਿਵਾਉਣ ਲਈ ਲਗਾਤਾਰ ਝਾਰਖੰਡ ਦਾ ਦੌਰਾ ਕਰ ਰਹੇ ਹਨ। ਸਤਨਾਮ ਸਿੰਘ ਗੰਭੀਰ ਨੇ ਕਿਹਾ ਕਿ ਸਿੱਖ ਕਤਲੇਆਮ ਦੇ 40 ਸਾਲ ਬੀਤ ਜਾਨ ਬਾਅਦ ਵੀ ਇਨਸਾਫ਼ ਨਾ ਮਿਲਣਾ ਬਹੁਤ ਦੁਖਦਾਈ ਹੈ। ਉਨ੍ਹਾਂ ਕਿਹਾ ਕਿ ਆਖਰੀ ਪੀੜਤ ਪਰਿਵਾਰ ਨੂੰ ਇਨਸਾਫ਼ ਮਿਲਣ ਤੱਕ ਉਨ੍ਹਾਂ ਦਾ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਇੰਦਰਜੀਤ ਸਿੰਘ ਡਿੰਪਲ, ਚੰਨਪ੍ਰੀਤ ਸਿੰਘ ਜੌਨੀ, ਮਨਮੀਤ ਲੂਥਰਾ, ਹਰਪ੍ਰੀਤ ਕੌਰ, ਤ੍ਰਿਲੋਕ ਸਿੰਘ, ਗੁਰਦੇਵ ਸਿੰਘ, ਭੁਪਿੰਦਰ ਸਿੰਘ, ਰਣਜੀਤ ਕੌਰ, ਮਦਨਮੋਹਨ ਸਿੰਘ, ਪ੍ਰਤਾਪ ਸਿੰਘ, ਜਸਪ੍ਰੀਤ ਸਿੰਘ, ਮਨਜੀਤ ਸਿੰਘ, ਜਸਮੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪੀੜਤ ਪਰਿਵਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਵੱਲੋਂ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਦਾ ਦੌਰਾ

### ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਦੀ ਕਾਰਜਵਿਧੀ, ਸ਼ਰਧਾਲੂਆਂ ਦੀ ਸਹੂਲਤ ਲਈ ਕੀਤੇ ਪ੍ਰਬੰਧਾਂ, ਇਮੀਗਰੇਸ਼ਨ ਅਤੇ ਹੋਰ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 1 ਮਈ (ਕੁਲਜੀਤ ਸਿੰਘ ਖੋਖਰ)**-ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਵੱਲੋਂ ਅੱਜ ਡੇਰਾ ਬਾਬਾ ਨਾਨਕ ਵਿਖੇ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਲੈਂਡਪੋਰਟ ਅਥਾਰਟੀ ਵੱਲੋਂ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਦੇ ਜੀ.ਐੱਮ. ਸ੍ਰੀ ਟੀ.ਆਰ. ਸ਼ਰਮਾ, ਸਹਾਇਕ ਮੈਨੇਜਰ ਸ੍ਰੀ ਮਨਜੀਤ ਸਿੰਘ ਅਤੇ ਬੀ.ਐੱਸ.ਐੱਫ਼ ਦੇ ਕਮਾਂਡੈਂਟ ਸ. ਐੱਸ.ਐੱਸ. ਗਰਚਾ ਵੱਲੋਂ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਦਾ ਸਵਾਗਤ ਕੀਤਾ ਗਿਆ। ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਇਸ ਮੌਕੇ ਲੈਂਡਪੋਰਟ ਅਥਾਰਿਟੀ ਦੇ ਅਧਿਕਾਰੀਆਂ ਕੋਲੋਂ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਦੀ ਕਾਰਜਵਿਧੀ, ਸ਼ਰਧਾਲੂਆਂ ਦੀ ਸਹੂਲਤ ਲਈ ਕੀਤੇ ਪ੍ਰਬੰਧਾਂ, ਇਮੀਗਰੇਸ਼ਨ ਅਤੇ ਹੋਰ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਉਨ੍ਹਾਂ ਨੇ ਜ਼ੀਰੋ ਲਾਈਨ ਦੇ ਕੋਲ ਜਾ ਕੇ ਸੁਰੱਖਿਆ ਪ੍ਰਬੰਧਾਂ ਦਾ ਜਾਇਜਾ ਵੀ ਲਿਆ। ਇਸੇ ਦੌਰਾਨ ਉਨ੍ਹਾਂ ਨੇ ਪਾਕਿਸਤਾਨ ਨਾਲ ਜੁੜਦੇ ਪੁਲ ਦਾ ਨਿਰਮਾਣ ਦਾ ਨਿਰੀਖਣ ਵੀ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਅਮਨ ਦਾ ਉਹ ਲਾਂਘਾ ਹੈ ਜੋ ਸ਼ਰਧਾਲੂਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਦਾ ਮੌਕਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਭਾਰਤ-ਪਕਿਸਤਾਨ ਸਰਕਾਰਾਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਸੰਗਤਾਂ ਲਈ ਇਹ ਕੋਰੀਡੋਰ ਖੋਲਿਆ ਗਿਆ ਸੀ ਤਾਂ ਜੋ ਭਾਰਤੀ ਸ਼ਰਧਾਲੂ ਸਰਹੱਦ ਪਾਰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਖੁੱਲ੍ਹੇ ਦਰਸ਼ਨ ਦੀਦਾਰ ਕਰ ਸਕਣ। ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਦੇ ਚਾਹਵਾਨ ਭਾਰਤੀ ਸ਼ਰਧਾਲੂ ਅਤੇ ਓ.ਸੀ.ਆਈ. ਕਾਰਡ ਧਾਰਕ ਪ੍ਰਵਾਸੀ ਭਾਰਤੀ ਸ਼ਰਧਾਲੂ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਵੱਲੋਂ ਚਲਾਈ ਜਾ ਰਹੀ ਵੈੱਬਸਾਈਟ ਹਟਟਪਸ://ਪਰਓਕਓਸਹਪੁਰਬ550.ਮਹਓ.ਗੋਵ.ਨਿ/ਕਪਰ/ ਉੱਪਰ ਆਨ ਲਾਈਨ ਅਪਲਾਈ ਕਰ ਸਕਦੇ ਹਨ ।ਉਨ੍ਹਾਂ ਕਿਹਾ ਕਿ ਅਪਲਾਈ ਕਰਨ ਤੋਂ ਬਾਅਦ ਗ੍ਰਹਿ ਮੰਤਰਾਲੇ ਵੱਲੋਂ ਯਾਤਰੂ ਨੂੰ ਈ-ਮੇਲ ਰਾਹੀਂ ਇਲੈਕਟ੍ਰਾਨਿਕ ਟਰੈਵਲ ਆਥੋਰਾਈਜੇਸ਼ਨ (ਈ .ਟੀ.ਏ.) ਭੇਜੀ ਜਾਂਦੀ ਹੈ ਅਤੇ ਯਾਤਰੂ ਨਿਰਧਾਰਤ ਮਿਤੀ ਵਾਲੇ ਦਿਨ ਆਪਣਾ ਪਾਸਪੋਰਟ, ਈ.ਟੀ.ਏ. ਅਤੇ 72 ਘੰਟੇ ਤੋਂ ਘੱਟ ਪੁਰਾਣੀ ਕੋਰੋਨਾ ਟੈਸਟ ਨੈਗੇਟਿਵ ਰਿਪੋਰਟ ਲੈ ਕੇ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਵਿਖੇ ਪਹੁੰਚ ਸਕਦੇ ਹਨ। ਉਨ੍ਹਾਂ ਕਿਹਾ ਕਿ ਪਾਕਿਸਤਾਨ ਸਰਕਾਰ ਵੱਲੋਂ 20 ਅਮਰੀਕੀ ਡਾਲਰ ਦੀ ਫੀਸ ਲਈ ਜਾਂਦੀ ਹੈ ਜੋ ਸ਼ਰਧਾਲੂ ਨੂੰ ਪਾਕਿਸਤਾਨ ਅਥਾਰਟੀ ਕੋਲ ਜਮ੍ਹਾਂ ਕਰਵਾਉਣੀ ਪੈਂਦੀ ਹੈ। ਉਨ੍ਹਾਂ ਕਿਹਾ ਕਿ ਯਾਤਰੂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਕੰਪਲੈਕਸ ਤੋਂ ਬਾਹਰ ਨਹੀਂ ਜਾ ਸਕਦੇ ਅਤੇ ਉਨ੍ਹਾਂ ਨੂੰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਕੇ ਉਸੇ ਦਿਨ ਵਾਪਸ ਭਾਰਤ ਆਉਣਾ ਪੈਂਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਯਾਤਰੂ ਆਪਣੇ ਨਾਲ ਕੇਵਲ ਇੱਕ ਹੀ ਬੈਗ ਲਿਜਾ ਸਕਦੇ ਹਨ ਜੋ 7 ਕਿਲੋਂ ਤੋਂ ਭਾਰੀ ਨਹੀਂ ਹੋਣਾ ਚਾਹੀਦਾ। ਕਰੰਸੀ ਲਿਜਾਣ ਸਮੇਂ ਭਾਰਤੀ ਰਿਜ਼ਰਵ ਬੈਂਕ ਦੀਆਂ ਹਦਾਇਤਾਂ ਦੀ ਪਾਲਣਾ ਕਰਨੀ ਲਾਜ਼ਮੀ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਹੜੇ ਸ਼ਰਧਾਲੂ ਪਾਸਪੋਰਟ ਨਾ ਹੋਣ ਕਾਰਨ ਜਾਂ ਕਿਸੇ ਹੋਰ ਕਾਰਨ ਕਰਕੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਨਹੀਂ ਜਾ ਸਕਦੇ ਉਨ੍ਹਾਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਰਸ਼ਨ ਸਥੱਲ ਉੱਪਰ ਦੋ ਵਿਸ਼ੇਸ਼ ਦੂਰਬੀਨਾਂ ਸਥਾਪਤ ਕੀਤੀਆਂ ਗਈਆਂ ਹਨ ਜਿਨ੍ਹਾਂ ਰਾਹੀਂ ਸ਼ਰਧਾਲੂ ਸਰਹੱਦ ਉੱਪਰ ਖੜ੍ਹੇ ਹੋ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰ ਸਕਦੇ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਸ੍ਰੀ ਹਰਦੀਪ ਸਿੰਘ, ਤਹਿਸੀਲਦਾਰ ਸ. ਲਖਵਿੰਦਰ ਸਿੰਘ, ਨਾਇਬ ਤਹਿਸੀਲਦਾਰ ਸ੍ਰੀ ਅਰਮਾਨਦੀਪ ਸਿੰਘ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਅਮਰ ਸ਼ਹੀਦ ਬੀਬੀ ਸ਼ਰਨ ਕੌਰ ਟ੍ਰਸਟ, ਸ.ਹਰਵੇਲ ਸਿੰਘ ਸੈਣੀ ਪਰਿਵਾਰ ਤੇ ਸਾਥੀਆਂ ਵੱਲੋਂ**

# ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀ ਪਾਵਨ ਬਾਣੀ ਦੇ ਪਾਠਾਂ ਦੇ ਭੋਗ ਪਾਏ ਗਏ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਜਰਨਲ ਸਕੱਤਰ ਸ. ਸੁਖਵਿੰਦਰ ਸਿੰਘ ਮੰਡੇਬਰ ਯਮੁਨਾਨਗਰ ਦਾ ਕੀਤਾ ਗਿਆ ਸਨਮਾਨ














ਅਮਰ ਸ਼ਹੀਦ ਬੀਬੀ ਸ਼ਰਨ ਕੌਰ ਟ੍ਰਸਟ, ਸ.ਹਰਵੇਲ ਸਿੰਘ ਸੈਣੀ ਪਰਿਵਾਰ ਤੇ ਸਾਥੀਆਂ ਵੱਲੋਂ ਪਿੰਡ ਇਬਰਾਹੀਮਪੁਰ ਗੜਸ਼ੰਕਰ ਨਵਾਂਸ਼ਹਿਰ ਵਿਖੇ ਅੱਜ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਜਰਨਲ ਸਕੱਤਰ ਸ. ਸੁਖਵਿੰਦਰ ਸਿੰਘ ਮੰਡੇਬਰ ਯਮੁਨਾਨਗਰ ਦਾ ਸਨਮਾਨ ਸਮਾਰੋਹ ਕੀਤਾ ਗਿਆ ਹੈ ਇਸ ਸਮੇਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀ ਪਾਵਨ ਬਾਣੀ ਦੇ ਪਾਠਾਂ ਦੇ ਭੋਗ ਪਾਏ ਗਏ ਉਪਰੰਤ ਭਾਈ ਗੁਰਸੇਵਕ ਸਿੰਘ ਰੰਗੀਲਾ,ਭਾਈ ਸੁਖਪਾਲ ਸਿੰਘ,ਭਾਈ ਕੁਲਵੀਰ ਸਿੰਘ ਹਜੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਦੇ ਜਥੇ ਨੇ ਰਸਭਿੰਨਾ ਕੀਰਤਨ ਕੀਤਾ ਸਿੱਖ ਸੰਗਤਾਂ ਨੇ ਹਾਜਰੀ ਭਰੀ ਸ੍ਰੀ ਸੰਦੀਪ ਸੈਣੀ ਚੇਅਰਮੈਨ ਬੈਕਵਰਡ ਕਲਾਸ,ਲੈਂਡ ਡਿਵੈਲਪਮੈਂਟ ਅਤੇ ਫਾਈਨਾਂਸ ਕਾਰਪੋਰੇਸ਼ਨ ਪੰਜਾਬ ਸਮੇਤ ਹੋਰ ਉੱਘੀਆਂ ਸਖਸ਼ੀਅਤਾਂ ਵੀ ਹਾਜ਼ਰ ਸਨ ਸ.ਹਰਵੇਲ ਸਿੰਘ ਸੈਣੀ ਵੱਲੋਂ ਪੁੱਜੀਆਂ ਸ਼ਖਸ਼ੀਅਤਾਂ ਦਾ ਸਿਰਪਾਓ ਅਤੇ ਯਾਦਗਾਰੀ ਸਨਮਾਨ ਚਿੰਨ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




ਸਿੱਖ ਯੂਥ ਫੈ.ਡਰੇਸ਼ਨ ਭਿੰਡਰਾਂਵਾਲਾ ਵੱਲੋਂ ਹਲਕਾ ਖਡੂਰ ਸਾਹਿਬ ਤੋਂ ਪੰਥਕ ਉਮੀਦਵਾਰ ਭਾਈ ਅੰਮ੍ਰਿਤਪਾਲ ਸਿੰਘ ਦੀ ਹਮਾਇਤ ਦਾ ਐਲਾਨ

# ਵੋਟਤੰਤਰ ਨੂੰ ਖ਼ਾਲਿਸਤਾਨ ਦੀ ਮਜ਼ਬੂਤੀ ਲਈ ਵਰਤਿਆ ਜਾਵੇ : ਭਾਈ ਰਣਜੀਤ ਸਿੰਘ

**ਅੰਮ੍ਰਿਤਸਰ, 1 ਮਈ (ਆਵਾਜ਼ਿ ਕੌਮ ਬਿਊਰੋ)**-ਬੀਤੇ ਕੱਲ੍ਹ ਵਾਰਿਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਦੇ ਪਰਿਵਾਰ ਤੇ ਸੰਗਤਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਅਰਦਾਸ ਕਰਕੇ ਹਲਕਾ ਸ੍ਰੀ ਖਡੂਰ ਸਾਹਿਬ ਤੋਂ ਅਜਾਦ ਪੰਥਕ ਉਮੀਦਵਾਰ ਭਾਈ ਅੰਮ੍ਰਿਤਪਾਲ ਸਿੰਘ ਦੀ ਚੋਣ ਮੁਹਿੰਮ ਦੀ ਸ਼ੁਰੂਆਤ ਕੀਤੀ ਹੈ। ਇਸ ਮੌਕੇ ਮਨੁੱਖੀ ਹੱਕਾਂ ਦੇ ਪਹਿਰੇਦਾਰ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਸੁਪਤਨੀ ਬੀਬੀ ਪਰਮਜੀਤ ਕੌਰ ਖਾਲੜਾ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੀ ਮਾਤਾ ਬਲਵਿੰਦਰ ਕੌਰ, ਪਿਤਾ ਸ. ਤਰਸੇਮ ਸਿੰਘ ਦਾ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਅਤੇ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਤੇ ਜਥੇ ਦੇ ਸਿੰਘਾਂ ਨੇ ਸਿਰੋਪਾ ਪਾ ਕੇ ਸਨਮਾਨ ਕੀਤਾ ਗਿਆ ਤੇ ਸਿੱਖ ਯੂਥ ਫੈ.ਡਰੇਸ਼ਨ ਭਿੰਡਰਾਂਵਾਲਾ ਵੱਲੋਂ ਹਲਕਾ ਖਡੂਰ ਸਾਹਿਬ ਤੋਂ ਪੰਥਕ ਉਮੀਦਵਾਰ ਭਾਈ ਅੰਮ੍ਰਿਤਪਾਲ ਸਿੰਘ ਦੀ ਹਮਾਇਤ ਦਾ ਐਲਾਨ ਕੀਤਾ। ਫਿਰ ਸਾਰਾਗੜ੍ਹੀ ਸਰਾਂ ਕੋਲ ਮੋਰਚੇ ਵਿੱਚ ਬੈਠ ਕੇ ਫੈਡਰੇਸ਼ਨ ਆਗੂਆਂ ਨੇ ਭਾਈ ਅੰਮ੍ਰਿਤਪਾਲ ਸਿੰਘ ਦੇ ਪਰਿਵਾਰ ਅਤੇ ਬੀਬੀ ਪਰਮਜੀਤ ਕੌਰ ਖਾਲੜਾ ਨਾਲ ਵਿਚਾਰਾਂ ਦੀ ਸਾਂਝ ਵੀ ਕੀਤੀ ਤੇ ਸੂਬਾ ਸਰਕਾਰ ਤੇ ਕੇਂਦਰ ਸਰਕਾਰ ਦੀ ਘੋਰ ਸ਼ਬਦਾਂ ਵਿੱਚ ਨਿੰਦਾ ਕੀਤੀ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਇਸ ਵਾਰ ਖਾਲਸਾ ਪੰਥ ਅਤੇ ਪੰਜਾਬ ਵਾਸੀਆਂ ਨੂੰ ਸ਼ਾਨਦਾਰ ਇਤਿਹਾਸ ਸਿਰਜਣਾ ਚਾਹੀਦਾ ਹੈ, ਸੰਗਰੂਰ ਤੋਂ ਸਰਦਾਰ ਸਿਮਰਨਜੀਤ ਸਿੰਘ ਮਾਨ, ਖਡੂਰ ਸਾਹਿਬ ਤੋਂ ਭਾਈ ਅੰਮ੍ਰਿਤਪਾਲ ਸਿੰਘ, ਫਰੀਦਕੋਟ ਤੋਂ ਭਾਈ ਸਰਬਜੀਤ ਸਿੰਘ ਮਲੋਆ, ਲੁਧਿਆਣਾ ਤੋਂ ਭਾਈ ਅੰਮ੍ਰਿਤਪਾਲ ਸਿੰਘ ਛੰਦੜਾ (ਸਪੁੱਤਰ ਸ਼ਹੀਦ ਭਾਈ ਰਛਪਾਲ ਸਿੰਘ ਛੰਦੜਾ), ਪਟਿਆਲਾ ਤੋਂ ਪ੍ਰੋਫੈਸਰ ਮਹਿੰਦਰਪਾਲ ਸਿੰਘ, ਗੁਰਦਾਸਪੁਰ ਤੋਂ ਗੁਰਿੰਦਰ ਸਿੰਘ ਬਾਜਵਾ, ਬਠਿੰਡਾ ਤੋਂ ਲਖਬੀਰ ਸਿੰਘ ਲੱਖਾ ਸਿਧਾਣਾ ਨੂੰ ਪੰਜਾਬ ਵਾਸੀ ਵੋਟਾਂ ਪਾ ਕੇ ਕਾਮਯਾਬ ਕਰਨ। ਉਹਨਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਅਤੇ ਸਾਥੀਆਂ ਨੂੰ ਸਰਕਾਰ ਨੇ ਐਨ.ਐਸ.ਏ. ਤਹਿਤ ਨਜ਼ਰਬੰਦ ਕੀਤਾ ਹੋਇਆ ਹੈ। ਉਹਨਾਂ ਕਿਹਾ ਕਿ ਅੰਮ੍ਰਿਤ ਛਕਾਉਣ ਅਤੇ ਨਸ਼ੇ ਛਡਾਉਣ ਦੀ ਲਹਿਰ ਸਰਕਾਰ ਨੂੰ ਰਾਸ ਨਾ ਆਈ, ਸਰਕਾਰ ਸਾਨੂੰ ਵਾਰ ਵਾਰ ਗੁਲਾਮੀ ਦਾ ਅਹਿਸਾਸ ਕਰਵਾ ਰਹੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਲਗਾਤਾਰ ਬੇਅਦਬੀਆਂ ਹੋ ਰਹੀਆਂ ਹਨ, ਬੇਅਦਬੀ ਦੇ ਦੋਸ਼ੀਆਂ ਨੂੰ ਸਜਾਵਾਂ ਅਤੇ ਸਮੂਹ ਬੰਦੀ ਸਿੰਘਾਂ ਦੀ ਰਿਹਾਈ ਲਈ ਪੰਥਕ ਉਮੀਦਵਾਰਾਂ ਨੂੰ ਜਿਤਾਉਣ ਦੀ ਲੋੜ ਹੈ। ਉਹਨਾਂ ਕਿਹਾ ਕਿ ਵੋਟਤੰਤਰ ਨੂੰ ਖਾਲਿਸਤਾਨ ਦੀ ਮਜ਼ਬੂਤੀ ਲਈ ਵਰਤਿਆ ਜਾਵੇ, ਜੇਕਰ ਪੰਥਕ ਉਮੀਦਵਾਰ ਜਿੱਤਦੇ ਹਨ ਤਾਂ ਇਸ ਦੇ ਨਾਲ ਖਾਲਿਸਤਾਨ ਦਾ ਸੰਘਰਸ਼ ਵੀ ਬੁਲੰਦ ਹੋਵੇਗਾ। ਪਿਛਲੇ ਸਮੇਂ ਵਿੱਚ ਸਰਦਾਰ ਸਿਮਰਨਜੀਤ ਸਿੰਘ ਮਾਨ ਐਮ.ਪੀ. ਨੇ ਭਾਈ ਪਰਮਜੀਤ ਸਿੰਘ ਪੰਜਵੜ, ਭਾਈ ਹਰਦੀਪ ਸਿੰਘ ਨਿੱਝਰ, ਭਾਈ ਅਵਤਾਰ ਸਿੰਘ ਖੰਡਾ, ਭਾਈ ਸੰਦੀਪ ਸਿੰਘ ਦੀਪ ਸਿੱਧੂ ਅਤੇ ਗਾਇਕ ਸਿੱਧੂ ਮੂਸੇ ਵਾਲਾ ਦੇ ਕਤਲਾਂ ਵਿਰੁੱਧ ਆਵਾਜ਼ ਬੁਲੰਦ ਕੀਤੀ ਤੇ ਸਮੇਂ ਸਮੇਂ ਤੇ ਭਾਰਤ ਦੇ ਅਖੌਤੀ ਲੋਕਤੰਤਰ ਦਾ ਚਿਹਰਾ ਨੰਗਾ ਕੀਤਾ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਪਿਛਲੀਆਂ ਲੋਕ ਸਭਾ ਚੋਣਾਂ ਵਿੱਚ ਬੀਬੀ ਪਰਮਜੀਤ ਕੌਰ ਖਾਲੜਾ ਨੂੰ ਖਡੂਰ ਸਾਹਿਬ ਤੋਂ ਹਰਾਉਣ ਵਾਲੀ ਗਲਤੀ ਵੋਟਰ ਦੁਬਾਰਾ ਨਾ ਕਰਨ ਤੇ ਇਸ ਵਾਰ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੂਰੇ ਜਾਹੂ ਜਲਾਲ ਨਾਲ ਜਿਤਾ ਕੇ ਪਾਰਲੀਮੈਂਟ ਵਿੱਚ ਭੇਜਿਆ ਜਾਵੇ। ਫੈਡਰੇਸ਼ਨ ਆਗੂਆਂ ਨੇ ਕਿਹਾ ਕਿ ਕਾਂਗਰਸੀ, ਬਾਦਲਕੇ, ਭਾਜਪਾਈ ਤੇ ਝਾੜੂ ਪਾਰਟੀ ਵਾਲੇ ਪੰਥ ਅਤੇ ਪੰਜਾਬ ਨੂੰ ਲੁੱਟਣ ਤੇ ਕੁੱਟਣ ਵਾਲੇ ਹਨ, ਇਹਨਾਂ ਨੂੰ ਲੋਕ ਸਭਾ ਚੋਣਾਂ ਵਿੱਚ ਸਬਕ ਜਰੂਰ ਸਿਖਾਇਆ ਜਾਵੇ।



ਆਵਾਜ਼ਿ ਕੌਮ AWAZE QAUM International Newspaper & WEB TV

# ਬੋਨੀ ਅਜਨਾਲਾ ਦੀ ਅਗਵਾਈ ਹੇਠ ਅਜਨਾਲਾ ਤੋਂ ਭਾਜਪਾ ਉਮੀਦਵਾਰ ਤਰਨਜੀਤ ਸੰਧੂ ਨੂੰ ਭਾਰੀ ਲੀਡ ਮਿਲੇਗੀ -ਰਾਜੇਸ਼ ਅਜਨਾਲਾ



**ਅੰਮ੍ਰਿਤਸਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਅਜਨਾਲਾ ਤੋਂ ਭਾਜਪਾ ਆਗੂ ਰਾਜੇਸ਼ ਚੌਹਾਨ ਅਜਨਾਲਾ ਨੇ ਕਿਹਾ ਕਿ ਬੋਨੀ ਅਜਨਾਲਾ ਦੀ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਦੇ ਲੋਕ ਸਭਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੂੰ ਹਲਕਾ ਅਜਨਾਲਾ ਤੋਂ ਹਲਕੀ ਲੀਡ ਨਾਲ ਜਿਤਾਇਆ ਜਾਵੇਗਾ। ਅੱਜ ਅਜਨਾਲਾ 'ਚ ਘਰ-ਘਰ ਗਏ ਭਾਜਪਾ ਉਮੀਦਵਾਰ ਸੰਧੂ ਨੂੰ ਅਜਨਾਲਾ 'ਚ ਰਾਜੇਸ਼ ਚੌਹਾਨ ਨੇ ਸਿੱਕਿਆਂ ਨਾਲ ਤੋਲਿਆ! ਇਸ ਮੌਕੇ ਚੌਹਾਨ ਨੇ ਕਿਹਾ ਕਿ ਭਾਜਪਾ ਹੀ ਇਕ ਅਜਿਹੀ ਪਾਰਟੀ ਹੈ ਜੋ ਗਰੀਬਾਂ ਦੀਆਂ ਸਮੱਸਿਆਵਾਂ ਦਾ ਹੱਲ ਕਰ ਸਕਦੀ ਹੈ। ਕੇਂਦਰ ਦੀ ਭਾਜਪਾ ਸਰਕਾਰ ਨੇ ਦੇਸ਼ ਦੇ 25 ਕਰੋੜ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢਿਆ ਹੈ! ਰਾਜੇਸ਼ ਅਜਨਾਲਾ ਨੇ ਕਿਹਾ ਕਿ ਭਾਜਪਾ ਨੇ ਹਮੇਸ਼ਾ ਲੋਕਾਂ ਦੀ ਸੇਵਾ ਅਤੇ ਦੇਸ਼ ਦੀ ਤਰੱਕੀ ਨੂੰ ਪਹਿਲ ਦਿੱਤੀ ਹੈ। ਦੇਸ਼ ਅਤੇ ਸੂਬੇ ਨੂੰ ਅੱਗੇ ਲਿਜਾਣ ਦਾ ਕੰਮ ਭਾਜਪਾ ਨੇ ਹੀ ਕੀਤਾ ਹੈ! ਉਨ੍ਹਾਂ ਕਿਹਾ ਕਿ ਭਾਜਪਾ ਉਮੀਦਵਾਰ ਭਾਰੀ ਬਹੁਮਤ ਨਾਲ ਜਿੱਤ ਕੇ ਅੰਮ੍ਰਿਤਸਰ ਤੋਂ ਸੰਸਦ ਮੈਂਬਰ ਬਣਨਗੇ। ਉਨ੍ਹਾਂ ਕਿਹਾ ਕਿ ਅਮਰਪਾਲ ਸਿੰਘ ਬੋਨੀ ਨੇ ਅਜਨਾਲਾ ਸ਼ਹਿਰੀ ਵਿੱਚ ਭਾਜਪਾ ਨੂੰ ਮਜ਼ਬੂਤ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ। ਬੋਨੀ ਅਜਨਾਲਾ ਦੀ ਮਿਹਨਤ ਜ਼ਰੂਰ ਰੰਗ ਲਿਆਏਗੀ! ਇਸ ਮੌਕੇ ਕੌਂਸਲਰ ਵਿਕਰਮ ਬੇਦੀ, ਵਿਨੋਦ ਕੁਮਾਰ, ਵਿਜੇ ਸਰੀਨ, ਸੌਰਭ ਬੰਟਾ, ਸੰਦੀਪ ਕੌਸ਼ਲ, ਬੰਟੀ, ਕੌਂਸਲਰ ਦੀਪੂ ਸਮੇਤ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਮੁਹਿੰਮ ਵਿੱਚ ਸ਼ਮੂਲੀਅਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਆਰ.ਐਸ.ਡੀ ਕਾਲਜ ਦੇ 103ਵੇਂ ਸਥਾਪਨਾ ਦਿਵਸ 'ਤੇ

# ਕਰਵਾਏ ਵਿਸ਼ੇਸ਼ ਸਮਾਰੋਹ—ਪੁਰਾਣੇ ਵਿਦਿਆਰਥੀਆਂ ਕੀਤੀ ਸ਼ਿਰਕਤ



ਫ਼ਿਰੋਜ਼ਪੁਰ, 1 ਮਈ (ਮਨੋਹਰ ਲਾਲ) :— ਇਲਾਕੇ ਵਿਚ ਸਿੱਖਿਆ ਦਾ ਚਾਨਣ ਮੁਨਾਰਾ ਕਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਕਾਬਲ ਬਣਾਉਂਦੇ ਆ ਰਹੇ ਆਰ.ਐਸ.ਡੀ ਕਾਲਜ ਫ਼ਿਰੋਜ਼ਪੁਰ ਦਾ 103ਵਾਂ ਸਥਾਪਨਾ ਦਿਵਸ ਕਾਲਜ ਕੈਂਪਸ ਵਿਚ ਕਰਵਾਇਆ ਗਿਆ। ਕਾਲਜ ਵਿਚ ਕਰਵਾਇਆ ਗਿਆ ਸਾਂਦਾ ਸਮਾਰੋਹ ਉਦੋਂ ਪ੍ਰਭਾਵਸ਼ਾਲੀ ਹੋ ਨਿਬੜਿਆ ਜਦੋਂ ਕਾਲਜ ਤੋਂ 1975 ਦੇ ਦਰਮਿਆਨ ਪੜ੍ਹ ਕੇ ਗਏ ਵਿਦਿਆਰਥੀਆਂ ਨੇ ਇਸ ਸਮਾਰੋਹ ਵਿਚ ਸ਼ਿਰਕਤ ਕਰਕੇ ਆਪੋ—ਆਪਣੀਆਂ ਕਾਲਜ ਨਾਲ ਜੁੜੀਆਂ ਯਾਦਾਂ ਸਾਂਝੀਆਂ ਕੀਤੀਆਂ। ਇਸ ਸਮਾਰੋਹ ਦੀ ਪ੍ਰਧਾਨਗੀ ਕਰਦਿਆਂ ਡਾ: ਦਲਜੀਤ ਸਿੰਘ ਨੇ ਦੱਸਿਆ ਕਿ ਆਰ.ਐਸ.ਡੀ ਕਾਲਜ ਫ਼ਿਰੋਜ਼ਪੁਰ ਦਹਾਕਿਆਂ ਤੋਂ ਨੌਜਵਾਨੀ ਦੀ ਅਗਵਾਈ ਕਰਦਾ ਆ ਰਿਹਾ ਹੈ ਅਤੇ ਇਸ ਵਾਰ 1975 ਦੌਰਾਨ ਪੜੇ ਵਿਦਿਆਰਥੀਆਂ ਦੇ ਕਾਲਜ ਵੇਹੜੇ ਵਿਚ ਆਉਣ ਨਾਲ ਉਨ੍ਹਾਂ ਨੂੰ ਦਿਲੀ ਖੁਸ਼ੀ ਹੈ। ਇਸ ਸਮਾਰੋਹ ਦੌਰਾਨ ਕਾਲਜ ਪੁੱਜੇ ਪੁਰਾਣੇ ਵਿਦਿਆਰਥੀਆਂ ਨੇ ਆਪਣੇ ਸਮੇਂ ਦੀਆਂ ਯਾਦਾਂ ਸਾਂਝੀਆਂ ਕੀਤੀਆਂ ਅਤੇ ਮੌਜੂਦਾ ਸਟਾਫ ਨੂੰ ਪੁਰਾਣੀਆਂ ਪਿਰਤਾਂ ਪਾਉਣ ਦੀ ਅਪੀਲ ਕਰਦਿਆਂ ਨੌਜਵਾਨੀ ਨੂੰ ਮੋਬਾਇਲ ਅਤੇ ਨਸ਼ੇ ਵਰਗੀਆਂ ਅਲਾਮਤਾਂ ਤੋਂ ਦੂਰ ਕਰਨ ਦੀ ਗੁਹਾਰ ਲਗਾਈ ਤਾਂ ਜੋ ਅਜੋਕੇ ਸਮੇਂ ਦੀ ਸ਼ਾਨ ਬਣ ਚੁੱਕੀਆਂ ਇਨ੍ਹਾਂ ਅਲਾਮਤਾਂ ਦਾ ਖਾਤਮਾ ਹੋ ਸਕੇ। ਇਸ ਮੌਕੇ ਕਾਲਜ ਵਿਦਿਆਰਥੀਆਂ ਨੇ ਪ੍ਰਬੰਧਕਾਂ ਨੂੰ ਵਿਸਵਾਸ਼ ਦਿਵਾਇਆ ਕਿ ਉਹ ਆਪਣੇ ਕਾਲਜ ਜਿਥੋਂ ਪੜ੍ਹਾਈ ਦਾ ਗਹਿਣਾ ਪ੍ਰਾਪਤ ਕੀਤਾ ਹੈ, ਲਈ ਕੁਝ ਵੀ ਕਰਨ ਨੂੰ ਤਿਆਰ ਹਨ ਅਤੇ ਕਾਲਜ ਪ੍ਰਬੰਧਕ ਉਨ੍ਹਾਂ ਨੂੰ ਕਦੇ ਵੀ ਬੁਲਾ ਸਕਦੇ ਹਨ। ਸਮਾਰੋਹ ਦੀ ਖੁਸ਼ੀ ਸਾਂਝੀ ਕਰਦਿਆਂ ਵਿਦਿਆਰਥੀਆਂ ਵੱਲੋਂ ਹਾਜ਼ਰੀਨ ਵਿਚ ਲੱਡੂ ਵੰਡੇ ਗਏ ਅਤੇ ਇਕ—ਦੂਜੇ ਨੂੰ ਵਧਾਈ ਦਿੱਤੀ ਗਈ। ਕਾਲਜ ਵਿਚ ਬਣੇ ਗਰਾਊਂਡ ਦੀ ਸਾਂਭ—ਸੰਭਾਲ ਦਾ ਜਿੰਮਾ ਵੀ ਪੁਰਾਣੇ ਵਿਦਿਆਰਥੀਆਂ ਨੇ ਆਪਣੇ ਸਿਰ ਲਿਆ। ਇਸ ਮੌਕੇ ਡਾ: ਨਿਰਮਲ ਸਿੰਘ, ਡਾ: ਅਮਨਦੀਪ ਸਿੰਘ, ਡਾ: ਇਕਬਾਲ ਸਿੰਘ, ਰਾਜੇਸ਼ ਅਗਰਵਾਲ, ਸੰਜਨਾ ਅਗਰਵਾਲ ਦੇ ਨਾਲ—ਨਾਲ ਅਮਰਦੀਪ ਸਿੰਘ ਵੈਰਕਾ, ਦਲਜੀਤ ਸਿੰਘ ਸੰਧੂ, ਇੰਦਰਜੀਤ ਸਿੰਘ ਸੰਧੂ, ਹਰਿੰਦਰ ਸਿੰਘ ਬਰਾੜ, ਇੰਦਰਮੀਤ ਸਿੰਘ, ਸੁਖਵੰਤ ਸਿੰਘ, ਚਰਨਦਾਸ ਬੇਰੀ, ਰਜਿੰਦਰ ਓਬਰਏ, ਸਵਰਣ ਸਿੰਘ ਸੋਹਾਣਾ, ਅਸ਼ੋਕ ਪੁਰੀ, ਹਰਦੇਵ ਸਿੰਘ ਵਿਰਕ, ਜਗਰੂਪ ਸਿੰਘ, ਇੰਦਰਜੀਤ ਸਿੰਘ, ਰਾਜੇਸ਼ ਖੰਨਾ ਨੰਬਰਦਾਰ, ਕੁਲਦੀਪ ਕੁਮਾਰ ਸ਼ਰਮਾ, ਪਰਮਜੀਤ ਸਿੰਘ ਬਰਾੜ, ਦਵਿੰਦਰ ਵੇਹਰਾ ਹਾਜ਼ਰ ਸਨ। ਕਾਲਜ ਵੇਹੜੇ ਆਏ ਵਿਦਿਆਰਥੀਆਂ ਨੂੰ ਸ਼ੁਭ ਇਛਾਵਾਂ ਦਿੰਦਿਆਂ ਪ੍ਰਿੰਸੀਪਲ ਡਾ: ਦਲਜੀਤ ਸਿੰਘ ਨੇ ਵਿਸਵਾਸ਼ ਦਿਵਾਇਆ ਕਿ ਜਦ ਕਦੇ ਵੀ ਭਵਿੱਖ ਵਿਚ ਕਾਲਜ ਵੱਲੋਂ ਕੋਈ ਸਮਾਗਮ ਕੀਤਾ ਜਾਵੇਗਾ ਤਾਂ ਪੁਰਾਣੇ ਵਿਦਿਆਰਥੀਆਂ ਨੂੰ ਜ਼ਰੂਰ ਯਾਦ ਕੀਤਾ ਜਾਵੇਗਾ।



# ਮਈ ਦਿਵਸ ਦੇ ਸ਼ਹੀਦਾਂ ਨੂੰ ਦਿੱਤੀਆਂ ਸ਼ਰਧਾਂਜਲੀਆਂ




**ਫ਼ਿਰੋਜ਼ਪੁਰ, 1 ਮਈ (ਮਨੋਹਰ ਲਾਲ) :—** ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿਖੇ 1886 ਚ ਆਪਣੀਆਂ ਮੰਗਾਂ ਤੇ ਕੰਮ ਦੇ ਅੱਠ ਘੰਟੇ ਨਿਸ਼ਚਿਤ ਕਰਾਉਣ ਲਈ ਹੋਏ ਸੰਘਰਸ਼ ਦੌਰਾਨ ਸ਼ਹੀਦ ਹੋਏ ਸ਼ਹੀਦਾਂ ਦਾ ਫ਼ਿਰੋਜ਼ਪੁਰ ਵਿਖੇ ਆਲ ਇੰਪਲਾਈਜ ਕੋ—ਆਰਡੀਨੇਸਨ ਕਮੇਟੀ ਫਿਰੋਜ਼ਪੁਰ ਵੱਲੋਂ ਡਰਾਈਵਰ ਤੇ ਗਾਰਡ ਰਨਿੰਗ ਰੂਮ (ਨੇੜੇ ਵਸਤੀ ਟੈਂਕਾਂ ਵਾਲੀ) ਦੇ ਖੁਲ੍ਹੇ ਪੰਡਾਲ ਵਿਚ ਸ਼ਰਧਾਂਜਲੀ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਬੋਲਦਿਆਂ ਆਗੂਆਂ ਨੇ ਕਿਹਾ ਕਿ ਅਮਰੀਕਾ ਦੇ ਕਿਰਤੀਆਂ ਵੱਲੋਂ ਪੁਰ ਅਮਨ ਢੰਗ ਨਾਲ ਕੀਤੇ ਜਾ ਰਹੇ ਸੰਘਰਸ਼ ਤੇ ਸਰਕਾਰੀ ਤਸ਼ੱਦਦ ਦੇ ਦੌਰਾਨ ਸ਼ਹੀਦ ਹੋਏ ਮਜ਼ਦੂਰਾਂ ਦੀ ਯਾਦ ਨੂੰ ਤਾਜ਼ਾ ਕਰਨ ਤੇ ਸ਼ਰਧਾਂਜਲੀਆ ਦੇਣ ਲਈ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 2 ਮਿੰਟ ਦਾ ਮੌਨ ਧਾਰ ਕੇ ਮਈ ਦਿਵਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਇਸ ਸ਼ਹੀਦੀ ਸਮਾਗਮ ਵਿੱਚ ਆਲ ਇੰਪਲਾਈਜ ਕੋ—ਆਰਡੀਨੇਸਨ ਕਮੇਟੀ ਫਿਰੋਜ਼ਪੁਰ ਨਾਲ ਸਬੰਧਤ ਕੇਂਦਰ ਤੇ ਰਾਜ ਸਰਕਾਰ ਦੇ ਵਿਭਾਗਾਂ ਦੀਆਂ ਜੱਥੇਬੰਦੀਆਂ ਜਿਨ੍ਹਾਂ ਵਿਚ ਨਾਰਦਰਨ ਰੇਲਵੇ ਮੈਨਜ ਯੂਨੀਅਨ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ, ਨੈਸ਼ਨਲ ਐਸੋਸੀਏਸਨ ਆਫ ਪੋਸਟਲ ਇੰਪਲਾਈਜ, ਕੇਂਦਰ ਤੇ ਰਾਜ ਸਰਕਾਰ ਦੀਆਂ ਪੈਨਸ਼ਨਰ ਐਸੋਸੀਏਸ਼ਨ, ਪੈਰਾ ਮੈਡੀਕਲ ਸਿਹਤ ਕਰਮਚਾਰੀ ਯੂਨੀਅਨ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ, ਪੰਜਾਬ ਸਟੂਡੈਂਟ ਯੂਨੀਅਨ ਅਤੇ ਕਿਰਤੀਆਂ ਦੀਆਂ ਜੱਥੇਬੰਦੀਆਂ ਦੇ ਆਗੂਆਂ ਵੱਲੋਂ ਮਈ ਦਿਵਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆ ਭੇਂਟ ਕੀਤੀਆ ਗਈਆ। ਆਗੂਆਂ ਨੇ ਦੱਸਿਆ ਕਿ ਮੁਲਾਜ਼ਮਾਂ ਤੇ ਕਿਰਤੀਆਂ ਨੇ ਆਪੋ—ਆਪਣੇ ਅਦਾਰਿਆਂ ਵਿੱਚ ਝੰਡੇ ਲਹਿਰਾ ਕੇ ਮਈ ਦਿਵਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਤੇ ਜੱਥਿਆ ਦੇ ਰੂਪ ਵਿੱਚ ਨਾਹਰੇ ਮਾਰਦੇ ਹੋਏ ਮੁੱਖ ਸਮਾਗਮ ਵਿੱਚ ਸ਼ਾਮਲ ਹੋਏ। ਇਸ ਮੌਕੇ ਆਲ ਇੰਪਲਾਈਜ ਕੋ—ਆਰਡੀਨੇਸਨ ਕਮੇਟੀ ਦੇ ਪ੍ਰਧਾਨ ਸੁਭਾਸ਼ ਸ਼ਰਮਾ, ਕਨਵੀਨਰ ਸੁਰਿੰਦਰ ਸਿੰਘ, ਜਨਰਲ ਸਕੱਤਰ ਕਿਸ਼ਨ ਚੰਦ ਜਾਗੋਵਾਲੀਆ, ਖਜਾਨਚੀ ਮਹਿੰਦਰ ਸਿੰਘ ਧਾਲੀਵਾਲ, ਪਰਵੀਨ ਕੁਮਾਰ, ਪ੍ਰਦੀਪ ਧਵਨ, ਗੁਰਦੇਵ ਸਿੰਘ ਸਿੱਧੂ, ਰਜੀਵ ਹਾਂਡਾ, ਆਰ.ਸੀ ਮਹਿਤਾ, ਬਲਕਾਰ ਮਾੜੀਮੇਘਾ, ਧੀਰਜ ਕੁਮਾਰ ਫਾਜ਼ਿਲਕਾ, ਪ੍ਰਤਾਪ ਸਿੰਘ ਢਿੱਲੋਂ, ਮਾਸਟਰ ਬੂਟਾ ਰਾਮ, ਨਰਿੰਦਰ ਸ਼ਰਮਾ, ਜੰਗੀਰ ਸਿੰਘ ਜੀਰਾ ਆਦਿ ਆਗੂਆਂ ਨੇ ਕਿਹਾ ਕਿ ਕੇਂਦਰ ਤੇ ਰਾਜ ਸਰਕਾਰ ਦੀਆਂ ਗਲਤ ਨੀਤੀਆਂ ਕਾਰਣ ਦੇਸ਼ ਅੰਦਰ ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰੀ ਦਿਨੋ—ਦਿਨ ਵਧ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਮੁਲਾਜ਼ਮ ਮਜ਼ਦੂਰ ਮਾਰੂ ਨੀਤੀਆਂ ਨੂੰ ਮੋੜਾ ਦੇਣ ਲਈ ਹੁਣ ਸਮਾਜ ਦੇ ਕਿਸੇ ਇਕੱਲੇ ਇੱਕਹਿਰੇ ਵਰਗ ਵੱਲੋਂ ਆਪਣੀਆਂ ਮੰਗਾਂ ਮਨਾਉਣ ਲਈ ਵੱਖਰੇ ਸੰਘਰਸ਼ ਵਿੱਢਣ ਦਾ ਸਮਾਂ ਨਹੀਂ ਹੈ ਅਤੇ ਨਾ ਹੀ ਅਜਿਹੇ ਸੰਘਰਸ਼ਾਂ ਨਾਲ ਸਰਕਾਰ ਦੀਆਂ ਨੀਤੀਆਂ ਅਤੇ ਫੈਸਲੇ ਨੂੰ ਬਦਲਣ ਦੀ ਸਮਰਥਾ ਹੈ, ਹੁਣ ਸਮਾਂ ਸਮਾਜ ਦੇ ਸਮੂਹ ਪੀੜਤ ਵਰਗ ਨੂੰ ਏਕੇ ਦੀ ਕੜੀ ਵਿੱਚ ਪ੍ਰੋਣ ਉਪਰੰਤ ਸਿਰੜੀ ਸੰਘਰਸ਼ ਵਿੱਢਣ ਦਾ ਹੈ। ਇਸ ਸ਼ਹੀਦੀ ਸਮਾਗਮ ਵਿੱਚ ਰਮੇਸ਼ ਠਾਕੁਰ, ਜਗਦੀਪ ਮਾਂਗਟ, ਬਲਵਿੰਦਰ ਭੁੱਟੋ, ਬਲਬੀਰ ਸਿੰਘ ਗੋਖੀਵਾਲਾ, ਜੰਗੀਰ ਸਿੰਘ ਜੀਰਾ, ਅਨਿਲ ਸੇਠੀ, ਜਗਜੀਤ ਸਿੰਘ, ਰਾਜਬੀਰ ਸਿੰਘ, ਜਸਵਿੰਦਰ ਸਿੰਘ ਕੌੜਾ, ਦੀਵਾਨ ਚੰਦ ਸਖੀਜਾ, ਰਾਧੇ ਮੋਹਨ, ਗੁਰਪ੍ਰੀਤ ਸਿੰਘ, ਗੁਰਮੀਤ ਸਿੰਘ ਅਲਖ, ਤਨਮਨ ਸ਼ਰਮਾ, ਸਵਿੰਦਰਪਾਲ ਕੌਰ, ਵਿਸ਼ਨੂੰ ਕੁਮਾਰ, ਬਲਦੇਵ ਸਿੰਘ, ਮੇਹਰ ਸਿੰਘ, ਤਰਲੋਕ ਸਿੰਘ, ਬਲਵਿੰਦਰ ਸਿੰਘ ਗੋਗੀਆ, ਕਰਮ ਸਿੰਘ, ਸੁਸ਼ੀਲ ਅਰੋੜਾ, ਸੁਖਪ੍ਰੀਤ ਕੌਰ, ਮਮਤਾ ਰਾਣੀ, ਰਜਿੰਦਰ ਸਿੰਘ, ਕਮਲਜੀਤ ਸਿੰਘ, ਗੁਰਪ੍ਰੀਤ ਸਿੰਘ ਆਦਿ ਸ਼ਾਮਲ ਹੋਏ।




# ਡੀ.ਏ.ਵੀ. ਕਾਲਜ ਅਬੋਹਰ ਵੱਲੋਂ "ਘਰੇਲੂ ਹਿੰਸਾ ਅਤੇ ਨਾਰੀ ਸੁਰੱਖਿਆ: ਤੇ ਕਰਵਾਇਆ ਰਾਸ਼ਟਰੀ ਵੈਬੀਨਾਰ




ਚੌਕ ਮਹਿਤਾ 1 ਮਈ ( ਬਾਬਾ- ਸੁਖਵੰਤ ਸਿੰਘ ਚੰਨਣਕੇ )ਡੀ.ਏ.ਵੀ ਕਾਲਜ ਅਬੋਹਰ ਦੇ ਹਿੰਦੀ ਵਿਭਾਗ ਅਤੇ ਰਾਜਨੀਤੀ ਵਿਭਾਗ ਵੱਲੋਂ ਕਾਲਜ ਪੋ. ਡਾ. ਰਾਜੇਸ਼ ਮਹਾਜਨ ਅਤੇ ਡਾ. ਕਿਰਨ ਗਰੋਵਰ, ਡਾ. ਵੰਦਨਾ ਮੁੰਜਾਲ ਦੀ ਅਗਵਾਈ ਹੇਠ ਰਾਸ਼ਟਰੀ ਵੈਬੀਨਾਰ ਦਾ ਕਰਵਾਇਆ ਗਿਆ। ਇਸ ਵੈਬੀਨਾਰ ਦਾ ਵਿਸ਼ਾ 'ਘਰੇਲੂ ਹਿੰਸਾ ਅਤੇ ਨਾਰੀ ਸੁਰੱਖਿਅ" ਸੀ। ਇਸ ਵੈਬੀਨਾਰ ਵਿੱਚ ਵਿਸ਼ੇਸ਼ ਤੌਰ ਤੇ ਸਮਾਜ ਸੇਵੀ ਡਾ. ਸਵਰਾਜ ਗਰੋਵਰ ਅਤੇ ਡੀ.ਏ.ਵੀ. ਕਾਲਜ ਅੰਮ੍ਰਿਤਸਰ ਦੇ ਅਧਿਯਕਸ਼ ਹਿੰਦੀ ਵਿਭਾਗ ਡਾ. ਕਿਰਨ ਖੰਨਾ ਨੇ ਸਬੰਧਤ ਵਿਸ਼ੇ ਤੇ ਵਿਚਾਰ ਦੱਸੇ। ਡਾ. ਕਿਰਨ ਖੰਨਾ ਨੇ ਮੁੱਖ ਮਹਿਮਾਨ ਡਾ. ਸਵਰਾਜ ਗਰੋਵਰ ਦੇ ਕਮਾਂ ਦੇ ਬਾਰੇ ਦੱਸਦੇ ਹੋਏ ਉਹਨਾਂ ਦੀ ਸਮਾਜਿਕ ਕਲਿਆਨ ਵਿੱਚ ਰੋਸ਼ਨੀ ਪਾਈ। ਇਸ ਵਿਸ਼ੇ ਤੇ ਗੱਲ ਕਰਦੇ ਹੋਏ ਡਾ. ਕਿਰਨ ਖੰਨਾ ਨੇ ਕਿਹਾ ਕਿ ਘਰੇਲੂ ਹਿੰਸਾ ਸਾਮਾਜਿਕ ਵਿਵਸਥਾ ਦੇ ਕਈ ਖੇਤਰਾ ਤੇ ਇਕ ਭਾਰ ਹੈ ਅਤੇ ਦੀਵਾਰਾਂ ਦੇ ਅੰਦਰ ਸ਼ੜਯੰਤਰ ਅਤੇ ਨਾਟਕੀ ਰੂਪ ਵਿੱਚ ਪਲ ਕੇ ਇਕ ਰਾਸ਼ਟਰ ਦੇ ਵਿਕਾਸ ਨੂੰ ਪ੍ਰਭਾਵਤ ਕਰਦੀ ਹੈ। ਘਰਾਂ ਵਿੱਚ ਅਤੇ ਦਫਤਰਾਂ ਵਿਚ ਮੁੱਖ ਰੁਪ ਵਿੱਚ ਔਰਤਾਂ ਤੇ ਵਧ ਰਹੇ ਦਿਮਾਗੀ ਅਤੇ ਸਾਰੀਰਿਕ ਸ਼ੋਸ਼ਨ ਦੇਸ਼ ਨੂੰ ਨੁਕਾਸਾਨ ਪਹੁੰਚਾਦਾ ਹੈ। ਇਹ ਬੁਰਾਈ ਨ ਕੇਵਲ ਆਉਣ ਵਾਲੀ ਪੀੜੀ ਨੂੰ ਪ੍ਰਭਾਵਤ ਕਰਦੀ ਹੈ ਬਲਕਿ ਆਉਣ ਵਾਲੀ ਨਸਲ ਨੂੰ ਵੀ ਇਸ ਬੁਰੇ ਪ੍ਰਭਾਵ ਵਿੱਚ ਮੁਸ਼ਕਲ ਪੈਦਾ ਹੁੰਦੀ ਹੈ। ਘਰੇਲੂ ਹਿੰਸਾ ਇਕ ਲਾਚਾਰ ਪ੍ਰਤੂੰ ਬੁਰੇ ਵਿਅਕਤੀ ਵੱਲੋਂ ਦੂਸਰੇ ਵਿਅਕਤੀ ਦੇ ਅਧਿਕਾਰਾ ਤੇ ਅਤੇ ਜਬਰਦਸਤੀ ਹਮਲੇ ਅਤੇ ਸ਼ਰੀਰਿਕ ਸ਼ੋਸ਼ਨ ਦੇ ਰੂਪ ਨਾਲ ਸ਼ੁਰੂ ਹੁੰਦਾ ਹੈ ਜੋ ਕਿ ਪਰਿਵਾਰ ਅਤੇ ਸਮੁਦਾਏ ਦੇ ਨਾਲ ਸਮਾਜ ਵਿਚ ਫੈਲਦਾ ਹੈ। ਇਸ ਵਿਸ਼ੇ ਨੂੰ ਸਮੇਟਦੇ ਹੋਏ ਅਤੇ ਇਸ ਮੁਸ਼ਕਲ ਦਾ ਹਲ ਕਰਨ ਦੇ ਵਿਸ਼ੇ ਦੀ ਗਲ ਕਰਦੇ ਹੋਏ ਡਾ. ਸਵਰਾਜ ਗਰੋਵਰ ਨੇ ਕਿਹਾ ਕਿ ਘਰੇਲੂ ਹਿੰਸਾ ਇਸ ਵੈਸ਼ਿਵਕ ਮੁੱਦਾ ਹੈ ਜਿਹੜਾ ਕਿ ਵਿਸ਼ਵ ਕਲਿਯਾਨ ਦੇ ਪ੍ਰਭਾਵ ਪਾਉਂਦਾ ਹੈ। ਘਰੇਲੂ ਹਿੰਸਾ ਪੂਰੀ ਮੱਨੁਖ ਜਾਤੀ ਲਈ ਕਲੰਕ ਹੈ। ਘਰੇਲੂ ਹਿੰਸਾ ਦਾ ਕਾਰਨ ਦੱਾਜ, ਨਸ਼ਾ, ਸਿੱਖਿਆ, ਅਨਿਯਾ, ਬੇਜਗਾਰੀ ਦੇ ਨਾਲ ਮੁੱਖ ਕਾਰਨ ਸੰਸਕਾਰਾਂ ਦੀ ਕਮੀ ਹੈ। ਧਾਰਮੀਕ, ਨੈਤਿਕ ਅਤੇ ਮੱਨੁਖੀ ਮੁੱਲਾਂ ਨੂੰ ਅਪਣਾ ਕੇ ਹੀ ਘਰੇਲੂ ਹਿੰਸਾ ਨੂੰ ਰੋਕਿਆ ਜਾ ਸਕਦਾ ਹੈ। ਆਪਣੀ ਤਾਕਤ ਨੂੰ ਵਰਤ ਕੇ ਔਰਤ ਨੂੰ ਆਪਣਾ ਸਰੁੱਖਿਆ ਕਵਚ ਖੁਦ ਆਪ ਬਨਣਾ ਹੋਵੇਗਾ। ਸ਼੍ਰੀਮਤੀ ਗਰੋਵਰ ਨੇ ਘਰੇਲੀ ਹਿੰਸਾ ਮਦਦ ਲਈ 112, 181, 1098 ਹੈਲਪ ਲਾਇਨ ਨੰਬਰ ਦੱਸੇ। ਇਸ ਵੈਬੀਨਾਰ ਵਿੱਚ ਵਾਇਸ ਚਾਂਸਲਰ ਡਾ. ਵਿਨੇ ਕਪੂਰ, ਬੀ.ਬੀ.ਕੇ.ਡੀ.ਏ.ਵੀ ਕਾਲਜ ਦੀ ਪ੍ਰੋ. ਚਾ. ਸ਼ੈਲੀ ਜੱਗੀ, ਉਰਤ ਪ੍ਰਦੇਸ਼ ਕਲਿਯਾਨ ਪਰਿਸ਼ਦ ਦੇ ਮਹਾਸਚਿਵ ਸ਼੍ਰੀ ਰਾਮ ਭਵਨ ਗੋਸਵਾਮੀ, ਡਾ. ਸੁਵਿਤਾ ਸਚਦੇਵਮ ਭੋਪਾਲ ਦੀ ਸ਼ਾਇਰ ਡਾ. ਜੈ ਨਰਗੀਸ, ਡਾ. ਮਮਤਾ, ਡਾ. ਅੰਨੁਲ ਭਾਸਕਰ, ਮੈਂਡਮ ਡਾਲੀ ਭਾਟਿਆ, ਪ੍ਰੋ. ਗੋਰਵ ਸ਼ਰਮਾ, ਸੂਰਜ ਮੇਹਰਾ, ਸ਼੍ਰੀ ਅਨਿਲ ਖੰਨਾ, ਡਾ. ਹਰਿੰਦਰ ਜਾਦੋਨ, ਪੰਕਜ ਦਾਸ, ਡਾ. ਨੂਪੁਰ, ਡਾ. ਨਿਰਮਲਾ, ਸ਼੍ਰੀ ਹਰਭਜਨ ਜੀ, ਵੈਲਫੇਅਰ ਹਰਿੰਦਰ, ਬਾਕਸਰ ਬਲਦੇਵ ਰਾਜ, ਵਨਿਤਾ ਅਤੇ ਵੱਡੀ ਗਿਣਤੀ ਵਿਚ ਪੂਰੇ ਦੇਸ਼ ਤੋਂ ਲੋਕ ਵੈਬੀਨਾਰ ਵਿੱਚ ਪਹੁੰਚੇ।

# ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਪੰਜਾਬ ਦੀ ਮੈਰਿਟ ਚੋਂ ਚੌਥਾ ਸਥਾਨ ਕੀਤਾ ਪ੍ਰਾਪਤ



ਫ਼ਿਰੋਜ਼ਪੁਰ, 1 ਮਈ (ਮਨੋਹਰ ਲਾਲ) :— ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸਕੂਲ ਦੇ ਵਿਦਿਆਰਥੀਆਂ ਨੇ ਅੱਠਵੀਂ ਕਲਾਸ ਦੇ ਨਤੀਜੇ ਵਿੱਚੋਂ ਫਿਰੋਜਪੁਰ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗਿਆਨੀ ਭਾਈ ਸਾਬ ਸਿੰਘ ਅਤੇ ਜਥੇਦਾਰ ਭਾਈ ਸੁਖਦੇਵ ਸਿੰਘ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਨੇ ਜਿਥੇ ਸੂਬੇ ਭਰ ਵਿੱਚੋਂ ਚਾਰ ਪੁਜੀਸ਼ਨਾਂ ਹਾਸਿਲ ਕੀਤੀਆਂ, ਉੱਥੇ ਹੀ ਖੁਸ਼ ਕਰਨਪ੍ਰੀਤ ਕੌਰ ਪੰਜਾਬ ਵਿੱਚੋਂ ਚੋਥਾ ਰੈਂਕ ਪ੍ਰਾਪਤ ਕੀਤਾ, ਕਿਰਨਜੋਤ ਕੌਰ, ਗੁਰਸਿਮਰਨ ਕੌਰ ਅਤੇ ਗੁਰਪਿੰਦਰ ਕੌਰ ਨੇ ਪੰਜਾਬ ਦੀ ਮੈਰਿਟ ਵਿੱਚ ਸਥਾਨ ਹਾਸਿਲ ਕਰਕੇ ਆਪਣੇ ਮਾਤਾ—ਪਿਤਾ ਦਾ ਅਤੇ ਫਿਰੋਜ਼ਪੁਰ ਜ਼ਿਲ੍ਹੇ ਦਾ ਨਾਮ ਰੋਸ਼ਨ ਕੀਤਾ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਬੱਚਿਆਂ ਨੂੰ ਅਤੇ ਬੱਚਿਆਂ ਦੇ ਮਾਤਾ ਪਿਤਾ ਨੂੰ ਵਧਾਈਆਂ ਦਿੱਤੀਆਂ ਅਤੇ ਕਿਹਾ ਕਿ ਇਹ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਆਪਣੇ ਜਿਲ੍ਹੇ ਦਾ ਆਪਣੇ ਪਿੰਡ ਦਾ ਅਤੇ ਆਪਣੇ ਸਕੂਲ ਦਾ ਨਾਮ ਰੋਸ਼ਨ ਕਰਨਗੇ, ਸਾਨੂੰ ਇਨ੍ਹਾਂ ਤੋਂ ਉਮੀਦ ਹੈ ਕਿ ਇਸੇ ਤਰ੍ਹਾਂ ਮਿਹਨਤ ਕਰਕੇ ਆਉਣ ਵਾਲੀਆਂ ਜਮਾਤਾਂ ਵਿੱਚੋਂ ਵੀ ਚੰਗੇ ਨੰਬਰ ਪ੍ਰਾਪਤ ਕਰਕੇ ਪੁਜੀਸ਼ਨਾਂ ਹਾਸਿਲ ਕਰਨਗੇ। ਪੁਜੀਸ਼ਨਾਂ ਹਾਸਲ ਕਰਨ ਵਾਲੇ ਏਨ੍ਹਾਂ ਹੋਣਹਾਰ ਵਿਦਿਆਰਥੀਆਂ ਨੂੰ ਗਿਆਨੀ ਭਾਈ ਸਾਬ ਸਿੰਘ ਅਤੇ ਜਥੇਦਾਰ ਭਾਈ ਸੁਖਦੇਵ ਸਿੰਘ ਵੱਲੋਂ ਵਿਸ਼ੇਸ਼ ਵਧਾਈਆਂ ਦਿੱਤੀਆਂ ਗਈਆਂ ਇਸ ਮੌਕੇ ਵਿਦਿਆਰਥੀਆਂ ਵਿੱਚ ਖੁਸ਼ੀ ਦਾ ਮਾਹੌਲ ਛਾਇਆ ਸੀ ਅਤੇ ਸਾਰੇ ਅਧਿਆਪਕ ਸਾਹਿਬਾਨ ਨੇ ਵਿਦਿਆਰਥੀਆਂ ਨੂੰ ਅਤੇ ਉਨ੍ਹਾਂ ਦੇ ਮਾਤਾ—ਪਿਤਾ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਮਾਸਟਰ ਬਲਰਾਜ ਸਿੰਘ, ਮੈਡਮ ਅਨੁਰਾਧਾ ਅਤੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀਆਂ ਦੇ ਮਾਤਾ—ਪਿਤਾ ਹਾਜ਼ਰ ਸਨ।

### ਪੰਜਾਬ ਰਾਜ ਬਿਜਲੀ ਬੋਰਡ ਇੰਪਲਾਈਜ਼ ਫੈਡਰੇਸ਼ਨ ਸਰਕਲ ਨੇ

# ਮਈ ਦਿਸਵ ਦੇ ਸ਼ਹੀਦਾਂ ਨੂੰ ਭੇਂਟ ਕੀਤੀਆਂ ਸ਼ਰਧਾਂਜਲੀਆਂ



ਫ਼ਿਰੋਜ਼ਪੁਰ, 1 ਮਈ (ਮਨੋਹਰ ਲਾਲ) :— ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਵੱਲੋਂ ਅੱਜ ਮਈ ਦਿਵਸ ਤੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਝੰਡਾ ਚੜ੍ਹਾ ਕੇ ਸ਼ਰਧਾਂਜਲੀਆਂ ਅਰਪਿਤ ਕੀਤੀਆਂ। ਇਸ ਮੌਕੇ ਸ਼ਹਿਰੀ ਮੰਡਲ ਦੇ ਗੇਟ ਸਾਹਮਣੇ ਬਿਜਲੀ ਮੁਲਾਜ਼ਮਾਂ ਨੇ ਵੱਡੀ ਗਿਣਤੀ ਵਿਚ ਇਕੱਤਰ ਹੋ ਕੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਦੇਣ ਲਈ ਸਟੇਜ਼ ਸਜਾਈ ਗਈ, ਜਿਸ ਦੀ ਕਾਰਵਾਈ ਰਜੇਸ਼ ਦੱਤਾ ਸਕੱਤਰ ਸ਼ਹਿਰੀ ਮੰਡਲ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਸਰਕਲ ਸਕੱਤਰ ਸੁਖਚੈਨ ਸਿੰਘ ਵੱਲੋਂ ਸ਼ਰਧਾਂਜਲੀ ਸਮਾਰੋਹ ਦੀ ਪ੍ਰਧਾਨਗੀ ਕੀਤੀ ਗਈ, ਜਿਸ ਵਿਚ ਮਈ ਦਿਵਸ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਮਈ ਦਿਵਸ ਦੇ ਸਮਾਰੋਹ ਕਰਵਾਏ ਗਏ। ਇਸ ਮੌਕੇ ਸ਼ਹਿਰੀ ਮੰਡਲ ਦੇ ਪ੍ਰਧਾਨ ਰਕੇਸ਼ ਮੈਣੀ, ਸਰਕਲ ਆਗੂ ਸੁਖਦੇਵ ਸਿੰਘ, ਅਵਤਾਰ ਸਿੰਘ, ਦਿਲਬਾਗ ਸਿੰਘ, ਨੰਦ ਲਾਲ, ਸੁਖਚੈਨ ਸਿੰਘ, ਰਾਜੇਸ਼ ਦੱਤਾ ਨੇ ਸ਼ਰਧਾਂਜਲੀ ਸਮਾਰੋਹ ਵਿਚ ਹਿੱਸਾ ਲਿਆ ਅਤੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਨਵੇਂ ਮੁਲਾਜ਼ਮਾਂ ਨੂੰ ਨਵੀਂ ਪੈਨਸ਼ਨ ਦੀ ਜਗ੍ਹਾ ਪੁਰਾਣੀ ਪੈਨਸ਼ਨ ਦਿੱਤੀ ਜਾਵੇ, 295/19 ਦੇ ਸਾਥੀਆਂ ਨੂੰ ਪੂਰੀ ਤਨਖਾਹ ਦਿੱਤੀ ਜਾਵੇ ਅਤੇ 9 ਸਾਲ, 16 ਸਾਲ, 23 ਸਾਲਾ ਦਾ ਬਣਦਾ ਮੁਲਾਜ਼ਮਾਂ ਨੂੰ ਲਾਭ ਦਿੱਤਾ ਜਾਵੇ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕੀਤਾ ਜਾਵੇ, ਪਾਰਟ ਟਾਈਮ ਕਾਮਿਆਂ ਨੂੰ ਰੈਗੂਲਰ ਕੀਤਾ ਜਾਵੇ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਜੇਕਰ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਮੁਲਾਜ਼ਮਾਂ ਨੂੰ ਸੰਘਰਸ਼ ਹੋਰ ਤਿੱਖਾ ਕਰਨਾ ਪਵੇਗਾ, ਜਿਸ ਦੀ ਸਾਰੀ ਜਿੰਮੇਵਾਰੀ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

### ਮਈ ਦਿਵਸ ਮੌਕੇ

# ਵੱਖ-ਵੱਖ ਸਕੂਲਾਂ ਵਿਚ ਕਰਵਾਏ ਸਮਾਰੋਹ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 1 ਮਈ (ਮਨੋਹਰ ਲਾਲ) :— ਬੱਚਿਆਂ ਵਿਚ ਮਜ਼ਦੂਰ ਦਿਵਸ ਮੌਕੇ ਕਰਮ ਹੀ ਧਰਮ ਹੈ, ਨੂੰ ਜੀਵਨ ਵਿਚ ਅਪਨਾਉਣ ਦਾ ਪਾਠ ਹੀ ਨਹੀਂ ਅਮਲੀ ਜਾਮਾ ਪਹਿਨਾਉਣ ਤੇ ਜ਼ੋਰ ਦਿੱਤਾ ਗਿਆ। ਇਹ ਵਿਚਾਰ ਪੀ.ਸੀ ਕੁਮਾਰ ਨੇ ਅੱਜ ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ ਅਦਾਰਿਆਂ ਵਿਚ ਰੋਜ਼ਾਨਾ ਦੀ ਤਰ੍ਹਾਂ ਇਹ ਦਿਨ ਮਨਾਉਣ ਦਾ ਮਕਸਦ, ਇਸ ਦੀ ਇਤਿਹਾਸਕ ਮਕਸਦ ਛੁਪਿਆ ਹੋਇਆ, ਇਤਿਹਾਸ ਸ਼ਿਕਾਗੋ ਦੇ ਸ਼ਹੀਦਾਂ ਨੂੰ ਲਾਲ ਸਲਾਮ, ਉਨ੍ਹਾਂ ਦੀਆਂ ਅਦੁਤੀਆਂ ਕੁਰਬਾਨੀਆਂ, ਇਸ ਨੂੰ ਯਾਦ ਕਰਨਾ ਹੀ ਨਹੀਂ ਬਲਕਿ ਅਮਲੀ ਜਾਮਾ ਪਹਿਨਾਉਣ ਤੇ ਜ਼ੋਰ। ਅੱਜ ਇਸ ਅਜੋਕੇ ਯੁੱਗ ਵਿਚ ਟਪ ਰਹੀਆਂ ਸਰੀਰਕ ਬਿਮਾਰੀਆਂ, ਮਾਨਸਿਕ ਪ੍ਰੇਸ਼ਾਨੀਆਂ, ਸਮਾਜਿਕ ਕੁਰੀਤੀਆਂ ਦੇ ਅੱਡੇ ਅੱਜ ਹੱਥੀਂ ਕੰਮ ਕਰਨ ਸਰੀਰ ਨੂੰ ਦੁੱਖ ਦੇਣ ਤੇ ਜਿਵੇਂ ਬਜ਼ੁਰਗਾਂ ਦਾ ਕਿਹਾ ਆਉਲੇ ਦਾ ਖਾਧਾ ਪਿਛੋ ਅਸਰ ਕਰਦਾ ਹੈ, ਉਸੇ ਤਰ੍ਹਾਂ ਬਚੇ ਨੂੰ ਇਨ੍ਹਾਂ ਰਾਹਾਂ ਤੇ ਚੱਲਣ ਲਈ ਤਿਆਰ ਕਰਨਾ, ਕਹਾਵਤ ਹੈ ਹੇ ਬੰਦਾ ਚੰਡਿਆ ਦਾਤਰੀ ਦੇ ਤੇਜ਼ ਦੰਦੇ ਦੂਨਾ ਕੰਮ ਜਾਂਦੇ ਹਨ, ਠੀਕ ਇਸੇ ਤਰ੍ਹਾਂ ਪੀ.ਸੀ ਕੁਮਾਰ ਜ਼ਿਲ੍ਹਾ ਫ਼ਿਰੋਜ਼ਪੁਰ ਐਨ.ਜੀ.ਓਜ਼ ਸਦਾਵਰਤ ਪੰਚਾਇਤੀ ਦੇ ਮੁੱਖ ਕਾਰਜਕਰਤਾ ਜਨਮ ਤੋਂ ਹੁਣ 84 ਸਾਲ ਦੀ ਉਮਰ ਦਾ ਆਂਕੜਾ ਪਾਰ ਕਰਦਿਆਂ ਅੱਜ ਵੀ ਰੋਜ਼ਾਨਾ 16—18 ਘੰਟੇ ਉਨ੍ਹਾਂ ਨੇ ਨੌਕਰੀ ਤੇ ਹੁਣ ਫਾਰਗ ਸਿਹਤ ਵਿਭਾਗ ਵਿਚੋਂ ਬਤੌਰ ਮਾਸ ਮੀਡੀਆ ਅਫਸਰ ਅਪਨਾਇਆ ਆਪਣਾ ਰਹੇ ਹਨ, ਆਉਣ ਵਾਲੇ ਸਮੇਂ ਅਪਨਾਉਣ ਤੇ ਜ਼ੋਰ ਦਿੰਦੇ ਪ੍ਰਤੱਖ ਨੂੰ ਪ੍ਰਮਾਨ ਦੀ ਲੋੜ ਨਹੀਂ, ਰੋਜ਼ਾਨਾ ਇਨ੍ਹਾਂ 16—18 ਘੰਟੇ ਰੋਜ਼ਾਨਾ ਕੰਮ ਕਰਾਕੇ ਇਹ ਬੱਚਿਆਂ, ਨੌਜਵਾਨਾਂ, ਬਜ਼ੁਰਗਾਂ ਲਈ ਉਦਾਹਰਣ ਪੇਸ਼ ਕਰ ਆਉਣ ਵਾਲੀ ਪੀੜ੍ਹੀ ਨੂੰ ਰੱਖੋ ਤਨ ਦੀ ਮਨ ਦੀ, ਆਲੇ—ਦੁਆਲੇ ਦੀ ਸਫਾਈ ਧਿਆਨ ਵਿਚ ਰੱਖ ਇਸ ਇਕ ਹਲਫ ਦਿਵਾਇਆ, ਉਹ ਪੜ੍ਹਾਈ ਦੇ ਨਾਲ ਰੋਜ਼ਾਨਾ 16—18 ਘੰਟੇ ਕੰਮ ਕਰ ਦੂਜਿਆਂ ਨੂੰ ਪ੍ਰੇਰਿਤ ਕਰ ਰੱਖੋਂ ਤਨਮਨ ਆਲੇ ਦੀ ਸਫਾਈ, ਫਿਰ ਲੋੜ ਕੀ ਦਵਾਈ, ਭਾਵ ਹਰ ਬੱਚੇ ਨੂੰ ਮਾਂ—ਬਾਪ, ਟੀਚਰਾਂ ਨੂੰ ਹਲਫਾ ਦਿਵਾ ਪ੍ਰਣ ਲਿਆ ਕਿ ਅਸੀਂ ਕਦੇ ਬਿਮਾਰ ਪ੍ਰੇਸ਼ਾਨ, ਆਲੇ ਦੁਆਲੇ ਨੂੰ ਵਧੀਆ ਬਣਾ ਸਵਛ ਭਾਰਤ ਦਾ ਨਿਯਮ ਕਰ ਸਕਣ ਪੱਖੀ ਵਿਕਾਸ ਕਰ ਸ਼ਹੀਦਾਂ ਦੇ ਸੁਪਨਿਆਂ ਦੇ ਭਾਰਤ ਨਿਰਮਾਨ ਵਿਚ ਯੋਗਦਾਨ ਪਾਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

### ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਝੋਕ ਟਹਿਲ ਸਿੰਘ ਦੇ

# ਮੁਲਾਜ਼ਮਾਂ ਨੇ ਸ਼ਹੀਦਾਂ ਨੂੰ ਕੀਤਾ ਯਾਦ



ਫ਼ਿਰੋਜ਼ਪੁਰ, 1 ਮਈ (ਮਨੋਹਰ ਲਾਲ) :— ਅੱਜ ਮਈ ਦਿਵਸ ਦੇ ਸ਼ਹੀਦਾਂ ਦੀ ਯਾਦ ਵਿਚ ਸਬ ਡਵੀਜਨ ਝੋਕ ਟਹਿਲ ਸਿੰਘ ਵਿਖੇ ਬਿਜਲੀ ਮੁਲਾਜ਼ਮਾਂ ਵੱਲੋਂ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕੀਤਾ ਗਿਆ ਅਤੇ ਝੰਡਾ ਚੜ੍ਹਾ ਕੇ ਮੁਲਾਜ਼ਮਾਂ, ਮਜ਼ਦੂਰਾਂ ਦੇ ਹੱਕ ਵਿਚ ਨਾਅਰੇਬਾਜੀ ਕੀਤੀ ਗਈ। ਅੱਜ ਦੇ ਸਮਾਰੋਹ ਦੀ ਪ੍ਰਧਾਨਗੀ ਪ੍ਰਧਾਨ ਰਪੁਦਿੰਰ ਸਿੰਘ ਪਧਾਨ ਵੱਲੋਂ ਕੀਤੀ ਗਈ ਅਤੇ ਸਟੇਜ਼ ਦੀ ਕਾਰਵਾਈ ਰਜਿੰਦਰ ਸਿੰਘ ਸਕੱਤਰ ਵੱਲੋਂ ਚਲਾਈ ਗਈ। ਇਸ ਮੌਕੇ ਮੁਲਾਜ਼ਮ ਸਾਥੀਆਂ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਅੱਜ ਵੀ ਦੇਸ਼ ਅੰਦਰ ਆਮ ਲੋਕਾਂ ਦੀ ਲੁੱਟ ਹੋ ਰਹੀ ਹੈ, ਅਮੀਰ ਆਦਮੀ ਹੋਰ ਅਮੀਰ ਹੋ ਰਿਹਾ ਹੈ ਅਤੇ ਗਰੀਬ ਆਦਮੀ ਹੋਰ ਗਰੀਬ ਹੋ ਰਿਹਾ ਹੈ। ਮੁਲਾਜ਼ਮਾਂ ਨੇ ਕਿਹਾ ਕਿ ਹਰ ਇਕ ਵਸਤੂ ਦੇ ਰੇਟ ਵੱਧ ਚੁੱਕੇ ਹਨ, ਗੈਸ ਸਿਲੰਡਰ, ਪਟਰੋਲ, ਡੀਜਲ, ਖਾਣ ਵਾਲੀਆਂ ਸਬਜੀਆਂ, ਦਾਲਾਂ ਦੇ ਰੇਟ ਤੇਜ਼ੀ ਨਾਲ ਵੱਧ ਰਹੇ ਹਨ। ਮੁਲਾਜ਼ਮ ਆਗੂ ਸੁਰਿੰਦਰ ਕੁਮਾਰ, ਰੁਪਿੰਦਰ ਕੁਮਾਰ, ਰਜਿੰਦਰ ਕੁਮਾਰ, ਜਗਦੀਸ਼ ਕੁਮਾਰ, ਕੁਲਵੰਤ ਸਿੰਘ ਨੇ ਕਿਹਾ ਕਿ ਕੱਚੇ ਕਾਮਿਆਂ ਨੂੰ ਪੱਕਾ ਕੀਤਾ ਜਾਵੇ, 295/19 ਵਾਲੇ ਮੁਲਾਜ਼ਮਾਂ ਨੂੰ ਪੂਰੀ ਤਰ੍ਹਾਂ ਦਿੱਤੀ ਜਾਵੇ, ਨਵੀਂ ਪੈਨਸ਼ਨ ਦੀ ਜਗ੍ਹਾ ਪੁਰਾਣੀ ਪੈਨਸ਼ਨ ਦਿੱਤੀ ਜਾਵੇ, ਮੁਲਾਜ਼ਮਾਂ ਦੀਆਂ ਮੰਗਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ ਅਤੇ ਮੰਗਾਂ ਦਾ ਤੁਰੰਤ ਹੱਲ ਕੀਤਾ ਜਾਵੇ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਜੁਆਇੰਟ ਫੋਰਮ ਵੱਲੋਂ 50 ਮੰਗਾਂ ਦਾ ਮੰਗ ਪੱਤਰ ਦਿੱਤਾ ਗਿਆ ਹੈ, ਪਾਵਰਕੌਮ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਟਾਲ—ਮਟੋਲ ਦੀ ਨੀਤੀ ਅਪਣਾ ਰਹੀ ਹੈ, ਜੇਕਰ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ, ਜਿਸ ਤੋਂ ਨਿਕਲਣ ਵਾਲੇ ਸਿੱਟਿਆਂ ਦੀ ਜਿੰਮੇਵਾਰੀ ਸਰਕਾਰ ਤੇ ਮੈਨੇਜਮੈਂਟ ਦੀ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ.ਐਸ ਸਕੂਲ ਵਿਚ ਮਜ਼ਦੂਰ ਦਿਹਾੜੇ ਤੇ ਕਰਵਾਇਆ ਵਿਸ਼ੇਸ਼ ਸਮਾਰੋਹ



ਫ਼ਿਰੋਜ਼ਪੁਰ, 1 ਮਈ (ਮਨੋਹਰ ਲਾਲ) :— ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ, ਵਿਚ ਅੱਜ ਪਹਿਲੀ ਮਈ ਦੇ ਚਲਦਿਆਂ ਮਜ਼ਦੂਰ ਦਿਵਸ ਮਨਾਇਆ ਗਿਆ। ਸਕੂਲ ਦੇ ਵਿਦਿਆਰਥੀਆਂ ਵੱਲੋਂ ਮਜ਼ਦੂਰ ਦਿਵਸ ਦੇ ਸਬੰਧ ਵਿੱਚ ਇੱਕ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ ਅਤੇ ਵਿਦਿਆਰਥੀਆਂ ਵੱਲੋਂ ਨੁੱਕੜ ਨਾਟਕ ਦੀ ਪੇਸ਼ਕਾਰੀ ਰਾਹੀਂ ਮਜ਼ਦੂਰਾਂ ਅਤੇ ਕਿਰਤੀਆਂ ਦੀ ਮਹੱਤਤਾ ਨੂੰ ਦਰਸਾਇਆ ਗਿਆ ਅਤੇ ਉਨ੍ਹਾਂ ਦਾ ਹਮੇਸ਼ਾ ਸਤਿਕਾਰ ਕਰਨ ਦਾ ਸੁਨੇਹਾ ਦਿੱਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਇਸ ਵਿਸ਼ੇਸ਼ ਦਿਨ ਤੇ ਆਪਣੇ ਹੱਥਾਂ ਨਾਲ ਬਣਾਏ ਹੋਏ ਸ਼ੁਭਕਾਮਨਾਵਾਂ ਅਤੇ ਆਭਾਰ ਪ੍ਰਗਟ ਕਰਦੇ ਹੋਏ ਸੁੰਦਰ ਕਾਰਡ ਕਰਮਚਾਰੀਆਂ ਨੂੰ ਦਿੱਤੇ ਅਤੇ ਇਸ ਵਿਸ਼ੇਸ਼ ਦਿਵਸ ਤੇ ਵਧਾਈ ਦਿੱਤੀ। ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਕਿ ਕਿਸੇ ਵੀ ਦੇਸ਼ ਦੀ ਤਰੱਕੀ ਦਾ ਮੁੱਖ ਆਧਾਰ ਉਸ ਦੇ ਕਰਮਚਾਰੀ ਹੁੰਦੇ ਹਨ ਅਤੇ ਸਾਡੇ ਸੁਪਨਿਆਂ ਨੂੰ ਸਾਕਾਰ ਕਰਨ ਵਿੱਚ ਮਦਦਗਾਰਾਂ ਦੀ ਵੱਡੀ ਭੂਮਿਕਾ ਹੁੰਦੀ ਹੈ। ਉਨ੍ਹਾਂ ਸਕੂਲ ਦੇ ਸਹਾਇਕ ਸਟਾਫ਼, ਡਰਾਈਵਰਾਂ, ਬਾਗਬਾਨਾਂ ਅਤੇ ਸਫ਼ਾਈ ਕਰਮਚਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਰ ਕਿਸੇ ਨੂੰ ਮਜ਼ਦੂਰ ਵਰਗ ਦੀ ਮਿਹਨਤ ਅਤੇ ਲਗਨ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਬਰਾਬਰ ਦਾ ਦਰਜਾ ਦੇਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਕੇਂਦਰ ਤੇ ਸੂਬਾ ਸਰਕਾਰ ਦੀਆਂ ਮੁਲਾਜ਼ਮ ਤੇ ਮਜ਼ਦੂਰ ਵਿਰੋਧੀ ਨੀਤੀਆਂ ਦਾ ਦਿਤਾ ਜਾਵੇਗਾ ਮੂੰਹ ਤੋੜਵਾਂ ਜਵਾਬ—ਰਵਿੰਦਰ ਲੂਥਰਾ



ਫ਼ਿਰੋਜ਼ਪੁਰ, 1 ਮਈ (ਮਨੋਹਰ ਲਾਲ) :— ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਵੱਲੋਂ ਅੱਜ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਰਮਨ ਅੱਤਰੀ ਦੀ ਅਗਵਾਈ ਹੇਠ ਸ਼ਿਕਾਗੋ ਦੇ ਸ਼ਹੀਦਾਂ ਨੂੰ ਝੰਡਾ ਚੜਾ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਮੌਕੇ ਮੁਲਾਜ਼ਮਾਂ ਨੇ ਭਾਰੀ ਗਿਣਤੀ ਵਿੱਚ ਇਕਤਰਤਾ ਕੀਤੀ, ਜਿਸ ਵਿਚ ਇਸਤਰੀ ਮੁਲਾਜ਼ਮ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਈਆਂ। ਗੱਲਬਾਤ ਕਰਦਿਆਂ ਰਵਿੰਦਰ ਲੂਥਰਾ ਸੂਬਾ ਕਨਵੀਨਰ ਨੇ ਦੱਸਿਆ ਕਿ ਕੇਂਦਰ ਸਰਕਾਰ ਦੀਆਂ ਮੁਲਾਜ਼ਮ, ਮਜ਼ਦੂਰ ਮਾਰੂ ਨੀਤੀਆਂ ਕਾਰਨ ਮੁਲਾਜ਼ਮਾਂ ਦੀਆਂ ਪੋਸਟਾਂ ਖਾਲੀ ਪਈਆਂ ਹਨ, ਉਨ੍ਹਾਂ ਅਸਾਮੀਆਂ ਨੂੰ ਭਰਨ ਦੀ ਬਜਾਏ ਲੋਕਾਂ ਦੇ ਖੂਨ ਪਸੀਨੇ ਨਾਲ ਬਣੇ ਮਹਿਕਮਿਆਂ ਨੂੰ ਵੇਚਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰਾਂ ਦੀਆਂ ਉਜ਼ਰਤਾਂ ਵਿਚ ਵਾਧਾ ਕਰਨ ਦੀ ਬਜਾਏ ਕਾਲੇ ਕਾਨੂੰਨਾਂ ਨੂੰ ਲਿਆ ਕੇ ਕੰਮ ਦੇ ਘੰਟਿਆਂ ਵਿੱਚ ਵਾਧਾ ਕੀਤਾ ਜਾ ਰਿਹਾ ਹੈ। ਸ੍ਰੀ ਲੂਥਰਾ ਨੇ ਕਿਹਾ ਕਿ ਲੋਕ ਸਭਾ ਚੋਣਾਂ ਜੋ ਹੋਣ ਜਾ ਰਹੀਆਂ ਹਨ ਉਸ ਵਿਚ ਸਰਕਾਰ ਦਾ ਚਿਹਰਾ ਨੰਗਾ ਹੋ ਗਿਆ ਹੈ, ਬੇਰੁਜ਼ਗਾਰੀ, ਭੁੱਖਮਰੀ, ਸਿੱਖਿਆ, ਸਿਹਤ, ਸਮਾਜਿਕ ਨਿਆਂ, ਲਾਅ ਐਂਡ ਆਡਰ ਵਰਗੇ ਮੁੱਦਿਆਂ ਤੋਂ ਲੋਕਾਂ ਦਾ ਧਿਆਨ ਭਟਾਕਾ ਕੇ ਧਰਮ ਦੇ ਨਾਂ ਤੇ ਲੋਕਾਂ ਵਿੱਚ ਵੰਡੀਆਂ ਪਾ ਕੇ ਦੇਸ਼ ਨੂੰ ਤੋੜਨ ਦਾ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਕੀਤੇ ਵਾਅਦਿਆ ਵਿਚੋਂ ਇੱਕ ਵੀ ਵਾਅਦਾ ਵਫਾ ਵਿਚ ਨਹੀਂ ਬਦਲਿਆ ਗਿਆ। ਇਸ ਮੌਕੇ ਹਰਪ੍ਰੀਤ ਸਿੰਘ ਥਿੰਦ, ਦਿਨੇਸ਼ ਸਿੰਘ, ਬਲਵੀਰ ਸਿੰਘ ਗਿੱਲਾਂਵਾਲਾ, ਅੰਕੁਸ਼ ਭੰਡਾਰੀ, ਰਾਕੇਸ਼ ਗਿੱਲ, ਰਾਜ ਕੁਮਾਰ, ਵਿਜੇ ਕੁਮਾਰ ਹੈਪੀ, ਦਵਿੰਦਰ ਸਿੰਘ ਟੀਟੂ, ਅਮਰਜੀਤ ਸਿੰਘ, ਅਜੀਤ ਸਿੰਘ, ਸਤਨਾਮ ਸਿੰਘ, ਮਨੋਜ਼ ਗਰੋਵਰ, ਸ਼ਾਮ ਲਾਲ ਸਚਦੇਵਾ, ਵਿਕਰਮਜੀਤ ਸਿੰਘ, ਜਸਵਿੰਦਰ ਸਿੰਘ ਸੰਧੂ, ਬਲੀ ਸਿੰਘ, ਸੁਤੰਤਰ ਸਿੰਘ, ਮੇਹਰ ਸਿੰਘ, ਸ਼ੇਖਰ, ਪਵਨ ਮਨਚੰਦਾ, ਮਾਸਟਰ ਹਰਬੰਸ, ਜੱਜਬੀਰ ਸਿੰਘ, ਹੁਕਮ ਚੰਦ, ਅਸ਼ੋਕ ਕੁਮਾਰ, ਵਿਸ਼ਾਲ ਸ਼ਰਮਾ, ਗੁਰਜੀਤ ਸਿੰਘ, ਰਵੀ ਸ਼ਰਮਾ ਬਾਜ਼ੀਦਪੁਰ, ਬਲਕਾਰ ਸਿੰਘ ਭੱਖੜਾ, ਰਜਨੀਸ਼ ਸ਼ਰਮਾ, ਭੁਪਿੰਦਰ ਕੌਰ, ਮਾਲਾ ਰਾਣੀ, ਸਮੀਕਸ਼ਾ ਰਾਣੀ, ਪਿੰਕੀ ਗਿੱਲ, ਕਾਂਤਾ ਰਾਣੀ ਸੀ.ਆਈ.ਟੀ.ਯੂ, ਨਿਸ਼ਾ ਰਾਣੀ, ਰਾਜਵੰਤ ਕੌਰ, ਸ਼ਿਵਾਨੀ ਸ਼ੁਕਲਾ, ਪਰਮਜੀਤ ਆਦਿ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਸਰਕਾਰ ਨੂੰ ਇਸ ਦਾ ਖਮਿਆਜ਼ਾ ਭੁਗਤਣਾ ਪਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੰਚਾਈ ਵਿਭਾਗ ਦੇ ਮੁਲਾਜ਼ਮਾਂ ਝੰਡਾ ਲਹਿਰਾ ਮਈ ਦਿਵਸ ਦੇ ਸ਼ਹੀਦਾਂ ਨੂੰ ਭੇਂਟ ਕੀਤੀਆਂ ਸ਼ਰਧਾਂਜਲੀਆਂ



ਫ਼ਿਰੋਜ਼ਪੁਰ, 1 ਮਈ (ਮਨੋਹਰ ਲਾਲ) :— ਸਿੰਚਾਈ ਵਿਭਾਗ ਦੇ ਮੁਲਾਜ਼ਮਾਂ ਵੱਲੋਂ ਕਿਸ਼ਨ ਚੰਦ ਜਾਗੋਵਾਲੀਆ ਪ੍ਰਧਾਨ ਸਿੰਚਾਈ ਵਿਭਾਗ ਮੁਲਾਜ਼ਮ ਫੈਡਰੇਸ਼ਨ ਤੇ ਮਹੇਸ਼ ਕੁਮਾਰ ਪ੍ਰਧਾਨ ਦੀ ਕਲਾਸ ਫੋਰ ਗਵਰਨਮੈਂਟ ਇੰਪਲਾਈਜ ਯੂਨੀਅਨ ਦੀ ਅਗਵਾਈ ਹੇਠ ਨਹਿਰ ਕਲੋਨੀ ਫਿਰੋਜ਼ਪੁਰ ਵਿਖੇ ਝੰਡਾ ਲਹਿਰਾ ਕੇ ਮਈ ਦੇ ਦਿਵਸ਼ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ। ਇਸ ਮੌਕੇ ਬੋਲਦਿਆਂ ਆਗੂਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਪੈਨਸ਼ਨਰ ਤੇ ਮਜ਼ਦੂਰਾਂ ਵਿਰੋਧੀ ਨੀਤੀਆਂ ਦੀ ਨਿਖੇਧੀ ਕੀਤੀ ਤੇ ਮੁਲਾਜ਼ਮਾਂ ਨੂੰ ਇਕੱਠੇ ਹੋ ਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਬਲਕਾਰ ਸਿੰਘ ਮਾੜੀਮੇਘਾ, ਰਾਜ ਪ੍ਰਸ਼ਾਦ, ਸਤਨਾਮ ਸਿੰਘ, ਦਿਨੇਸ਼ ਕੁਮਾਰ, ਰਾਮਪਾਲ, ਮੁਣਸ਼ੀ ਰਾਮ, ਬਲਵੀਰ ਸਿੰਘ ਗੋਖੀਵਾਲਾ, ਮੇਹਰ ਸਿੰਘ, ਚੰਦਰ ਮੋਹਨ, ਦਲਜੀਤ ਸਿੰਘ ਯਾਰੇਸ਼ਾਹ ਵਾਲਾ, ਮੁਖਤਿਆਰ ਸਿੰਘ, ਸਮਰ ਬਹਾਦਰ, ਜਗਸੀਰ ਲਾਡੀ, ਤਰਲੋਕ ਸਿੰਘ, ਅਸ਼ੋਕ ਕੁਮਾਰ, ਰੇਖਾ ਰਾਣੀ, ਗੁੱਡੀ, ਗੁਰਮੀਤ ਸਿੰਘ ਔਲਖ, ਇਕਬਾਲ ਸਿੰਘ, ਪਰਮਜੀਤ ਸਿੰਘ, ਮਹਿੰਦਰ ਸਿੰਘ ਆਦਿ ਹਾਜ਼ਰ ਸਨ।

### ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ

# ਨਿਊ ਮਾਝਾ ਪ੍ਰੈਸ ਕਲੱਬ ਦੇ ਮੈਂਬਰਾਂ ਨੂੰ ਕੀਤਾ ਸਨਮਾਨਿਤ



ਚੌਂਕ ਮਹਿਤਾ,1 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ) ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੇ ਵਿਸ਼ੇਸ਼ ਸੱਦੇ ਤੇ ਨਿਊ ਮਾਝਾ ਪ੍ਰੈਸ ਕਲੱਬ ਮਹਿਤਾ ਚੌਕ ਦੇ ਅਹੁੱਦੇਦਾਰਾਂ ਤੇ ਕਲੱਬ ਮੈਂਬਰਾਂ ਨੇ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਨੱਤ-ਮਸਤਕ ਹੋ ਕੇ ਅਕਾਲ ਪੁਰਖ ਦਾ ਸ਼ੁਕਰਾਨਾ ਕੀਤਾ। ਦਮਦਮੀ ਟਕਸਾਲ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਨੇ ਚੁਣੇ ਗਏ ਪ੍ਰਧਾਨ ਬਲਜਿੰਦਰ ਸਿੰਘ ਰੰਧਾਵਾ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਜਗਦੀਸ਼ ਸਿੰਘ ਬਮਰਾਹ ਸਰਪ੍ਰਸਤ, ਸਤਨਾਮ ਸਿੰਘ ਜੱਜ ਉਪ-ਪ੍ਰਧਾਨ, ਡਾ.ਦਲਜੀਤ ਸਿੰਘ ਮੀਡੀਆ ਸਲਹਾਕਾਰ,ਦਵਿੰਦਰ ਸਿੰਘ ਰੰਧਾਵਾ ਖਜ਼ਾਨਚੀ, ਜੋਗਿੰਦਰ ਸਿੰਘ ਮਾਣਾ ਜਰਨਲ ਸਕੱਤਰ , ਨਿਰਮਲ ਸਿੰਘ ਭੋਮਾ ਤੇ ਪਰਮਿੰਦਰ ਸਿੰਘ ਸੈਕਟਰੀ, ਰਾਜਵਿੰਦਰ ਸਿੰਘ ਰੰਧਾਵਾ,ਜਤਿੰਦਰਪਾਲ ਸਿੰਘ,ਵਰਿੰਦਰ ਸਿੰਘ ਬਾਊ,ਬਾਬਾ ਸੁਖਵੰਤ ਸਿੰਘ,ਪਰਮਜੀਤ ਸਿੰਘ ,ਕਰਨ ਬਟਾਲਾ,ਕੁਲਵੰਤ ਸਿੰਘ ਟਕਾਪੁਰ,ਰਣਜੀਤ ਸਿੰਘ ਰਾਜਾ, ਹਰਜਿੰਦਰ ਸਿੰਘ ਬਮਰਾਹ,ਗੁਰਮੀਤ ਸਿੰਘ ਲੱਕੀ, ਬਾਬਾ ਸੁਖਵੰਤ ਸਿੰਘ ਚੰਨਣਕੇ, ਸੰਦੀਪ ਸਿੰਘ ਸਹੋਤਾ ਆਦਿ ਕਲੱਬ ਮੈਂਬਰ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਭਾਈ ਅੰਮ੍ਰਿਤਪਾਲ ਸਿੰਘ ਦੇ ਮਾਤਾ ਪਿਤਾ ਅਤੇ ਬੀਬੀ ਖਾਲੜਾ ਦਮਦਮੀ ਟਕਸਾਲ ਵਿਖੇ ਹੋਏ ਨੱਤ-ਮਸਤਕ

# ਜਥੇਬੰਦੀ ਵੱਲੋਂ ਸਿਰੋਪਾਓ ਦੇ ਕੇ ਕੀਤਾ ਗਿਆ ਉਹਨਾਂ ਦਾ ਸਤਿਕਾਰ





**ਚੌਂਕ ਮਹਿਤਾ, 1 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ "ਵਾਰਸ ਪੰਜਾਬ ਦੇ" ਜਥੇਬੰਦੀ ਦੇ ਮੁਖੀ ਭਾਈ ਅੰਮ੍ਰਿਤ ਪਾਲ ਸਿੰਘ ਜੋ ਕਿ ਆਸਾਮ ਦੀ ਜੇਲ ਵਿੱਚ ਬੰਦ ਹਨ, ਵੱਲੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਲੜਨ ਦੇ ਐਲਾਨ ਦੇ ਨਾਲ ਉਨ੍ਹਾਂ ਦਾ ਪਰਿਵਾਰ ਅਤੇ ਸਮੱਰਥਕ ਬੜੇ ਉਤਸ਼ਾਹ ਨਾਲ ਚੋਣ ਮੁਹਿੰਮ ਵਿੱਚ ਕੁੱਦ ਪਏ ਹਨ। ਚੋਣ ਮੁਹਿੰਮ ਦੀ ਇਸੇ ਲੜੀ ਤਹਿਤ ਅੱਜ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਜਥੇਦਾਰ ਤਰਸੇਮ ਸਿੰਘ, ਮਾਤਾ ਬੀਬੀ ਬਲਵਿੰਦਰ ਕੌਰ ਅਤੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਧਰਮ ਪਤਨੀ ਬੀਬੀ ਪਰਮਜੀਤ ਕੌਰ ਖਾਲੜਾ ਤੋਂ ਇਲਾਵਾ ਭਾਈ ਅੰਮ੍ਰਿਤਪਾਲ ਸਿੰਘ ਦਾ ਚਾਚਾ ਸੁਖਚੈਨ ਸਿੰਘ, ਹਰਜਿੰਦਰ ਸਿੰਘ ਬਾਜੇਕੇ, ਬੀਬੀ ਮਨਜੀਤ ਕੌਰ, ਭਾਈ ਲਖਬੀਰ ਸਿੰਘ ਕੋਟਲਾ (ਅਕਾਲੀ ਦਲ ਅੰਮ੍ਰਿਤਸਰ ਦੇ ਨੁਮਾਇੰਦੇ) ਅਤੇ ਹੋਰ ਬਹੁਤ ਸਾਰੇ ਵਰਕਰਾਂ ਦੀਆਂ ਗੱਡੀਆਂ ਦਾ ਕਾਫਲਾ ਦਮਦਮੀ ਟਕਸਾਲ ਦੇ ਹੈਡਕੁਾਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਜਥਾ ਭਿੰਡਰਾਂ ਵਿਖੇ ਪੁੱਜਾ ਅਤੇ ਗੁਰਦੁਆਰਾ ਸਾਹਿਬ ਵਿੱਚ ਉਹਨਾਂ ਨੇ ਨੱਤਮਸਤਕ ਹੋ ਕੇ ਆਪਣੀ ਜਿੱਤ ਵਾਸਤੇ ਅਰਦਾਸ ਬੇਨਤੀ ਕੀਤੀ। ਇਸ ਮੌਕੇ ਦਮਦਮੀ ਟਕਸਾਲ ਜਥੇਬੰਦੀ ਦੇ ਜਿੰਮੇਵਾਰ ਸਿੰਘਾਂ, ਭਾਈ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ, ਭਾਈ ਬੋਹੜ ਸਿੰਘ ਅਤੇ ਹੋਰ ਸਿੰਘਾਂ ਨੇ ਭਾਈ ਅੰਮ੍ਰਿਤ ਪਾਲ ਸਿੰਘ ਦੇ ਮਾਤਾ, ਪਿਤਾ ਅਤੇ ਬੀਬੀ ਪਰਮਜੀਤ ਕੌਰ ਖਾਲੜਾ ਨੂੰ ਸਿਰੋਪਾਓ ਦੇ ਕੇ ਉਹਨਾਂ ਦਾ ਸਤਿਕਾਰ ਕੀਤਾ। ਪੱਤਰਕਾਰਾਂ ਨਾਲ ਗੱਲ ਕਰਦਿਆਂ ਜਥੇਦਾਰ ਤਰਸੇਮ ਸਿੰਘ ਅਤੇ ਬੀਬੀ ਪਰਮਜੀਤ ਕੌਰ ਖਾਲੜਾ ਨੇ ਦੱਸਿਆ ਕਿ ਚੋਣਾਂ ਵਿੱਚ ਹਿੱਸਾ ਲੈਣ ਦਾ ਸਾਡਾ ਮੁੱਖ ਉਦੇਸ਼ ਇਹੋ ਹੈ ਕਿ ਬੰਦੀ ਸਿੰਘਾਂ ਦੀ ਰਿਹਾਈ ਕਰਵਾਈ ਜਾਵੇ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਬੇਅਦਬੀ ਦੇ ਦੋਸ਼ੀਆਂ ਨੂੰ ਢੁਕਵੀਂ ਸਜ਼ਾ ਦਿੱਤੀ ਜਾਵੇ ਅਤੇ ਅੰਮ੍ਰਿਤ ਪ੍ਰਚਾਰ ਦੀ ਲਹਿਰ ਹੋਰ ਪ੍ਰਚੰਡ ਕਰਕੇ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਅ ਕੇ ਸਿੱਖੀ ਵਿਰਸੇ ਨਾਲ ਜੋੜਿਆ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਬੀ ਮਨਜੀਤ ਕੌਰ, ਭਾਈ ਕਸ਼ਮੀਰ ਸਿੰਘ ਢੰਡ ਕਸੇਲ, ਅਮਰਜੀਤ ਸਿੰਘ, ਦਇਆ ਸਿੰਘ ਆਦਿ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਦਸ਼ਮੇਸ਼ ਸਕੂਲ, ਮਹਿਤਾ ਦੇ ਅੱਠਵੀਂ ਦੇ ਵਿਦਿਆਰਥੀਆਂ ਦਾ ਨਤੀਜਾ ਰਿਹਾ ਸ਼ਲਾਘਾਯੋਗ



ਚੌਂਕ ਮਹਿਤਾ,1 ਮਈ(ਬਾਬਾ ਸੁਖਵੰਤ ਸਿੰਘ ਚੰਨਣਕੇ)ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਮਹਿਤਾ ਚੌਂਕ ਦੇ ਵਿਦਿਆਰਥੀਆਂ ਦਾ ਤਾਜ਼ਾ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜੇ ਵਿੱਚ ਬਹੁਤ ਵਧੀਆ ਪ੍ਰਦਰਸ਼ਨ ਰਿਹਾ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਸਾਲਾਨਾ ਨਤੀਜਿਆਂ ਵਿੱਚ ਵਿਦਿਆਰਥੀਆਂ ਨੇ ਆਪਣੀ ਸਾਲ ਭਰ ਦੀ ਕੀਤੀ ਮਿਹਨਤ ਸਦਕਾ ਵਧੀਆ ਅੰਕ ਪ੍ਰਾਪਤ ਕਰਕੇ ਸੰਸਥਾ ਅਤੇ ਮਾਪਿਆ ਦਾ ਨਾਂ ਰੌਸ਼ਨ ਕੀਤਾ।ਅਧਿਆਪਕਾਂ ਨੇ ਵਿਦਿਆਰਥੀਆ ਦੀ ਕੀਤੀ ਮਿਹਨਤ ਨੂੰ ਸਲਾਹਿਆ ਅਤੇ ਉਹਨਾਂ ਨੂੰ ਅੱਗੇ ਵੀ ਮਿਹਨਤ ਕਰਦੇ ਰਹਿਣ ਦੀ ਪ੍ਰੇਰਨਾ ਦਿੱਤੀ। ਦਸ਼ਮੇਸ਼ ਪਬਲਿਕ ਸਕੂਲ ਦੇ ਕੁੱਲ 127 ਵਿਦਿਆਰਥੀ ਅੱਠਵੀਂ ਜਮਾਤ ਦੀ ਪ੍ਰੀਖਿਆ ਵਿੱਚ ਬੈਠੇ ਸਨ।ਜਿੰਨ੍ਹਾਂ ਵਿੱਚੋਂ 90 ਪ੍ਰਤੀਸ਼ਤ ਤੋਂ ਉੱਪਰ 23 ਵਿਦਿਆਰਥੀਆਂ ਨੇ ਅੰਕ ਪ੍ਰਾਪਤ ਕੀਤੇ।86 ਪ੍ਰਤੀਸ਼ਤ ਤੋਂ ਉੱਪਰ 49 ਵਿਦਿਆਰਥੀਆਂ ਅਤੇ 70 ਪ੍ਰਤੀਸ਼ਤ ਤੋਂ ਉੱਪਰ 38 ਵਿਦਿਆਰਥੀਆਂ ਨੇ ਨੰਬਰ ਹਾਸਿਲ ਕੀਤੇ।ਇਸ ਤੋਂ ਇਲਾਵਾ 60 ਪ੍ਰਤੀਸ਼ਤ ਤੋਂ 17 ਵਿਦਿਆਰਥੀ ਅੰਕ ਪ੍ਰਾਪਤ ਕਰਕੇ ਅੱਠਵੀਂ ਜਮਾਤ ਵਿੱਚੋਂ ਪਾਸ ਹੋਏ ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਫ਼ਸਟ ਡਵੀਜ਼ਨ ਤੋਂ ਉੱਪਰ ਅੰਕ ਪ੍ਰਾਪਤ ਕੀਤੇ ਹਨ। ਸਨੇਹਪ੍ਰੀਤ ਕੌਰ ਨੇ 582/600 (97%) ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਪਲਕਪ੍ਰੀਤ ਕੌਰ ਨੇ 578/600(96.3%) ਨੰਬਰ ਪ੍ਰਾਪਤ ਕੀਤੇ ਤੇ ਸਕੂਲ ਵਿੱਚੋਂ ਦੂਜਾ ਸਥਾਨ ਹਾਸਿਲ ਕੀਤਾ। ਇਸ ਦੇ ਨਾਲ ਹੀ ਸੁਪਨਪ੍ਰੀਤ ਕੌਰ ਨੇ 577/600(96.1%) ਨੰਬਰ ਪ੍ਰਾਪਤ ਕਰਕੇ ਸਕੂਲ ਵਿੱਚੋਂ ਤੀਸਰਾ ਸਥਾਨ ਪ੍ਰਾਪਤ ਕੀਤਾ। ਆਏ ਤਾਜ਼ਾ ਨਤੀਜਿਆਂ ਤੋਂ ਸਭ ਖ਼ੁਸ਼ ਦਿਖਾਈ ਦਿੱਤੇ। ਸਕੂਲ ਦੇ ਵਾਇਸ ਪ੍ਰਿੰਸੀਪਲ ਮੈਡਮ ਬਲਜੀਤ ਕੌਰ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਹੋਰ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ।ਸਕੂਲ ਦੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ ਨੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਅਤੇ ਪਰਮਾਤਮਾ ਦਾ ਓਟ ਆਸਰਾ ਲੈਂਦਿਆ ਮਿਹਨਤ ਦਾ ਪੱਲ੍ਹਾ ਨਾ ਛੱਡਣ ਦਾ ਉਪਦੇਸ਼ ਦਿੱਤਾ। ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤੇ ਵਿਦਿਆਰਥੀਆ ਨੂੰ ਇਨਾਮ ਦੇ ਕੇ ਪ੍ਰੋਸਾਹਿਤ ਕੀਤਾ ਗਿਆ।ਇਸ ਮੌਕੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ, ਵਾਇਸ ਪ੍ਰਿੰਸੀਪਲ ਮੈਡਮ ਬਲਜੀਤ ਕੌਰ, ਕੋ-ਆਰਡੀਨੇਟਰ ਮੈਡਮ ਰਵਿੰਦਰ ਕੌਰ, ਮੈਡਮ ਸ਼ੁਸ਼ਮਾ ਸ਼ਰਮਾ ਅਤੇ ਮੈਡਮ ਨਵਨੀਤ ਕੌਰ ਮੌਜੂਦ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕੈਨੇਡਾ, ਪਾਕਿਸਤਾਨ, ਬਰਤਾਨੀਆ, ਪੰਜਾਬ, ਹਰਿਆਣਾ ਵਿਚ ਇੰਡੀਆਂ ਏਜੰਸੀਆਂ ਵੱਲੋਂ ਕਤਲ ਕੀਤੇ ਗਏ ਸਿੱਖਾਂ ਬਾਰੇ ਕਾਂਗਰਸ, ਆਮ ਆਦਮੀ ਪਾਰਟੀ ਦਾ ਕੀ ਹੈ ਸਟੈਂਡ ? : ਮਾਨ



ਨਵੀਂ ਦਿੱਲੀ, 1 ਮਈ (ਮਨਪ੍ਰੀਤ ਸਿੰਘ ਖਾਲਸਾ):- "ਜਦੋਂ ਅੱਜ ਇਕ ਜਮਹੂਰੀਅਤ ਪਸ਼ੰਦ ਅਤੇ ਵਿਧਾਨਿਕ ਪ੍ਰਕਿਰਿਆ ਹੇਠ ਚੱਲ ਰਹੇ ਇੰਡੀਆਂ ਮੁਲਕ ਦੇ ਵਜੀਰ ਏ ਆਜਮ ਸ੍ਰੀ ਨਰਿੰਦਰ ਮੋਦੀ ਪ੍ਰਤੱਖ ਰੂਪ ਵਿਚ ਇਹ ਕਹਿ ਰਹੇ ਹਨ ਕਿ ਅਸੀਂ ਬਾਹਰਲੇ ਮੁਲਕਾਂ ਵਿਚ ਆਜਾਦੀ ਚਾਹੁੰਣ ਵਾਲੇ ਸਿੱਖਾਂ ਨੂੰ ਉਨ੍ਹਾਂ ਦੇ ਘਰ ਵਿਚ ਘੁਸਕੇ ਮਾਰਾਂਗੇ, ਤਾਂ ਉਨ੍ਹਾਂ ਨੇ ਇਹ ਗੱਲ ਕੌਮਾਂਤਰੀ ਪੱਧਰ ਤੇ ਪ੍ਰਵਾਨ ਕਰ ਲਈ ਹੈ ਕਿ ਜੋ ਬੀਤੇ ਸਮੇ ਵਿਚ ਕੈਨੇਡਾ ਦੇ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ, ਸੁਖਦੂਲ ਸਿੰਘ, ਬਰਤਾਨੀਆ ਵਿਚ ਅਵਤਾਰ ਸਿੰਘ ਖੰਡਾ, ਪਾਕਿਸਤਾਨ ਵਿਚ ਪਰਮਜੀਤ ਸਿੰਘ ਪੰਜਵੜ ਅਤੇ ਲਖਬੀਰ ਸਿੰਘ ਰੋਡੇ, ਹਰਿਆਣਾ ਵਿਚ ਦੀਪ ਸਿੰਘ ਸਿੱਧੂ ਅਤੇ ਪੰਜਾਬ ਵਿਚ ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਨੂੰ ਆਪਣੀਆ ਏਜੰਸੀਆ ਆਈ.ਬੀ, ਰਾਅ, ਮਿਲਟਰੀ ਇੰਨਟੈਲੀਜੈਸ, ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਵੱਲੋ ਰਚੀਆ ਸਾਂਝੀਆ ਸਾਜਿਸਾਂ ਰਾਹੀ ਮਰਵਾਇਆ ਹੈ । ਹੁਣ ਇਸ ਗੈਰ ਵਿਧਾਨਿਕ ਅਤੇ ਗੈਰ ਇਨਸਾਨੀਅਤ ਹੋ ਰਹੇ ਮਨੁੱਖੀ ਅਧਿਕਾਰਾਂ ਦੇ ਕਤਲ ਦੇ ਦੁੱਖਦਾਇਕ ਵਰਤਾਰੇ ਉਤੇ ਸਮੁੱਚੇ ਪੰਜਾਬੀ ਅਤੇ ਘੱਟ ਗਿਣਤੀ ਕੌਮਾਂ ਕਾਂਗਰਸ ਜਮਾਤ, ਆਮ ਆਦਮੀ ਪਾਰਟੀ, ਸੀ.ਪੀ.ਆਈ, ਸੀ.ਪੀ.ਐਸ, ਬਾਦਲ ਦਲ ਆਦਿ ਨੂੰ ਜਨਤਕ ਤੌਰ ਤੇ ਪੁੱਛਣਾ ਚਾਹਵਾਂਗੇ ਕਿ ਇਸ ਅਤਿ ਗੰਭੀਰ ਮੁੱਦੇ ਉਤੇ ਇਨ੍ਹਾਂ ਪਾਰਟੀਆਂ ਦਾ ਕੀ ਸਟੈਂਡ ਹੈ ਅਤੇ ਇਸ ਪ੍ਰਤੀ ਉਹ ਕੀ ਸੋਚ ਰੱਖਦੇ ਹਨ ? ਕਿਉਂਕਿ ਸਿੱਖਾਂ ਨੂੰ ਬਾਹਰਲੇ ਮੁਲਕਾਂ ਵਿਚ ਅਤੇ ਇਥੇ ਕਤਲ ਕਰਨ ਉਤੇ ਹਕੂਮਤ ਦੇ ਇਸ ਗੈਰ ਇਨਸਾਨੀਅਤ ਅਮਲ ਵਿਰੁੱਧ ਅਜੇ ਤੱਕ ਕਾਂਗਰਸ, ਆਮ ਆਦਮੀ ਪਾਰਟੀ ਅਤੇ ਹੋਰਨਾਂ ਦੀ ਜੁਬਾਨ ਵਿਚੋ ਕੁਝ ਨਹੀ ਨਿਕਲਿਆ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਇੰਡੀਆਂ ਦੇ ਵਜੀਰ ਏ ਆਜਮ ਸ੍ਰੀ ਮੋਦੀ ਵੱਲੋ ਅੱਜ ਆਏ ਤਾਜਾ ਬਿਆਨ ਕਿ ਉਹ ਆਪਣੀ ਆਜਾਦੀ ਚਾਹੁੰਣ ਵਾਲੇ ਅਤੇ ਆਪਣੇ ਨਾਲ ਹੋ ਰਹੇ ਹਕੂਮਤੀ ਜ਼ਬਰ ਜੁਲਮ ਅਤੇ ਬੇਇਨਸਾਫ਼ੀਆਂ ਵਿਰੁੱਧ ਆਵਾਜ ਉਠਾਉਣ ਵਾਲੇ ਭਾਵੇ ਉਹ ਕਿਸੇ ਵੀ ਮੁਲਕ ਵਿਚ ਕਿਉਂ ਨਾ ਰਹਿੰਦੇ ਹੋਣ, ਉਨ੍ਹਾਂ ਨੂੰ ਮੰਦਭਾਵਨਾ ਅਧੀਨ ਅੱਤਵਾਦੀ, ਵੱਖਵਾਦੀ, ਸਰਾਰਤੀ ਅਨਸਰ, ਗਰਮਦਲੀਏ ਆਦਿ ਨਾਮ ਦੇ ਕੇ ਉਨ੍ਹਾਂ ਦੇ ਘਰਾਂ ਵਿਚ ਘੁਸਕੇ ਮਾਰਨ ਦੇ ਪ੍ਰਗਟਾਏ ਮਨੁੱਖਤਾ ਵਿਰੋਧੀ ਵਿਚਾਰਾਂ ਉਤੇ ਦੂਸਰੀਆਂ ਸਿਆਸੀ ਪਾਰਟੀਆਂ ਕਾਂਗਰਸ, ਆਮ ਆਦਮੀ ਪਾਰਟੀ, ਬਾਦਲ ਦਲੀਆ ਆਦਿ ਨੂੰ ਇਸ ਗੰਭੀਰ ਵਿਸੇ ਉਤੇ ਉਨ੍ਹਾਂ ਦੀ ਸੋਚ ਦੀ ਜਾਣਕਾਰੀ ਪ੍ਰਾਪਤ ਕਰਨ ਹਿੱਤ ਜਨਤਾ ਦੀ ਕਚਹਿਰੀ ਵਿਚ ਖੜ੍ਹਾ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਜਦੋ ਕੌਮਾਂਤਰੀ ਅਤੇ ਇੰਡੀਆਂ ਦੇ ਕਾਨੂੰਨ ਕਿਸੇ ਵੀ ਨਾਗਰਿਕ ਨੂੰ ਗੈਰ ਕਾਨੂੰਨੀ, ਗੈਰ ਸਮਾਜਿਕ, ਗੈਰ ਇਖਲਾਕੀ ਢੰਗ ਨਾਲ ਸਰੀਰਕ ਤੌਰ ਤੇ ਖਤਮ ਕਰਨ ਦੀ ਇਜਾਜਤ ਬਿਲਕੁਲ ਨਹੀ ਦਿੰਦੇ ਅਤੇ ਇਥੋ ਦੇ ਇੰਡੀਅਨ ਕਾਨੂੰਨ ਵੀ ਅਜਿਹਾ ਅਮਲ ਕਰਨ ਦੀ ਇਜਾਜਤ ਨਹੀ ਦਿੰਦੇ, ਫਿਰ ਸ੍ਰੀ ਮੋਦੀ ਉਨ੍ਹਾਂ ਕੌਮਾਂਤਰੀ ਤੇ ਆਪਣੇ ਮੁਲਕ ਦੇ ਕਾਨੂੰਨਾਂ ਦੀ ਕੀ ਉਲੰਘਣਾ ਨਹੀ ਕਰ ਰਹੇ ? ਕੌਮਾਂਤਰੀ ਅਤੇ ਇਥੋ ਦੇ ਕਾਨੂੰਨਾਂ ਦੀ ਜਾਣਕਾਰੀ ਇਥੋ ਦੇ ਨਿਵਾਸੀਆਂ ਨੂੰ ਨਿਮਨ ਦਿੱਤੀ ਜਾ ਰਹੀ ਹੈ:- ਭਾਰਤੀ ਸੰਵਿਧਾਨ ਦੀ ਧਾਰਾ 51 (ਸੀ), ਭਾਰਤੀ ਦੰਡਾਵਲੀ ਦੀ ਧਾਰਾ 121, 124ਏ, 153ਏ, ਰਾਸਟਰੀ ਸੁਰੱਖਿਆ ਐਕਟ ਦੀ ਧਾਰਾ 3 (2) (2) ਅਤੇ ਧਾਰਾ 2 (ਡੀ) (3) ਦੇ ਅਧੀਨ ਗੈਰ-ਕਾਨੂੰਨੀ ਗਤੀਵਿਧੀ ਵੱਜੋ ਗੈਰਕਾਨੂੰਨੀ ਗਤੀਵਿਧੀਆ ਰੋਕਥਾਮ ਐਕਟ ।ਅੰਤਰਰਾਸਟਰੀ ਮਾਨਵਤਾਵਾਦੀ ਕਾਨੂੰਨ (ਜਾਂ ਜੰਗ ਦਾ ਕਾਨੂੰਨ) ਦੇ ਸਿਧਾਂਤ ਜਿਵੇਕਿ ਅੰਤਰ ਦਾ ਸਿਧਾਂਤ (ਨਾਗਰਿਕਾਂ ਅਤੇ ਲੜਾਕਿਆ ਵਿਚਕਾਰ), ਨਾਗਰਿਕਾਂ ਤੇ ਸਿੱਧੇ ਹਮਲੇ ਦੀ ਮਨਾਹੀ, ਹਿੰਸਾ ਦੀਆਂ ਧਮਕੀਆ ਦੀ ਮਨਾਹੀ ਅਤੇ ਜੀਵਨ ਤੇ ਸਨਮਾਨ ਦੇ ਬੁਨਿਆਦੀ ਮਨੁੱਖੀ ਅਧਿਕਾਰ ਦੀ ਸੁਰੱਖਿਆ। ਸੰਯੁਕਤ ਰਾਸ਼ਟਰ ਚਾਰਟਰ ਦਾ ਆਰਟੀਕਲ 2 (4) ਇਕ ਰਾਜ ਦੁਆਰਾ ਦੂਜੇ ਰਾਜ ਦੇ ਵਿਰੁੱਧ ਧਮਕੀ ਜਾਂ ਤਾਕਤ ਦੀ ਵਰਤੋ 'ਤੇ ਪਾਬੰਦੀ ਲਗਾਉਦਾ ਹੈ, ਇਸ ਤਰ੍ਹਾਂ ਭਾਰਤ ਨੂੰ ਹਮਲਾ ਕਰਨ ਦਾ ਅਪਰਾਧ ਕਰਨ ਲਈ ਮਜ਼ਬੂਰ ਕਰਦਾ ਹੈ, ਜਿਸ ਨੂੰ ਅੰਤਰਰਾਸ਼ਟਰੀ ਅਪਰਾਧਿਕ ਅਦਾਲਤ ਦੇ ਰੋਮ ਵਿਧਾਨ ਦੀ ਧਾਰਾ 8 (ਬੀ) ਦੁਆਰਾ ਪਰਿਭਾਸਿਤ ਕੀਤਾ ਗਿਆ ਹੈ । (ਆਈ.ਸੀ.ਸੀ), ਜਨੇਵਾ ਕੰਨਵੈਨਸਨ 1 ਤੋਂ 4 ਤੱਕ ਨਾਗਰਿਕਾਂ, ਗੈਰ ਲੜਾਕੂਆਂ, ਡਾਕਟਰੀ ਅਤੇ ਮਾਨਵਤਾਵਾਦੀ ਕ੍ਰਮਚਾਰੀਆਂ ਦੀ ਸੁਰੱਖਿਆ ਅਤੇ ਯੁੱਧ ਦੇ ਕੈਦੀਆਂ ਦੀ ਸੁਰੱਖਿਆ ਤੇ ਤਸੱਦਦ ਅਤੇ ਅਣਮਨੁੱਖੀ ਸਲੂਕ ਦੀ ਮਨਾਹੀ ਨਾਲ ਕਰਨਾ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਦੁਖ ਨਿਵਾਰਨ ਕੈਂਪਾਂ ਵਿੱਚ

# ਹਾਜ਼ਰੀ ਭਰਕੇ ਸੰਗਤਾਂ ਲਾਹਾ ਪ੍ਰਾਪਤ ਕਰਨ ਬਾਬਾ ਬਿਬੇਕ ਸਿੰਘ




ਜੰਡਿਆਲਾ ਗੁਰੂ 1 ਮਈ ( ਕੁਲਵੰਤ ਸਿੰਘ ਵਿਰਦੀ) ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਵਿਖੇ ਗੁਰਦੁਆਰਾ ਸਾਹਿਬ ਜੀ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ ਅੱਜ ਸ਼ਹੀਦਾਂ ਦੇ ਸਿਰਤਾਜ ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਤਿੰਨ ਰੋਜ਼ ਤੋਂ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਇਸ ਮੌਕੇ ਗੁਰੂ ਘਰ ਦੇ ਕੀਰਤਨੀ ਜਥਿਆਂ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੇ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ ਬਾਬਾ ਬਿਬੇਕ ਸਿੰਘ ਜੀ ਨੇ ਗੁਰਬਾਣੀ ਦੀ ਸਾਂਝ ਪਾਉਂਦਿਆਂ ਹੋਇਆਂ ਸੰਗਤਾਂ ਨੂੰ ਗੁਰੂ ਵਾਲੇ ਬਣ ਕਿ ਬਾਣੀ ਬਾਣੇ ਦੇ ਧਾਰਨੀ ਹੋ ਕਿ ਗੁਰਬਾਣੀ ਪੜ੍ਹ ਕੇ ਆਪਣੇ ਜੀਵਨ ਨੂੰ ਸਫਲ ਬਣਾਉਣ ਲਈ ਸੰਗਤਾਂ ਨੂੰ ਪ੍ਰੇਰਿਤ ਕੀਤਾ ਇਸ ਮੌਕੇ ਗੱਲਬਾਤ ਦੌਰਾਨ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਅੱਜ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਹਨ ਅਤੇ ਬੀਤੇ ਦਿਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 27 ਅਪ੍ਰੈਲ ਨੂੰ ਸ੍ਰੀ ਆਖੰਡ ਪਾਠ ਆਰੰਭ ਕੀਤੇ ਗਏ ਸਨ ਅਤੇ ਜਿਨ੍ਹਾਂ ਦੇ ਭੋਗ 29 ਅਪ੍ਰੈਲ ਨੂੰ ਪਾਏ ਗਏ ਅਤੇ ਉਪਰੰਤ ਦੂਸਰਾ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਕੀਤਾ ਗਿਆ ਅਤੇ ਜਿਨ੍ਹਾਂ ਦਾ ਭੋਗ ਅੱਜ 1 ਮਈ ਪਾਇਆ ਗਿਆ ਅਤੇ ਉਪਰੰਤ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੇ ਕੀਰਤਨ ਦਰਬਾਰ ਸਜਾਏ ਗਏ ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਨੂੰ ਬੇਨਤੀ ਕੀਤੀ ਕਿ ਘਰ ਘਰ ਵਿੱਚ ਸੇਵਕ ਜੱਥੇ ਵੱਲੋਂ ਦੂਖ ਨਿਵਾਰਨ ਕੈਂਪ ਲਗਾਏ ਜਾ ਰਹੇ ਹਨ ਅਤੇ ਇਨ੍ਹਾਂ ਕੈਂਪਾਂ ਵਿੱਚ ਹਾਜ਼ਰੀ ਭਰ ਕੇ ਗੁਰੂ ਸਾਹਿਬ ਜੀ ਦੇ ਪੁਰਬ ਮਨ੍ਹਾਂ ਕਿ ਗੁਰਬਾਣੀ ਗਾ ਕੇ ਭਾਵ ਗੁਰਬਾਣੀ ਸਰਵਣ ਕਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ।

ਆਵਾਜ਼ਿ ਕੌਮ AWAZE QAUM International Newspaper & WEB TV

# ਕੀ ਸਰਕਾਰਾਂ ਗਰੀਬਾਂ ਮਜ਼ਦੂਰਾਂ ਪ੍ਰਤੀ ਸੱਚਮੁੱਚ ਸੰਜੀਦਾ ਹਨ

**1 ਮਈ** ਨੂੰ ਮਜ਼ਦੂਰਾਂ ਦਾ , ਕਿਰਤੀਆਂ ਦਾ ਦਿਨ ਹੈ ਪਰ ਜ਼ਿਆਦਾਤਰ ਕਿਰਤੀਆਂ ਨੂੰ ਇਸ ਬਾਰੇ ਗਿਆਨ ਨਹੀ ਹੈ ਉਹ ਆਪਣੇ ਹੱਕਾਂ ਪ੍ਰਤੀ ਸੁਚੇਤ ਨਹੀ ਹਨ। ਜ਼ਿਆਦਾਤਰ ਮਜ਼ਦੂਰ ਇਸ ਦਿਨ ਤੋਂ ਅਣਜਾਣ ਹਨ ।ਜੇ ਉਹਨਾਂ ਨੂੰ ਇਹ ਨਹੀ ਪਤਾ ਕਿ ਇਹ ਦਿਨ ਸਾਡੇ ਹੱਕਾਂ ਦੀ ਗੱਲ ਕਰਦਾ ਹੈ ਤਾਂ ਉਹ ਆਪਣੇ ਹੱਕ ਕਿਵੇਂ ਲੈ ਸਕਣਗੇ।

ਅੱਜ ਤੋਂ ਕੋਈ 130 ਕੁ ਸਾਲ ਪਹਿਲਾਂ ਯਾਨੀ ਕਿ ਸੰਨ 1890 ਨੂੰ ਇਹ ਦਿਹਾੜਾ ਹੋਂਦ ਵਿੱਚ ਆਇਆ ਸੀ।ਉਹ ਇਸ ਲਈ ਕਿ ਮਜ਼ਦੂਰਾਂ ਨੂੰ , ਕਿਰਤੀਆਂ ਨੂੰ ਉਹਨਾਂ ਦੀ ਮਿਹਨਤ ਦਾ ਪੂਰਾ ਮੁੱਲ ਮਿਲ ਸਕੇ ਪੂਰਾ ਮਿਹਨਤਾਨਾ ਮਿਲ ਸਕੇ। ਉਹਨਾਂ ਦੇ ਹੱਕ ਉਹਨਾਂ ਨੂੰ ਮਿਲ ਸਕਣ ।ਜੋ ਉਹਨਾਂ ਨੂੰ ਨਹੀ ਮਿਲਦੇ ਸਨ ।ਕਾਰਪੋਰੇਟ ਘਰਾਣਿਆਂ ਵੱਲੋਂ ਇੰਨ੍ਹਾਂ ਦਾ ਰੱਜ ਕੇ ਸ਼ੋਸ਼ਣ ਕੀਤਾ ਜਾਂਦਾ ਸੀ ।ਇੰਨ੍ਹਾਂ ਮਜ਼ਦੂਰਾਂ ਕੋਲੋਂ 14-15 ਘੰਟੇ ਦਿਹਾੜੀ ਵਿੱਚ ਕੰਮ ਲਿਆ ਜਾਂਦਾ ਸੀ। ਇੰਨ੍ਹਾਂ ਕੰਮ ਲੈਣ ਦੇ ਬਾਵਜੂਦ ਵੀ ਇਹਨਾਂ ਦੀਆਂ ਲੋੜਾਂ ਦੀ ਪੂਰਤੀ ਨਹੀ ਹੁੰਦੀ ਸੀ ।ਸਾਰਾ ਫਾਇਦਾ ਮਾਲਕ ਲੈ ਜਾਂਦੇ ਸਨ ।ਇੰਨ੍ਹਾਂ ਕੋਲੋਂ ਬੜੀ ਹੀ ਘੱਟ ਉਜ਼ਰਤ ਤੇ ਕੰਮ ਲਿਆ ਜਾਂਦਾ ਸੀ।(ਜੋ ਅੱਜ ਵੀ ਜਾਰੀ ਹੈ) ਜੇ ਮਜ਼ਦੂਰ ਇਸ ਲਈ ਕੋਈ ਮੰਗ ਕਰਦੇ ਤਾਂ ਉਹਨਾਂ ਤੇ ਜ਼ੁਲਮ ਢਾਹੇ ਜਾਂਦੇ ਸਨ। ਮਾਰਿਆ ਕੁੱਟਿਆ ਜਾਂਦਾ ਸੀ। ਜੇਲਾਂ ਵਿੱਚ ਬੰਦ ਕਰ ਦਿੱਤਾ ਜਾਂਦਾ ਸੀ। ਕਈ ਤਰ੍ਹਾਂ ਦੇ ਕੇਸ ਦਰਜ ਕੀਤੇ ਜਾਂਦੇ ਸਨ ਜੋ ਉਹਨਾਂ ਨੂੰ ਜੇਲ੍ਹਾਂ ਵਿੱਚ ਸੜ੍ਹਦੇ ਰਹਿਣ ਲਈ ਬਹੁਤ ਹੁੰਦੇ ਸਨ।ਸੰਨ 1886 ਦੇ ਆਸ-ਪਾਸ ਕਾਰਲ-ਮਾਰਕਸ ਦੀ ਅਗਵਾਈ ਵਿੱਚ ਇੱਕ ਲਾਲ ਝੰਡੇ ਹੇਠ ਮਜ਼ਬੂਤ ਮਜ਼ਦੂਰ ਜਥੇਬੰਦੀ ਸਥਾਪਿਤ ਕੀਤੀ ਗਈ ।ਆਪਣੇ ਹੱਕਾਂ ਦੀ ਪੂਰਤੀ ਲਈ ਬਹੁਤ ਵੱਡਾ ਇੱਕਠ ਕੀਤਾ ਗਿਆ। ਜਿਸ ਵਿੱਚ ਲੱਖਾਂ ਮਜ਼ਦੂਰਾਂ ਨੇ ਸ਼ਿਰਕਤ ਕੀਤੀ ਗਈ। ਸਰਕਾਰ ਵੱਲੋਂ ਉਹਨਾਂ ਦੀਆਂ ਮੰਗਾਂ ਮੰਨ ਲਈਆਂ ਗਈਆਂ।ਮਈ 1, ਦੇ ਦਿਨ ਨੂੰ 'ਕੌਮਾਂਤਰੀ ਕਿਰਤੀ ਦਿਵਸ' ਵਜ਼ੋਂ ਮਨਾਇਆ ਗਿਆ। ਇਸੇ ਲਈ 1 ਮਈ ਨੂੰ 'ਮਜ਼ਦੂਰ ਦਿਵਸ' ਵਜ਼ੋਂ ਮਨਾਇਆ ਜਾਣ ਲੱਗਾ। ਸੰਨ 1947 ਨੂੰ ਭਾਰਤ ਦੇਸ਼ ਨੂੰ ਅੰਗਰੇਜ਼ਾਂ ਤੋਂ ਛੁਟਕਾਰਾ ਮਿਲਿਆ ਸੀ। ਦੇਸ਼ ਅਜ਼ਾਦ ਹੋ ਗਿਆ, ਪਰ ਕੀ ਦੇਸ਼ ਦੇ ਹਾਲਾਤ ਸੁਧਰੇ ਜਾਂ ਅੱਗੇ ਨਾਲੋਂ ਵੀ ਬਦਤਰ ਹੋ ਗਏ। ਦੇਸ਼ ਦੀ ਵੰਡ ਵੇਲੇ ਦੇਸ਼ ਦੀ ਸੱਤਾ ਸੰਭਾਲਣ ਵਾਲੇ ਆਗੂਆਂ ਨੇ ਜਨਤਾ ਨਾਲ ਕਈ ਵਾਅਦੇ ਕੀਤੇ ਜੋ ਵਫਾ ਨਾ ਹੋਏ ।ਉਹ ਵਾਅਦੇ ਸਨ ਕਿ ਕੋਈ ਅਨਪੜ੍ਹ ਨਹੀ ਰਹੇਗਾ ।ਪੂਰਾ ਦੇਸ਼ ਸਿਖਿਅੱਤ ਹੋਏਗਾ ।ਮੁੱਫਤ ਵਿੱਦਿਆ ਪ੍ਰਦਾਨ ਕੀਤੀ ਜਾਵੇਗੀ। ਪਰ ਤੁਸੀ ਵੇਖ ਲੋ ਸਰਕਾਰੀ ਸਕੂਲਾਂ ਦੇ ਹਾਲਾਤ ਕੋਈ ਵੀ ਆਪਣੇ ਬੱਚੇ ਨੂੰ ਸਰਕਾਰੀ ਸਕੂਲ 'ਚ ਪੜ੍ਹਾ ਕੇ ਰਾਜ਼ੀ ਨਹੀ ਹੈ ਤੇ ਗਰੀਬ ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਦੇ ਨਹੀ ਸਕਦੇ। ਇਸ ਲਈ ਉਹ ਪੜ੍ਹਾਈ ਤੋਂ ਵਾਂਝੇ ਰਹਿ ਗਏ। ਜਾਂ ਜ਼ਿਆਦਾ ਤੋਂ ਜ਼ਿਆਦਾ 10-12 ਪੜ੍ਹ ਲੈਣਗੇ। ਉੱਚ ਵਿੱਦਿਆਂ ਪ੍ਰਾਪਤ ਨਹੀ ਕਰ ਸਕਦੇ।

ਸ਼ਹਿਰਾਂ ਵਾਂਗ ਪਿੰਡਾਂ ਦੀ ਹਾਲਤ ਵੀ ਸੁਧਰੇਗੀ, ਪਰ ਅੱਜ ਵੀ ਕੁੱਝ ਇੱਕਾ ਦੁੱਕਾ ਪਿੰਡਾਂ ਨੂੰ ਛੱਡ ਕੇ ਸਭ ਤੋਂ ਪਹਿਲਾਂ ਰੂੜੀਆਂ ਸਵਾਗਤ ਕਰਦੀਆਂ ਹਨ। ਕਈ ਪਿੰਡਾਂ ਵਿੱਚ ਅਜ਼ਾਦੀ ਦੇ 77 ਸਾਲਾਂ ਬਾਦ ਵੀ ਅੱਜ ਤੱਕ ਬਿਜਲੀ ਨਹੀ ਪਹੁੰਚੀ। ਡਾਕਟਰੀ ਇਲਾਜ ਲੋਕਾਂ ਦੀ ਪਹੁੰਚ ਤੋਂ ਬਾਹਰ ਹਨ। ਕਾਨੂੰਨ ਸਭ ਲਈ ਬਰਾਬਰ ਨਹੀ ਹਨ। ਅਮੀਰ ਲਈ ਕਾਨੂੰਨ ਹੋਰ ਤੇ ਗਰੀਬ ਲਈ ਕਾਨੂੰਨ ਹੋਰ ਹੈ। ਗਰੀਬ ਲਈ ਕੋਈ ਇਨਸਾਫ ਨਹੀ ਹੈ। ਇੰਨ੍ਹਾਂ ਸਰਕਾਰਾਂ ਵੱਲੋਂ ਜੋ ਕੁੱਝ ਮਿਲ ਰਿਹਾ ਹੈ ਤਾਂ ਉਹ ਲੱਕ ਤੋੜਵੀਂ ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਗੁੰਡਾਗਰਦੀ, ਗੈਂਗਸਟਰ ਕਲਚਰ, ਲੁੱਟਾਂ-ਖੋਹਾਂ ਤੇ ਨਸ਼ਿਆ ਦੇ ਵੱਗਦੇ ਦਰਿਆਂ ਹਨ।ਇੰਨ੍ਹਾਂ ਨਾਲ ਦੇਸ਼ ਦਾ ਭਲਾ ਹੋਣ ਵਾਲਾ ਨਹੀ ਹੈ। ਇਹ ਅਪਰਾਧ, ਗੁਨਾਹ ਅਮਰ ਵੇਲ ਵਾਂਗ ਵੱਧ ਰਹੇ ਹਨ ।ਸਭ ਆਪੋ ਆਪਣੀਆਂ ਸਿਆਸਤੀ ਰੋਟੀਆਂ ਸੇਕਣ ਵਿੱਚ ਲੱਗੇ ਹੋਏ ਹਨ। ਪੜ੍ਹੇ ਲਿਖੇ ਨੌਜਵਾਨ ਲੜਕੇ ਲੜਕੀਆਂ ਲਈ ਨੌਕਰੀਆਂ ਨਹੀ ਹਨ ।ਅਨਪੜ੍ਹਾਂ ਲਈ ਕੋਈ ਕੰਮ-ਕਾਰ ਰੁਜ਼ਗਾਰ ਨਹੀ ਹੈ ।ਬਾਲ ਮਜ਼ਦੂਰੀ ਦਿਨੋ-ਦਿਨ ਵੱਧ ਰਹੀ ਹੈ। ਦੇਸ਼ ਵਿੱਚ ਜੋ ਬੱਚੇ ਬਾਲ ਮਜ਼ਦੂਰੀ ਕਰ ਰਹੇ ਹਨ, ਉਹਨਾਂ ਦੀ ਗਿਣਤੀ 6 ਕਰੋੜ ਦੇ ਆਸ-ਪਾਸ ਹੈ ।ਕਈ ਬੱਚੇ ਭੀਖ ਮੰਗਣ ਲਈ ਮਜ਼ਬੂਰ ਹਨ। ਕਈ ਕੂੜੇ ਦੇ ਢੇਰਾਂ ਵਿੱਚੋਂ ਜ਼ਿੰਦਗੀ ਤਲਾਸ਼ ਰਹੇ ਹਨ। ਭਾਵੇਂ ਬਾਲ-ਮਜ਼ਦੂਰੀ ਰੋਕਣ ਲਈ ਸਰਕਾਰ ਵੱਲੋਂ ਕਈ ਕਾਨੂੰਨ ਬਣਾਏ ਗਏ ਹਨ। ਇਸਦੇ ਬਾਵਜੂਦ ਕੋਈ ਰੋਕ ਨਹੀ ਲੱਗ ਰਹੀ। ਚੋਰ-ਮੋਰੀ ਰਾਹੀਂ ਸਭ ਕੁੱਝ ਚੱਲ ਰਿਹਾ ਹੈ।

ਪਿਛਲੇ ਸਾਲਾਂ ਦੌਰਾਨ ਇਹ ਖ਼ਬਰ ਸੀ ਕਿ 'ਕੇਂਦਰ ਸਰਕਾਰ ਵੱਲੋਂ ਬਾਲ ਮਜ਼ਦੂਰੀ ਦੀ ਸੂਚੀ ਵਿੱਚ ਸ਼ਾਮਿਲ 93 ਅਦਾਰਿਆਂ ਵਿੱਚੋਂ 90 ਅਦਾਰਿਆਂ ਨੂੰ ਬਾਹਰ ਕੱਢਣ ਦੀ ਤਿਆਰੀ' ਭਾਵ ਕਿ ਉਹਨਾਂ 90 ਅਦਾਰਿਆਂ ਵਿੱਚ ਬਾਲ ਮਜ਼ਦੂਰੀ ਜ਼ਾਇਜ ਹੋਵੇਗੀ। ਜ਼ਿਆਦਤਰ ਬੱਚੇ ਹੋਟਲਾਂ, ਢਾਬਿਆਂ, ਰੈਸਟੋਰੈਂਟਾਂ, ਦੁਕਾਨਾਂ ਤੇ ਤੁਰ ਫਿਰ ਕੇ ਸਮਾਨ ਵੇਚਣ ਵਾਲਿਆਂ ਕੋਲ ਕੰਮ ਕਰਦੇ ਹਨ ਤੇ ਸਰਕਾਰ ਇਹਨਾਂ ਨੂੰ ਹੀ ਮਾਨਤਾ ਦੇਣ ਦੀਆਂ ਗੱਲਾਂ ਕਰਦੀ ਪਈ ਹੈ। ਇਸ ਨਾਲ ਬਾਲ-ਮਜ਼ਦੂਰੀ ਘਟੇਗੀ ਜਾਂ ਵਧੇਗੀ ।ਕੀ ਇਹ ਸਭ ਜ਼ਾਇਜ ਹੈ ? ਇਸਦਾ ਕਈ ਜਥੇਬੰਦੀਆਂ ਨੇ ਵਿਰੋਧ ਵੀ ਕੀਤਾ ਸੀ। ਪਿਛਲੇ ਸਾਲਾਂ ਦੌਰਾਨ ਹੀ ਮਜ਼ਦੂਰ ਭਲਾਈ ਮਜ਼ਦੂਰ ਨਿਰਦੇਸ਼ਿਕ ਨੇ ਇੱਕ ਏਜੰਡਾ ਤਿਆਰ ਕਰਕੇ ਕਿਰਤ ਮੰਤਰੀ ਬੰਡਾਰੂ ਦੱਤਾਤਰੇਅ ਨੂੰ ਭੇਜਿਆ ਸੀ। ਜਿਸ ਵਿੱਚ ਇਹ ਸਭ ਸੀ ਕਿ ਘਰੇਲੂ ਨੌਕਰਾਂ ਨੂੰ ਘੱਟੋ-ਘੱਟ 9000 (ਨੌ ਹਜ਼ਾਰ) ਰੂਪੈ ਪ੍ਰਤੀ ਮਹੀਨਾ ਤਨਖਾਹ ਮਿਲਣੀ ਚਾਹੀਦੀ ਹੈ। ਜਿਸ ਵਿੱਚ ਘਰੇਲੂ ਸੇਵਕ ਔਰਤਾਂ ਨੂੰ 15 ਦਿਨ ਦੀ ਪੇਡ ਛੁੱਟੀ, ਪ੍ਰਸੂਤਾ ਛੁੱਟੀ ਤੇ ਹੋਰ ਸਾਰੀਆਂ ਸਹੂਲਤਾਂ ਪ੍ਰਦਾਨ ਹੋਣਗੀਆਂ। ਕੀ ਇਹ ਸਭ ਉਹਨਾਂ ਨੂੰ ਮਿਲ ਰਿਹਾ ਹੈ ਜਾਂ ਇਹ ਸਿਰਫ਼ ਖਾਨਪੂਰਤੀ ਕਾਗਜ਼ਾਂ ਤੱਕ ਹੀ ਸੀਮਿਤ ਹੋ ਕੇ ਰਹਿ ਗਈ। ਇੱਥੇ ਤਾਂ ਪੜ੍ਹੇ ਲਿਖੇ ਮੁੰਡੇ ਕੁੜੀਆਂ ਨੂੰ 8000 ਜਾਂ 8200 ਸੌ ਰੁਪਿਆ ਮਿਲਦਾ ਹੈ। ਜਿੰਨ੍ਹਾਂ ਨੂੰ ਕਿ ਘੱਟੋ-ਘੱਟ ਸਟਾਰਿੰਗ 15000 ਰੂਪੈ ਪ੍ਰਤੀ ਮਹੀਨਾ ਮਿਲਣਾ ਚਾਹੀਦਾ ਹੈ।

ਅੱਜ ਵੀ ਸਰਕਾਰਾਂ ਵੱਲੋਂ ਕਾਰਪੋਰੇਟ ਘਰਾਣਿਆਂ ਦਾ ਪੱਖ ਪੂਰਿਆਂ ਜਾਂਦਾ ਹੈ। ਉਹਨਾਂ ਦੇ ਲੱਖਾਂ ਹਜ਼ਾਰਾਂ ਕਰੋੜਾਂ ਦੇ ਕਰਜੇ ਮੁਆਫ ਕਰ ਦਿੱਤੇ ਜਾਂਦੇ ਹਨ ਤੇ ਗਰੀਬ ਮਜ਼ਦੂਰਾਂ, ਕਿਸਾਨਾਂ ਦੇ ਹਜ਼ਾਰਾ ਤੱਕ ਦੇ ਕਰਜ਼ੇ ਜਬਰਦਸਤੀ ਵਸੂਲੇ ਜਾਦੇ ਹਨ। ਨਾ ਦੇ ਸਕਣ ਵਾਲੇ ਮਜ਼ਦੂਰ ਕਿਸਾਨ ਖੁਦਕੁਸ਼ੀ ਕਰ ਜਾਂਦੇ ਹਨ। ਇਹ ਗੱਲ ਸਾਫ ਹੈ ਕਿ ਸਰਕਾਰਾਂ ਗਰੀਬਾਂ ਮਜ਼ਦੂਰਾਂ ਪ੍ਰਤੀ ਸੰਜੀਦਾ ਨਹੀ ਹਨ। ਇਹ ਲੋਕਾਂ ਨੂੰ ਮੁਫਤ ਵਿੱਦਿਆ ਨਹੀ ਦੇਣਗੇ,ਕਿਉਂਕਿ ਪੜ੍ਹ ਲਿਖ ਕੇ ਜਨਤਾ ਇਹਨਾਂ ਨੂੰ ਸੁਆਲ ਕਰੇਗੀ, ਆਪਣੇ ਹੱਕ ਮੰਗੇਗੀ। ਨਾ ਮਿਲਣ ਤੇ ਸੰਘਰਸ਼ ਦਾ ਰਾਹ ਫੜ੍ਹਨਗੇ। ਜੋ ਇਹ ਨਹੀ ਚਾਹੁੰਦੇ ।ਮੁਫਤ ਡਾਕਟਰੀ ਸਹੂਲਤ ਨਹੀ ਦੇਣਗੇ। ਤਾਂ ਜੋ ਲੋਕ ਤੰਦਰੁਸਤ ਰਹਿ ਕੇ ਆਪਣੇ ਬਾਰੇ ਸੋਚਣਗੇ। ਜੇ ਬੀਮਾਰ ਰਹਿਣਗੇ ਤਾਂ ਉਹਨਾਂ ਨੂੰ ਚਿੰਤਾ ਲੱਗੀ ਰਹੇਗੀ। ਉਹ ਇੰਨ੍ਹਾਂ ਲੋਕਾਂ ਦੇ ਵਾਸਤੇ ਪਾਉਂਦੇ, ਤਰਲੇ ਪਾਉਂਦੇ ਇੰਨਾਂ ਦੇ ਅੱਗੇ ਪਿੱਛੇ ਹੱਥ ਜੋੜਦੇ ਫਿਰਨਗੇ। ਇਹ ਸਰਕਾਰਾਂ ਲੋਕਾਂ ਨੂੰ ਲਾਰੇ ਲਾ ਕੇ, ਝੂਠੇ ਸਬਜ਼ ਬਾਗ ਦਿਖਾ ਕੇ ਵੋਟਾਂ ਲੈ ਕੇ ਸੱਤਾ ਹਾਸਲ ਕਰਦੇ ਹਨ ਤੇ ਫਿਰ ਪੰਜ ਸਾਲ ਲਈ ਗਾਇਬ ਹੋ ਜਾਂਦੇ ਹਨ ਤੇ ਜਨਤਾ ਇਹਨਾਂ ਦੇ ਜ਼ੁਲਮਾਂ ਦਾ ਸ਼ਿਕਾਰ ਹੁੰਦੀ ਰਹਿੰਦੀ ਹੈ।

ਇਹ ਸਰਕਾਰਾਂ ਗਰੀਬ ਨੂੰ ਦੋ ਵਕਤ ਦੀ ਰੋਟੀ ਵਿੱਚ ਹੀ ਉਲਝਾਈ ਰੱਖਣਾ ਚਾਹੁੰਦੀਆਂ ਹਨ। ਉਹ ਚਾਹੁੰਦੀਆਂ ਹਨ ਕਿ ਇਹ ਗਰੀਬ ਲੋਕ, ਮਜ਼ਦੂਰ ਲੋਕ ਦੋ ਵਕਤ ਦੀ ਰੋਟੀ ਲਈ ਵੀ ਸਾਡੇ ਤਰਲੇ ਪਾਉਂਦੇ ਰਹਿਣ। ਅੱਜ ਵੀ ਪੂੰਜੀਪਤੀਆਂ ਦੇ ਹੱਕ ਵਿੱਚ ਸਰਕਾਰਾਂ ਖੜ੍ਹੀਆਂ ਹਨ। ਛੋਟੇ ਉਦਯੋਗਾਂ ਨੂੰ ਖਤਮ ਕਰਕੇ ਵੱਡੇ ਵਪਾਰੀਆਂ ਦਾ ਪੱਖ ਪੂਰ ਰਹੇ ਹਨ। ਕਿਉਂਕਿ ਉਹਨਾਂ ਵਿੱਚ ਇੰਨ੍ਹਾਂ ਦੀ ਸਿੱਧੇ ਜਾਂ ਅਸਿੱਧੇ ਤੌਰ ਤੇ ਹਿੱਸਾ ਪੱਤੀ ਹੁੰਦੀ ਹੈ ।ਮਜ਼ਦੂਰਾਂ ਬਾਰੇ ਕੋਈ ਨਹੀ ਸੋਚਦਾ ਤੇ ਨਾ ਹੀ ਅਗਾਂਹ ਕਿਸੇ ਨੇ ਸੋਚਣਾ ਹੈ। ਆਪਣੇ ਹੱਕਾਂ ਦੀ ਪੂਰਤੀ ਲਈ ਸਾਨੂੰ ਆਪਣੇ ਪੈਰਾਂ ਤੇ ਆਪ ਹੀ ਖੜ੍ਹੇ ਹੋਣਾ ਪੈਣਾ ਹੈ ।ਇਹ ਲੋਕਤੰਤਰ ਹੈ ।ਇਹਨਾਂ ਤੋਂ ਹੱਕ ਲੈਣੇ ਹਨ ਤਾਂ ਸਭ ਤੋਂ ਪਹਿਲਾਂ ਸਿੱਖਿਅਤ ਹੋਣਾ ਜਰੂਰੀ ਹੈ। ਆਪਣੀ ਵੋਟ ਦਾ ਸਹੀ ਇਸਤੇਮਾਲ ਕਰਕੇ ਸਹੀ ਨੇਤਾ ਦੀ ਚੋਣ ਕਰੋ ਜੋ ਤੁਹਾਡੀ ਗੱਲ, ਤੁਹਾਡੀ ਮੰਗ, ਤੁਹਾਡੇ ਹੱਕ ਦੀ ਗੱਲ ਕਰਨਯੋਗ ਹੋਵੇ। ਸੋ ਆਉ ਇਸ ਮਈ ਦਿਵਸ ਤੇ ਇਹ ਪ੍ਰਣ ਕਰੀਏ ਕਿ ਆਪਣੇ ਹੱਕ ਲੈਣ ਲਈ ਇੱਕ ਝੰਡੇ ਥੱਲੇ ਇੱਕਠੇ ਹੋਈਏ, ਜਥੇਬੰਦ ਹੋਈਏ ਤੇ ਇੰਨ੍ਹਾਂ ਟੋਲਿਆਂ ਤੋਂ ਆਪਣੇ ਹੱਕ ਲੈ ਸਕੀਏ, ਕਿਉਂਕਿ ਹੱਕ ਮੰਗਿਆਂ ਨਈ ਮਿਲਦੇ ਉਹ ਤਾਂ------।

**-ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ:ਚੱਬਾ, ਤਰਨਤਾਰਨ ਰੋਡ, ਅੰਮ੍ਰਿਤਸਰ-143022**

ਆਵਾਜ਼ਿ ਕੌਮ AWAZE QAUM International Newspaper & WEB TV